ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 40 Chief Editor : Chowdhary Prabhjit Singh, Editor : Chhatarpal Singh 98146-32807, Friday 24 July 2026 Price : 2 Rs. Page : 6



Designer & Customized WEDDING CARDS & BOXES
Shagun Envelopes & Saha Chithi
More Than 500 Designs of Wedding Cards & Boxes
More info Call us or Whatsapp: +91-988881 88887, 988882 88887
weddingsea@gmail.com
SEA DESIGN COMPANY

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887


## ਸੰਸਦ ਬਾਹਰ 'ਅਸਤੀਫ਼ਾ ਦੋ' ਬਨਾਮ ਵੰਦੇ ਮਾਤਰਮ ਦੇ ਲੱਗੇ ਨਾਅਰੇ



ਨਵੀਂ ਦਿੱਲੀ, 23 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਸੀਜੇਪੀ ਦੇ ਚੱਲ ਰਹੇ ਅੰਦੋਲਨ ਨੂੰ ਲੈ ਕੇ ਤਣਾਅ ਵਧਣ ਕਾਰਨ ਸੱਤਾਧਾਰੀ ਐੱਨਡੀਏ ਅਤੇ ਵਿਰੋਧੀ ਇੰਡੀਆ ਬਲਾਕ ਦੋਵਾਂ ਦੇ ਸੰਸਦ ਮੈਂਬਰ ਅੱਜ ਸੰਸਦ ਦੇ ਬਾਹਰ ਪੇਪਰ ਲੀਕ ਦੇ ਮੁੱਦੇ 'ਤੇ ਆਹਮੋ-ਸਾਹਮਣੇ ਹੋ ਗਏ। ਦੋਵਾਂ ਪਾਸਿਆਂ ਨੇ ਇੱਕ ਦੂਜੇ ਨੂੰ ਨਿੰਦਣ ਲਈ ਵਿਰੋਧੀ ਨਾਅਰੇ ਬਾਜ਼ੀ ਕੀਤੀ। ਜਦੋਂ ਕਿ ਕਾਂਗਰਸ ਦੀ ਅਗਵਾਈ ਵਾਲੇ ਬਲਾਕ ਨੇ ਅਸਤੀਫ਼ਾ ਦੋ ਅਸਤੀਫ਼ਾ ਦੋ, ਮੋਦੀ ਸਰਕਾਰ ਸ਼ਰਮ ਕਰੋ ਸ਼ਰਮ ਕਰੋ ਦੇ ਨਾਅਰੇ ਲਗਾ ਕੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕੀਤੀ, ਤਾਂ ਐੱਨਡੀਏ ਵਾਲੇ ਪਾਸਿਓਂ ਇਸ ਦੇ ਜਵਾਬ ਵਿੱਚ ਵੰਦੇ ਮਾਤਰਮ ਅਤੇ ਭਾਰਤ ਮਾਤਾ ਕੀ ਜੈ ਦੇ ਨਾਅਰੇ ਲਗਾਏ ਗਏ। ਕਾਂਗਰਸ ਵਾਲੇ ਪਾਸੇ ਦੀ ਪ੍ਰਤੀਨਿਧਤਾ ਕੁਮਾਰੀ ਸ਼ੈਲਜਾ, ਗੁਰਜੀਤ ਔਜਲਾ, ਜੋਤਿਮਣੀ, ਜੇਬੀ ਮੈਥਰ ਅਤੇ ਹੋਰ ਸਮੇਤ ਸੀਨੀਅਰ ਸੰਸਦ ਮੈਂਬਰਾਂ ਨੇ ਕੀਤੀ। ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਦੀ ਅਗਵਾਈ ਕਾਂਗਰਸ ਸੰਸਦੀ ਪਾਰਟੀ ਦੀ ਚੇਅਰਪਰਸਨ ਸੋਨੀਆ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਨੇ ਕੀਤੀ। ਉਨ੍ਹਾਂ ਨੇ ਪ੍ਰਧਾਨ ਨੂੰ ਬਰਖਾਸਤ ਕਰੋ ਦੇ ਬੈਨਰ ਚੁੱਕੇ ਹੋਏ ਸਨ ਜਿਨ੍ਹਾਂ ਨੇ ਸੰਸਦ ਵਿੱਚ ਇੱਕ ਹੋਰ ਤਣਾਅਪੂਰਨ ਦਿਨ ਲਈ ਮਾਹੌਲ ਤਿਆਰ ਕੀਤਾ।

## ਹਾਈ ਕੋਰਟ ਨੇ 'ਸੰਸਦ ਚਲੋ' ਪ੍ਰਦਰਸ਼ਨ ਦੀ NIA ਜਾਂਚ ਬਾਰੇ ਪਟੀਸ਼ਨ 'ਤੇ ਸੁਣਵਾਈ ਲਈ ਸਹਿਮਤੀ ਦਿੱਤੀ

ਨਵੀਂ ਦਿੱਲੀ, 23 ਜੁਲਾਈ
-ਚੌਧਰੀ ਪ੍ਰਭਜੀਤ ਸਿੰਘ-

ਦਿੱਲੀ ਹਾਈ ਕੋਰਟ ਨੇ ਵੀਰਵਾਰ ਨੂੰ ਕਥਿਤ ਨੀਟ ਪੇਪਰ ਲੀਕ ਨੂੰ ਲੈ ਕੇ 'ਸੰਸਦ ਚਲੋ' ਪ੍ਰਦਰਸ਼ਨ ਦੀ ਕੌਮੀ ਜਾਂਚ ਏਜੰਸੀ (ਐਨਆਈਏ) ਤੋਂ ਜਾਂਚ ਦੀ ਮੰਗ ਕਰਨ ਵਾਲੀ ਇੱਕ ਜਨਹਿਤ ਪਟੀਸ਼ਨ 'ਤੇ ਸ਼ੁੱਕਰਵਾਰ ਨੂੰ ਸੁਣਵਾਈ ਕਰਨ ਲਈ ਐਮਰਜੈਂਸੀ ਤੌਰ 'ਤੇ ਸਹਿਮਤੀ ਦੇ ਦਿੱਤੀ ਹੈ, ਜਿਸ ਵਿੱਚ ਪਟੀਸ਼ਨਰ ਨੇ ਦੋਸ਼ ਲਾਇਆ ਹੈ ਕਿ ਇਹ ਪ੍ਰਦਰਸ਼ਨ ਵਿਦੇਸ਼ੀ ਫੰਡ ਪ੍ਰਾਪਤ ਸੰਸਥਾਵਾਂ ਅਤੇ ਰਾਜਕੀ ਅਦਾਕਾਰਾਂ ਨਾਲ ਜੁੜੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਸੀ।

ਇਸ ਪਟੀਸ਼ਨ ਨੂੰ ਚੀਫ਼ ਜਸਟਿਸ ਡੀਕੇ ਉਪਾਧਿਆਏ ਅਤੇ ਜਸਟਿਸ ਤੇਜਸ ਕਾਰੀਆ ਦੇ ਡਿਵੀਜ਼ਨ ਬੈਂਚ ਦੇ ਸਾਹਮਣੇ ਵਕੀਲ ਬਰੁਣ ਕੁਮਾਰ ਸਿਨਹਾ ਵੱਲੋਂ ਪੇਸ਼ ਕੀਤਾ ਗਿਆ, ਜਿਨ੍ਹਾਂ ਨੇ ਤੁਰੰਤ ਸੂਚੀਬੱਧ ਕਰਨ ਦੀ ਮੰਗ ਕੀਤੀ, ਇਹ ਦਾਵਾ ਕਰਦਿਆਂ ਕਿ ਪ੍ਰਦਰਸ਼ਨ ਨੇ ਰਾਸ਼ਟਰੀ ਰਾਜਧਾਨੀ ਵਿੱਚ ਆਮ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ।

ਸਿਨਹਾ ਨੇ ਦਲੀਲ ਦਿੱਤੀ ਕਿ ਇਸ ਅੰਦੋਲਨ ਨੂੰ, ਜਿਸਨੂੰ ਵਿਦਿਆਰਥੀਆਂ ਦੇ ਪ੍ਰਦਰਸ਼ਨ ਵਜੋਂ ਪੇਸ਼ ਕੀਤਾ ਗਿਆ ਸੀ, ਨੇ ਦਿੱਲੀ ਦੇ ਵੱਡੇ ਹਿੱਸਿਆਂ ਨੂੰ ਠੱਪ ਕਰ ਦਿੱਤਾ, ਜਿਸ ਵਿੱਚ ਮੁੱਖ ਸੜਕਾਂ ਜਾਮ ਰਹੀਆਂ ਅਤੇ ਯਾਤਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਬੇਨਤੀ ਨੂੰ ਸਵੀਕਾਰ ਕਰਦਿਆਂ, ਬੈਂਚ ਨੇ ਹੁਕਮ ਦਿੱਤਾ ਕਿ ਇਸ ਮਾਮਲੇ ਨੂੰ ਸ਼ੁੱਕਰਵਾਰ ਨੂੰ ਸੁਣਵਾਈ ਲਈ ਸੂਚੀਬੱਧ ਕੀਤਾ ਜਾਵੇ।




ਪਟੀਸ਼ਨ ਦੇ ਅਨੁਸਾਰ ਇਹ ਪ੍ਰਦਰਸ਼ਨ, ਜੋ ਸ਼ੁਰੂ ਵਿੱਚ ਕਥਿਤ ਨੀਟ ਪੇਪਰ ਲੀਕ 'ਤੇ ਕੇਂਦਰਿਤ ਸੀ, ਬਾਅਦ ਵਿੱਚ ਕਈ ਰਾਜਨੀਤਿਕ ਪਾਰਟੀਆਂ ਦੇ ਨੇਤਾਵਾਂ ਦੀ ਸ਼ਮੂਲੀਅਤ ਤੋਂ ਬਾਅਦ ਇੱਕ ਰਾਜਨੀਤਿਕ ਰੂਪ ਧਾਰਨ ਕਰ ਗਿਆ।

ਇਸ ਵਿੱਚ ਦੋਸ਼ ਲਾਇਆ ਗਿਆ ਹੈ ਕਿ 20 ਜੁਲਾਈ ਦੇ ਮਾਰਚ ਦੇ ਨਤੀਜੇ ਵਜੋਂ ਹਿੰਸਾ, ਜਨਤਕ ਆਵਾਜਾਈ ਵਿੱਚ ਵਿਘਨ, ਪੱਤਰਕਾਰਾਂ 'ਤੇ ਹਮਲੇ, ਜਨਤਕ ਅਤੇ ਨਿੱਜੀ ਜਾਇਦਾਦ ਨੂੰ ਨੁਕਸਾਨ, ਸੰਸਦ ਦੀ ਸੁਰੱਖਿਆ ਨੂੰ ਤੋੜਨ ਦੀਆਂ ਕੋਸ਼ਿਸ਼ਾਂ ਅਤੇ ਪੁਲਿਸ ਕਰਮਚਾਰੀਆਂ ਦੇ ਜ਼ਖਮੀ ਹੋਣ ਵਰਗੀਆਂ ਘਟਨਾਵਾਂ ਸਾਹਮਣੇ ਆਈਆਂ। ਇਨ੍ਹਾਂ ਦੋਸ਼ਾਂ ਦੇ ਮੱਦੇਨਜ਼ਰ ਪਟੀਸ਼ਨਰ ਨੇ ਪ੍ਰਦਰਸ਼ਨਕਾਰੀਆਂ, ਪ੍ਰਬੰਧਕਾਂ ਅਤੇ ਕਿਸੇ ਵੀ ਕਥਿਤ ਬਾਹਰੀ ਪ੍ਰਭਾਵ ਦੀ ਭੂਮਿਕਾ ਦੀ ਸੁਤੰਤਰ ਜਾਂਚ ਦੀ ਮੰਗ ਕੀਤੀ ਹੈ।

ਪਟੀਸ਼ਨ ਵਿੱਚ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਦੀ ਸ਼ਮੂਲੀਅਤ ਦਾ ਵੀ ਹਵਾਲਾ ਦਿੱਤਾ ਗਿਆ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਵਿਦੇਸ਼ੀ ਸੰਸਥਾਵਾਂ ਨਾਲ ਉਨ੍ਹਾਂ ਦੇ ਕਥਿਤ ਸਬੰਧਾਂ ਬਾਰੇ ਜਨਤਕ ਤੌਰ 'ਤੇ ਉਪਲਬਧ ਸਮੱਗਰੀ ਦੀ ਜਾਂਚ ਏਜੰਸੀਆਂ ਦੁਆਰਾ ਜਾਂਚ ਕੀਤੀ ਜਾਣੀ ਚਾਹੀਦੀ ਹੈ। ਇਸ ਵਿੱਚ ਅੱਗੇ ਦੋਸ਼ ਲਾਇਆ ਗਿਆ ਹੈ ਕਿ ਪ੍ਰਦਰਸ਼ਨ ਨਾਲ ਜੁੜੇ ਵਿਆਪਕ ਨੈੱਟਵਰਕ ਦੀ ਜਾਂਚ ਕਰਦੇ ਸਮੇਂ ਉਨ੍ਹਾਂ ਦੀਆਂ ਸੰਸਥਾਗਤ ਐਸੋਸੀਏਸ਼ਨਾਂ ਅਤੇ ਫੰਡਿੰਗ ਸਰੋਤਾਂ ਦੀ ਪੜਤਾਲ ਕੀਤੀ ਜਾਣੀ ਚਾਹੀਦੀ ਹੈ। ਇਹ ਦਾਅਵਾ ਕਰਦਿਆਂ ਕਿ ਇਹ ਅੰਦੋਲਨ ਕੋਈ ਅਸਲੀ ਵਿਦਿਆਰਥੀ ਅੰਦੋਲਨ ਨਹੀਂ ਸੀ, ਪਟੀਸ਼ਨਰ ਨੇ ਦੋਸ਼ ਲਾਇਆ ਕਿ ਇਹ ਵੱਡੇ ਏਜੰਡੇ ਲਈ ਜਨਤਕ ਅਸ਼ਾਂਤੀ ਦਾ ਫਾਇਦਾ ਉਠਾਉਣ ਲਈ ਭਾਰਤ-ਵਿਰੋਧੀ ਅਤੇ ਵਿਦੇਸ਼ੀ ਸਮਰਥਿਤ ਤੱਤਾਂ ਦੁਆਰਾ ਇੱਕ ਤਾਲਮੇਲ ਵਾਲੀ ਕੋਸ਼ਿਸ਼ ਜਾਪਦਾ ਹੈ।

ਪਟੀਸ਼ਨ ਵਿੱਚ ਲੇਖਿਕਾ ਅਰੁੰਧਤੀ ਰਾਏ ਦਾ ਨਾਮ ਵੀ ਸ਼ਾਮਲ ਹੈ, ਜਿਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਕਸ਼ਮੀਰ ਬਾਰੇ ਉਨ੍ਹਾਂ ਦੇ ਪਿਛਲੇ ਜਨਤਕ ਬਿਆਨਾਂ ਦੀ ਰੌਸ਼ਨੀ ਵਿੱਚ ਪ੍ਰਦਰਸ਼ਨ ਦੇ ਪਿੱਛੇ ਦੇ ਉਦੇਸ਼ਾਂ ਬਾਰੇ ਸਵਾਲ ਖੜ੍ਹੇ ਹੁੰਦੇ ਹਨ। ਇਸ ਤੋਂ ਇਲਾਵਾ, ਇਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸੰਜੇ ਸਿੰਘ, ਆਤਿਸ਼ੀ, ਡੰਪਲ ਯਾਦਵ, ਧਰਮਿੰਦਰ ਯਾਦਵ ਅਤੇ ਚੰਦਰ ਸ਼ੇਖਰ ਆਜ਼ਾਦ ਸਮੇਤ ਕਈ ਰਾਜਨੀਤਿਕ ਨੇਤਾਵਾਂ ਨੇ ਪ੍ਰਦਰਸ਼ਨ ਨੂੰ ਆਪਣੇ ਹੱਥਾਂ ਵਿੱਚ ਲੈ ਲਿਆ ਅਤੇ ਅੰਦੋਲਨ ਦੇ ਰੁਖ ਨੂੰ ਪ੍ਰਭਾਵਿਤ ਕੀਤਾ। ਇਹ ਦਾਡਵਾ ਕੀਤਾ ਗਿਆ ਹੈ ਕਿ ਉਨ੍ਹਾਂ ਨੇ ਆਪਣੇ ਸਮਰਥਕਾਂ ਸਮੇਤ ਪ੍ਰਦਰਸ਼ਨਕਾਰੀਆਂ ਨੂੰ ਹਿੰਸਾ ਕਰਨ ਅਤੇ ਸੰਸਦ ਦੇ ਅਹਾਤੇ ਨੂੰ ਤੋੜਨ ਦੀ ਕੋਸ਼ਿਸ਼ ਕਰਨ ਲਈ ਭੜਕਾਇਆ।

ਇਹ ਦਲੀਲ ਦਿੰਦਿਆਂ ਕਿ ਇਹ ਘਟਨਾ ਆਮ ਕਾਨੂੰਨ ਅਤੇ ਵਿਵਸਥਾ ਦੇ ਮੁੱਦੇ ਤੋਂ ਪਰੇ ਹੈ, ਪਟੀਸ਼ਨਰ ਨੇ ਦਲੀਲ ਦਿੱਤੀ ਕਿ ਸੰਸਦ ਵਿੱਚ ਦਾਖਲ ਹੋਣ ਦੀ ਕਥਿਤ ਕੋਸ਼ਿਸ਼ ਅਤੇ ਸੰਗਠਿਤ ਜਾਂ ਬਾਹਰੀ ਸ਼ਮੂਲੀਅਤ ਦੀ ਸੰਭਾਵਨਾ ਇੱਕ ਵਿਸ਼ੇਸ਼ ਰਾਸ਼ਟਰੀ ਸੁਰੱਖਿਆ ਏਜੰਸੀ ਦੁਆਰਾ ਜਾਂਚ ਨੂੰ ਜਾਇਜ਼ ਬਾਹਰ ਕਰਦੀ ਹੈ। ਜਨਹਿਤ ਪਟੀਸ਼ਨ ਵਿੱਚ 20 ਜੁਲਾਈ ਦੇ ਪ੍ਰਦਰਸ਼ਨ ਨਾਲ ਸਬੰਧਤ ਸਾਰੀਆਂ ਜਾਂਚਾਂ ਨੂੰ ਦਿੱਲੀ ਪੁਲੀਸ ਤੋਂ ਐਨਆਈਏ ਜਾਂ ਕਿਸੇ ਹੋਰ ਵਿਸ਼ੇਸ਼ ਏਜੰਸੀ ਨੂੰ ਤਬਦੀਲ ਕਰਨ ਦੀ ਮੰਗ ਕੀਤੀ ਗਈ ਹੈ। ਇਸ ਨੇ ਇਸ ਘਟਨਾ ਨਾਲ ਜੁੜੀਆਂ ਸਾਰੀਆਂ ਐੱਫਆਈਆਰਜ਼ ਦੇ ਇਕਸਾਰੀਕਰਨ ਅਤੇ ਹਿੰਸਾ, ਭੰਨਤੋੜ, ਐਮਰਜੈਂਸੀ ਸੇਵਾਵਾਂ ਵਿੱਚ ਰੁਕਾਵਟ ਅਤੇ ਜਨਤਕ ਤੇ ਨਿੱਜੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਵਿੱਚ ਕਥਿਤ ਤੌਰ 'ਤੇ ਸ਼ਾਮਲ ਲੋਕਾਂ ਦੀ ਪਛਾਣ ਅਤੇ ਮੁਕੱਦਮਾ ਚਲਾਉਣ ਨੂੰ ਯਕੀਨੀ ਬਣਾਉਣ ਲਈ ਨਿਰਦੇਸ਼ ਵੀ ਮੰਗੇ ਹਨ।

## ਪੇਪਰ ਲੀਕ ਮਾਮਲੇ 'ਚ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਲਈ ਬਣਨਗੀਆਂ ਫਾਸਟ ਟਰੈਕ ਕੋਰਟਾਂ : ਮੋਦੀ

ਨਵੀਂ ਦਿੱਲੀ, 23 ਜੁਲਾਈ
-ਚੌਧਰੀ ਪ੍ਰਭਜੀਤ ਸਿੰਘ--

ਦਿੱਲੀ ਵਿੱਚ ਸੀਜੇਪੀ ਦੇ ਚੱਲ ਰਹੇ ਪ੍ਰਦਰਸ਼ਨਾਂ ਅਤੇ ਦੇਸ਼ ਭਰ ਵਿੱਚ ਵਿਦਿਆਰਥੀਆਂ ਦੇ ਰੋਹ ਵਿਚਕਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੇਪਰ ਲੀਕ ਦੇ ਮੁੱਦੇ 'ਤੇ ਆਪਣੀ ਪਹਿਲੀ ਪ੍ਰਤੀਕਿਰਿਆ ਦਿੰਦਿਆਂ ਇੱਕ ਵੱਡਾ ਫੈਸਲਾ ਲਿਆ ਹੈ। ਪ੍ਰਧਾਨ ਮੰਤਰੀ ਨੇ ਸਾਫ਼ ਸ਼ਬਦਾਂ ਵਿੱਚ ਆਖਿਆ ਹੈ ਕਿ ਦੇਸ਼ ਦੇ ਨੌਜਵਾਨਾਂ ਦਾ ਭਵਿੱਖ ਅਤੇ ਉਨ੍ਹਾਂ ਦਾ ਹਿੱਤ ਸਰਵਉੱਚ ਤਰਜੀਹ ਹੈ ਅਤੇ ਇਸ ਨਾਲ ਖਿਲਵਾੜ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ।



ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਹੈ ਕਿ ਪੇਪਰ ਲੀਕ ਦੇ ਸਾਰੇ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਅਤੇ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਫਾਸਟ ਟਰੈਕ ਕੋਰਟਾਂ ਦਾ ਗਠਨ ਕੀਤਾ ਜਾਵੇਗਾ। ਇਸ ਸਬੰਧ ਵਿੱਚ ਸਬੰਧਤ ਅਧਿਕਾਰੀਆਂ ਅਤੇ ਵਿਭਾਗਾਂ ਨੂੰ ਲੋੜੀਂਦੇ ਕਦਮ ਚੁੱਕਣ ਦੇ ਸਖ਼ਤ ਨਿਰਦੇਸ਼ ਦੇ ਦਿੱਤੇ ਗਏ ਹਨ। ਸਰਕਾਰ ਵੱਲੋਂ ਵਿਦਿਆਰਥੀਆਂ ਦੇ ਹਿੱਤਾਂ ਦੀ ਸੁਰੱਖਿਆ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਵਿੱਚ ਇਸਨੂੰ ਇੱਕ ਬਹੁਤ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

## ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ 4056 ਮਹਿਲਾਵਾਂ ਨੂੰ 1.70 ਕਰੋੜ ਦੀ ਵਿੱਤੀ ਸਹਾਇਤਾ : ਡਾ. ਬਲਜੀਤ ਕੌਰ

ਚੰਡੀਗੜ੍ਹ, 23 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਅਤੇ ਮਾਤਾ-ਬੱਚਾ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਲੋਕ-ਹਿਤੈਸ਼ੀ ਕਦਮ ਚੁੱਕੇ ਜਾ ਰਹੇ ਹਨ। ਇਸੇ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਚਾਲੂ ਵਿੱਤੀ ਸਾਲ ਦੌਰਾਨ ਹੁਣ ਤੱਕ 1.70 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਪਹਿਲੇ ਬੱਚੇ ਦੇ ਜਨਮ 'ਤੇ ਲਾਭਪਾਤਰੀ ਔਰਤਾਂ ਨੂੰ 5000 ਰੁਪਏ ਦੀ ਮਾਲੀ ਸਹਾਇਤਾ ਦਿੱਤੀ ਜਾਂਦੀ ਹੈ। ਇਹ ਰਕਮ ਦੋ ਕਿਸ਼ਤਾਂ ਵਿੱਚ ਅਦਾ



ਕੀਤੀ ਜਾਂਦੀ ਹੈ, ਜਿਸ ਵਿੱਚ ਪਹਿਲੀ ਕਿਸ਼ਤ 3000 ਰੁਪਏ ਅਤੇ ਦੂਜੀ ਕਿਸ਼ਤ 2000 ਰੁਪਏ ਦੀ ਹੁੰਦੀ ਹੈ।

ਉਨ੍ਹਾਂ ਦੱਸਿਆ ਕਿ ਦੂਜੇ ਬੱਚੇ ਦੇ ਜਨਮ 'ਤੇ, ਜੇਕਰ ਦੂਜਾ ਬੱਚਾ ਲੜਕੀ ਹੋਵੇ, ਤਾਂ ਸਰਕਾਰ ਵੱਲੋਂ 6000 ਰੁਪਏ ਦੀ ਮਾਲੀ ਸਹਾਇਤਾ ਇੱਕ ਹੀ ਕਿਸ਼ਤ ਵਿੱਚ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਸਾਰੀ ਰਕਮ ਲਾਭਪਾਤਰੀ ਔਰਤਾਂ ਦੇ ਖਾਤਿਆਂ ਵਿੱਚ ਡਾਇਰੈਕਟ ਬੈਨਿਫਿਟ ਟ੍ਰਾਂਸਫਰ (ਡੀ.ਬੀ.ਟੀ.) ਰਾਹੀਂ ਭੇਜੀ ਜਾਂਦੀ ਹੈ, ਜਿਸ ਨਾਲ ਪਾਰਦਰਸ਼ਤਾ ਅਤੇ ਸਮੇਂ-ਸਿਰ ਮਦਦ ਯਕੀਨੀ ਬਣਾਈ ਜਾ ਰਹੀ ਹੈ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੌਜੂਦਾ ਵਿੱਤੀ ਸਾਲ ਦੌਰਾਨ ਹੁਣ ਤੱਕ 4056 ਗਰਭਵਤੀ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ 36,154 ਲਾਭਪਾਤਰੀ ਔਰਤਾਂ ਨੂੰ ਇਸ ਸਕੀਮ ਅਧੀਨ ਰਜਿਸਟਰਡ ਕੀਤਾ ਜਾ ਚੁੱਕਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਯੋਜਨਾ ਸਿਰਫ ਵਿੱਤੀ ਸਹਾਇਤਾ ਤੱਕ ਸੀਮਿਤ ਨਹੀਂ, ਸਗੋਂ ਮਾਵਾਂ ਦੀ ਸਿਹਤ, ਪੋਸ਼ਣ ਅਤੇ ਨਵਜੰਮੇ ਬੱਚਿਆਂ ਦੀ ਸੰਭਾਲ ਨੂੰ ਮਜ਼ਬੂਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਕੋਈ ਵੀ ਮਾਂ ਆਰਥਿਕ ਤੰਗੀ ਕਾਰਨ ਜ਼ਰੂਰੀ ਸਿਹਤ ਸੇਵਾਵਾਂ ਤੋਂ ਵੰਚਿਤ ਨਾ ਰਹੇ ਅਤੇ ਹਰ ਬੱਚੇ ਨੂੰ ਜਨਮ ਤੋਂ ਹੀ ਸੁਰੱਖਿਅਤ ਅਤੇ ਸਿਹਤਮੰਦ ਸ਼ੁਰੂਆਤ ਮਿਲੇ।

## ਮੁਅੱਤਲ ਡੀ.ਆਈ.ਜੀ. ਭੁੱਲਰ CBI ਅਦਾਲਤ 'ਚ ਪੇਸ਼ ਅਗਲੀ ਪੇਸ਼ੀ 12 ਅਗਸਤ

ਚੰਡੀਗੜ੍ਹ, 23 ਜੁਲਾਈ
-ਹਰਮਨਪ੍ਰੀਤ ਕੌਰ-

ਪੰਜਾਬ ਪੁਲਿਸ ਦੇ ਮੁਅੱਤਲ ਡੀਆਈਜੀ ਹਰਚਰਨ ਸਿੰਘ ਭੁੱਲਰ ਅੱਜ ਰਿਸ਼ਵਤਖੋਰੀ ਦੇ ਚਰਚਿਤ ਮਾਮਲੇ ਵਿੱਚ ਚੰਡੀਗੜ੍ਹ ਸਥਿਤ ਸਪੈਸ਼ਲ ਸੀਬੀਆਈ (329) ਅਦਾਲਤ ਵਿੱਚ ਪੇਸ਼ ਹੋਏ। ਕਾਫ਼ੀ ਸਮੇਂ ਬਾਅਦ ਉਨ੍ਹਾਂ ਦੀ ਅਦਾਲਤ ਵਿੱਚ ਹੋਈ ਸਿੱਧੀ ਪੇਸ਼ੀ ਨੂੰ ਮਾਮਲੇ ਦੀ ਸੁਣਵਾਈ ਲਈ ਅਹਿਮ ਮੰਨਿਆ ਜਾ ਰਿਹਾ ਹੈ। ਅਦਾਲਤ ਨੇ ਕੇਸ ਦੀ ਅਗਲੀ ਸੁਣਵਾਈ ਲਈ 12 ਅਗਸਤ ਦੀ ਤਾਰੀਖ਼ ਨਿਰਧਾਰਤ ਕੀਤੀ ਹੈ।

ਅਦਾਲਤੀ ਜਾਣਕਾਰੀ ਮੁਤਾਬਕ, ਕੇਂਦਰੀ ਜਾਂਚ ਬਿਊਰੋ (329) ਇਸ ਮਾਮਲੇ ਵਿੱਚ ਪਹਿਲਾਂ ਹੀ ਆਪਣੀ ਚਾਰਜਸ਼ੀਟ ਅਦਾਲਤ ਵਿੱਚ ਦਾਖ਼ਲ ਕਰ ਚੁੱਕੀ ਹੈ। ਚਾਰਜਸ਼ੀਟ ਪੇਸ਼ ਹੋਣ ਤੋਂ ਬਾਅਦ ਕੇਸ ਦਾ ਨਿਯਮਤ ਟਰਾਇਲ ਜਾਰੀ ਹੈ ਅਤੇ ਹੁਣ ਮਾਮਲਾ ਉਸ ਪੜਾਅ 'ਤੇ ਪਹੁੰਚ ਗਿਆ ਹੈ, ਜਿੱਥੇ ਅਦਾਲਤ ਵੱਲੋਂ ਦੋਵਾਂ ਧਿਰਾਂ ਦੇ ਸਬੂਤਾਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਰਕਾਰੀ ਅਤੇ ਬਚਾਅ ਪੱਖ ਵੱਲੋਂ ਪੇਸ਼ ਕੀਤੇ ਜਾ ਰਹੇ ਗਵਾਹਾਂ ਦੇ ਬਿਆਨ ਵੀ ਦਰਜ ਕੀਤੇ ਜਾ ਰਹੇ ਹਨ।

ਜ਼ਿਕਰਯੋਗ ਹੈ ਕਿ ਹਰਚਰਨ ਸਿੰਘ ਭੁੱਲਰ ਵਿਰੁੱਧ ਰਿਸ਼ਵਤਖੋਰੀ ਦੇ ਗੰਭੀਰ ਦੋਸ਼ਾਂ ਹੇਠ ਕੇਸ ਦਰਜ ਹੋਣ ਤੋਂ ਬਾਅਦ ਪੰਜਾਬ ਪੁਲਿਸ ਵੱਲੋਂ ਉਨ੍ਹਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਇਸ ਮਾਮਲੇ ਦੀ ਜਾਂਚ ਸੀਬੀਆਈ ਕਰ ਰਹੀ ਹੈ, ਜੋ ਦੋਸ਼ਾਂ ਨਾਲ ਸਬੰਧਤ ਸਬੂਤਾਂ ਦੀ ਵਿਸਥਾਰ ਨਾਲ ਪੜਤਾਲ ਕਰ ਰਹੀ ਹੈ। ਹਾਲਾਂਕਿ, ਅਦਾਲਤ ਵੱਲੋਂ ਅਜੇ ਤੱਕ ਇਸ ਮਾਮਲੇ ਵਿੱਚ ਕੋਈ ਅੰਤਿਮ ਫ਼ੈਸਲਾ ਨਹੀਂ ਸੁਣਾਇਆ ਗਿਆ ਅਤੇ ਦੋਸ਼ ਸਾਬਤ ਹੋਣ ਜਾਂ ਨਾ ਹੋਣ ਬਾਰੇ ਨਿਆਂਇਕ ਪ੍ਰਕਿਰਿਆ ਜਾਰੀ ਹੈ।

ਅੱਜ ਦੀ ਸੁਣਵਾਈ ਦੌਰਾਨ ਸੀਬੀਆਈ ਅਤੇ ਬਚਾਅ ਪੱਖ ਦੇ ਵਕੀਲਾਂ ਨੇ ਆਪਣੇ-ਆਪਣੇ ਤਰਕ ਅਦਾਲਤ ਸਾਹਮਣੇ ਰੱਖੇ। ਮਾਮਲੇ ਦੀ ਗੰਭੀਰਤਾ ਅਤੇ ਬਾਕੀ ਰਹਿੰਦੀਆਂ ਗਵਾਹੀਆਂ ਨੂੰ ਧਿਆਨ ਵਿੱਚ ਰੱਖਦਿਆਂ ਸਪੈਸ਼ਲ ਸੀਬੀਆਈ ਅਦਾਲਤ ਨੇ ਅਗਲੀ ਸੁਣਵਾਈ 12 ਅਗਸਤ ਲਈ ਮੁਕਰਰ ਕੀਤੀ।

## ਤੜਕਸਾਰ ਮਰੀਜ਼ ਬਣ ਕੇ ਆਏ ਲੁਟੇਰਿਆਂ ਨੇ ਡਾਕਟਰ ਨੂੰ ਬੰਦੀ ਬਣਾ ਕੇ ਲੁੱਟਿਆ



ਜਗਰਾਉਂ, 23 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿੱਚ ਦਿਨੋਂ ਦਿਨ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਮਿਸਾਲ ਉਸ ਸਮੇਂ ਦੇਖਣ ਨੂੰ ਮਿਲੀ ਜਦੋਂ ਰਾਏਕੋਟ ਦੇ ਹੀਰਾ ਸਿੰਘ ਰੋਡ 'ਤੇ ਸਥਿਤ ਚੋਪੜਾ ਆਯੁਰਵੇਦਿਕ ਸੈਂਟਰ ਵਿਖੇ ਮਰੀਜ਼ ਬਣ ਕੇ ਆਏ ਲੁਟੇਰਿਆਂ ਨੇ ਡਾਕਟਰ ਨੂੰ ਬੰਦੀ ਬਣਾ ਕੇ ਪਿਸਤੌਲ ਦੀ ਨੋਕ 'ਤੇ ਲੁੱਟ ਲਿਆ।

ਇਸ ਸਬੰਧੀ ਡਾਕਟਰ ਵਿਜੇ ਕੁਮਾਰ ਚੋਪੜਾ ਨੇ ਦੱਸਿਆ ਕਿ ਉਹ ਸਵੇਰੇ ਕਲੀਨਿਕ ਤੇ ਮੌਜੂਦ ਸਨ। ਸਵੇਰ 7 ਵਜੇ ਦੇ ਕਰੀਬ ਇਕ ਵਿਅਕਤੀ ਆਇਆ ਅਤੇ ਗੁਲੂਕੋਜ਼ ਲਗਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਬੁੱਧਵਾਰ ਨੂੰ ਮਰੀਜ਼ ਦਵਾਈ ਲੈਣ ਸਬੰਧੀ ਹਸਪਤਾਲ ਆ ਕੇ ਗਿਆ ਸੀ।

ਡਾਕਟਰ ਨੇ ਦੱਸਿਆ ,"ਹਸਪਤਾਲ ਵਿੱਚ ਦਾਖਲ ਹੋਣ ਤੋਂ ਬਾਅਦ ਮਰੀਜ਼ ਦੇ ਪੰਜ ਹੋਰ ਸਾਥੀ ਅੰਦਰ ਆ ਗਏ ਅਤੇ ਹੱਥੋਪਾਈ ਕਰਦੇ ਇਕ ਕਮਰੇ ਵਿੱਚ ਲੈ ਗਏ। ਇਸ ਦੌਰਾਨ ਵਿਅਕਤੀਆਂ ਨੇ ਮੂੰਹ ਤੇ ਟੇਪ ਲਗਾਉਣ ਦੀ ਵੀ ਕੋਸ਼ਿਸ਼ ਕੀਤੀ ਅਤੇ ਇੱਕ ਨੇ ਪਿਸਤੌਲ ਦਿਖਾ ਕੇ ਪੈਸਿਆਂ ਦੀ ਮੰਗ ਕੀਤੀ।"

ਡਾਕਟਰ ਵਿਜੇ ਚੋਪੜਾ ਨੇ ਦੱਸਿਆ ਕਿ ਇੱਕ ਲੁਟੇਰੇ ਨੇ ਕਲੀਨਿਕ ਦੇ ਅੰਦਰ ਜਾ ਕੇ ਦਰਾਜ ਵਿੱਚ ਪਏ ਡੇਢ ਲੱਖ ਰੁਪਏ ਦੇ ਕਰੀਬ ਨਕਦੀ ਅਤੇ ਉਨ੍ਹਾਂ ਦਾ ਪਰਸ ਲੈ ਲਿਆ। ਡਾਕਟਰ ਨੇ ਦੱਸਿਆ ਕਿ ਲੁਟੇਰਿਆਂ ਵੱਲੋਂ ਘਰ ਵਿੱਚ ਜਾ ਪਤਨੀ ਅਤੇ ਪੁੱਤਰ ਨਾਲ ਹੱਥੋਪਾਈ ਕਰਨ ਉਪਰੰਤ ਫਰਾਰ ਹੋ ਗਏ ਅਤੇ ਆਪਣਾ ਮੋਟਰਸਾਈਕਲ ਉੱਥੇ ਛੱਡ ਗਏ।

ਘਟਨਾ ਸਬੰਧੀ ਜਾਣਕਾਰੀ ਮਿਲਣ 'ਤੇ ਥਾਣਾ ਸਿਟੀ ਦੇ ਇੰਚਾਰਜ ਇੰਸਪੈਕਟਰ ਪਰਮਿੰਦਰ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਹਸਪਤਾਲ ਅੰਦਰ ਅਤੇ ਆਸ ਪਾਸ ਲੱਗੇ ਹੋਏ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਅਤੇ ਲੁਟਰਿਆਂ ਨੂੰ ਜਲਦੀ ਕਾਬੂ ਕਰ ਲਿਆ ਜਾਵੇਗਾ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਨ ਕਮੇਟੀ ਦੀ ਮੀਟਿੰਗ

ਚੰਡੀਗੜ੍ਹ, 23 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀਰਵਾਰ ਨੂੰ ਸਿਰਸਾ ਵਿੱਚ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਨ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰਦਿਆਂ ਵੱਖ-ਵੱਖ ਵਿਭਾਗਾਂ ਨਾਲ ਸੰਬੰਧਿਤ ਲੋਕ ਸ਼ਿਕਾਇਤਾਂ ਦੀ ਸੁਣਵਾਈ ਕੀਤੀ। ਮੀਟਿੰਗ ਵਿੱਚ ਰੱਖੀਆਂ ਗਈਆਂ 19 ਸ਼ਿਕਾਇਤਾਂ ਵਿੱਚੋਂ 18 ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ, ਜਦਕਿ ਇੱਕ ਸ਼ਿਕਾਇਤ ਨੂੰ ਅਗਲੀ ਮੀਟਿੰਗ ਲਈ ਲੰਬਿਤ ਰੱਖਿਆ ਗਿਆ। ਇਸ ਮੌਕੇ ਉੜੀਸਾ ਦੇ ਸਾਬਕਾ ਰਾਜਪਾਲ ਪ੍ਰੋ. ਗਣੇਸ਼ੀ ਲਾਲ ਵੀ ਹਾਜ਼ਰ ਸਨ।



ਪਿੰਡ ਗੰਗਾ ਦੇ ਵਸਨੀਕ ਪਰਮਜੀਤ ਸਿੰਘ ਨੇ ਸ਼ਿਕਾਇਤ ਕੀਤੀ ਕਿ ਪਿੰਡ ਝੁੱਟੀਖੇੜਾ ਦੇ ਸੁਲਤਾਨ ਸਿੰਘ ਦੀ 11 ਜੂਨ 2000 ਨੂੰ ਮੌਤ ਹੋ ਚੁੱਕੀ ਸੀ ਅਤੇ ਉਨ੍ਹਾਂ ਦਾ ਵਿਆਹ ਵੀ ਨਹੀਂ ਹੋਇਆ ਸੀ। ਇਸ ਦੇ ਬਾਵਜੂਦ ਉਨ੍ਹਾਂ ਦੀ 40 ਕਨਾਲ 1 ਮਰਲਾ ਜ਼ਮੀਨ ਜਾਅਲੀ ਵਸੀਅਤ ਦੇ ਆਧਾਰ 'ਤੇ ਕਿਸੇ ਹੋਰ ਨੇ ਨਾਮ ਕਰਵਾ ਲਈ ਹੈ। ਮੁੱਖ ਮੰਤਰੀ ਵੱਲੋਂ ਇਸ ਮਾਮਲੇ ਦੀ ਵਿਜੀਲੈਂਸ ਜਾਂਚ ਦੇ ਹੁਕਮ ਦਿੱਤੇ ਗਏ। ਇਸ ਤੋਂ ਪਹਿਲਾਂ ਜ਼ਿਲ੍ਹਾ ਮਾਲ ਅਧਿਕਾਰੀ ਵੱਲੋਂ ਵੀ ਇਸ ਮਾਮਲੇ ਦੀ ਜਾਂਚ ਕੀਤੀ ਜਾ ਚੁੱਕੀ ਸੀ।

ਮੁੱਖ ਮੰਤਰੀ ਨੇ ਐਮ.ਐਸ. ਸੋਮ ਕਾਰਪੋਰੇਸ਼ਨ, ਹਿਸਾਰ ਵੱਲੋਂ ਲਗਾਏ ਜਾਣ ਵਾਲੇ ਸੋਲਰ ਪੈਨਲਾਂ ਦੀ ਵੀ ਜਾਂਚ ਦੇ ਹੁਕਮ ਦਿੱਤੇ। ਪਿੰਡ ਗੁਡੀਆਖੇੜਾ ਦੇ ਵਿਨੋਦ ਕੁਮਾਰ ਨੇ ਦੱਸਿਆ ਕਿ ਉਸ ਨੇ 18 ਦਸੰਬਰ 2024 ਨੂੰ ਅਰਜ਼ੀ ਦਿੱਤੀ ਸੀ ਅਤੇ ਪੂਰੀ ਰਕਮ ਅਦਾ ਕਰਨ ਦੇ ਬਾਵਜੂਦ ਨਾ ਤਾਂ ਸੋਲਰ ਪੈਨਲ ਲਗਾਏ ਗਏ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ। ਮੀਟਿੰਗ ਵਿੱਚ ਇਸੇ ਕੰਪਨੀ ਖ਼ਿਲਾਫ਼ ਹੋਰ ਵੀ ਸ਼ਿਕਾਇਤਾਂ ਸਾਹਮਣੇ ਆਈਆਂ।

ਥਾਣਾ ਰਾਣੀਆਂ ਅਧੀਨ ਢਾਣੀ ਸਤਨਾਮ ਦੀ ਕਮਲੇਸ਼ ਕੌਰ ਨੇ ਮਾਰਕੁੱਟ ਦੇ ਮਾਮਲੇ ਵਿੱਚ ਕੀਤੀ ਸਿਕਾਇਤ ਉਤੇ ਪੁਲਿਸ ਕਰਮਚਾਰੀ ਖ਼ਿਲਾਫ਼ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਕਾਮਲੇਸ਼ ਕੌਰ ਨੇ ਦੱਸਿਆ ਕਿ ਉਨ੍ਹਾਂ ਉਤੇ ਹਮਲੇ ਹੋਇਆ ਸੀ ਇਸ ਮਾਮਲੇ ਵਿੱਚ ਦੂਜੇ ਪੱਖ ਨਾਲ ਪੰਚਾਇਤੀ ਸਮਝੌਤਾ ਦਿਖਾਇਆ ਗਿਆ ਅਤੇ ਇਸ ਸਮਝੌਤੇ ਵਿੱਚ ਉਨ੍ਹਾਂ ਦੇ ਨਾਬਾਲਗ ਬੱਚੇ ਦੇ ਦਸਤਖ਼ਤ ਕਰਵਾਏ ਗਏ। ਮੁੱਖ ਮੰਤਰੀ ਨੇ ਨਾਬਾਲਗ ਬੱਚੇ ਤੋਂ ਸਮਝੌਤੇ ਉਤੇ ਦਸਤਖਤ ਕਰਾਉਣ ਨੂੰ ਗੰਭੀਰ ਮੰਨਦਿਆਂ ਕਾਰਵਾਈ ਕਰਨ ਦੇ ਹੁਕਮ ਦਿੱਤੇ। ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ ਤਹਿਤ ਬੈਂਕ ਵੱਲੋਂ ਬੀਮਾ ਪ੍ਰੀਮੀਅਮ ਕੱਟਣ ਦੇ ਬਾਵਜੂਦ ਮੁਆਵਜ਼ਾ ਨਾ ਦੇਣ ਦੇ ਮਾਮਲੇ ਵਿੱਚ ਮੁੱਖ ਮੰਤਰੀ ਨੇ ਬੈਂਕ ਖ਼ਿਲਾਫ਼ ਕਾਰਵਾਈ ਅਤੇ ਵਿਆਜ ਸਮੇਤ ਰਕਮ ਅਦਾ ਕਰਨ ਦੇ ਨਿਰਦੇਸ਼ ਦਿੱਤੇ। ਇਹ ਸ਼ਿਕਾਇਤ ਰੂਪਾਵਾਸ ਦੇ ਸੁਸ਼ੀਲ ਕੁਮਾਰ ਨੇ ਕੀਤੀ ਸੀ।

ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਤਹਿਤ ਬੈਂਕ ਵੱਲੋਂ ਰਕਮ ਕੱਟ ਲੈਣ ਦੇ ਬਾਵਜੂਦ ਮੁਆਵਜ਼ਾ ਨੇ ਦੇਣ ਦੇ ਮਾਮਲੇ ਵਿੱਚ ਬੈਂਕ ਖਿਲਾਫ਼ ਕਾਰਵਾਈ ਕਰਨ ਅਤੇ ਬਿਆਜ਼ ਸਮੇਤ ਰਕਮ ਦੇਣ ਦੇ ਹੁਕਮ ਦਿੱਤੇ। ਇਸ ਮਾਮਲੇ ਵਿੱਚ ਰੂਪਾਵਾਸ ਦੇ ਰਹਿਣ ਵਾਲੇ ਸੁਸ਼ੀਲ ਕੁਮਾਰ ਨੇ ਸ਼ਿਕਾਇਤ ਦਿੱਤੀ ਸੀ ਕਿ ਸਾਲ 2022 ਹੜ੍ਹੀ ਦੀ ਫਸਲ ਲਈ ਬੀਮਾ ਰਕਮ ਕੱਟ ਲਈ ਗਈ, ਪ੍ਰੰਤੂ ਬੀਮਾ ਕਲੇਮ ਦਿੱਤਾ ਗਿਆ। ਜ਼ਿਲ੍ਹਾ ਭਿਵਾਨੀ ਦੇ ਪਿੰਡ ਬੜਸੀ ਦੇ ਰਹਿਣ ਵਾਲੇ ਅਨੂਪ ਸਿੰਘ ਨੇ ਸ਼ਿਕਾਇਤ ਕੀਤੀ ਸੀ ਕਿ ਪਸ਼ੂ ਪਾਲਣ ਤੇ ਡੇਅਰੀ ਵਿਭਾਗ ਤੋਂ ਬੀਐਲਈਓ ਸ਼ਮਸ਼ੇਰ ਸਿੰਘ 31 ਮਾਰਚ 2019 ਨੂੰ ਸੇਵਾ ਮੁਕਤ ਹੋਏ ਅਤੇ 27 ਨਵੰਬਰ 2024 ਨੂੰ ਕੈਂਸਰ ਨਾਲ ਮੌਤ ਹੋ ਗਈ ਅਤੇ ਉਹ ਅਣਵਿਆਹੇ ਸਨ ਅਤੇ ਉਨ੍ਹਾਂ ਦੀ ਮਾਂ ਵਿਦਿਆ ਦੇਵੀ ਉਨ੍ਹਾਂ ਪੈਨਸ਼ਨ ਉਤੇ ਨਿਰਭਰ ਹੈ। ਮਹਾਲੇਖਾਕਾਰ ਨੂੰ ਪੈਨਸ਼ਨ ਸਬੰਧੀ ਦਸਤਾਵੇਜ ਭੇਜਣੇ ਸਨ, ਪ੍ਰੰਤੂ ਐਸਡੀਓ ਨੇ ਸਥਾਨਕ ਪੱਧਰ ਉਤੇ ਹੀ ਕੇਸ ਰੱਦ ਕਰ ਦਿੱਤਾ। ਮੁੱਖ ਮੰਤਰੀ ਨੇ ਹਿਸ ਮਾਮਲੇ ਵਿੱਚ ਜਾਂਚ ਕਰਨ ਦੇ ਹੁਕਮ ਦਿੱਤੇ।

ਸੈਕਟਰ-21 ਵਿੱਚ ਫਲੈਟ ਅਲਾਟਮੈਂਟ ਦੇ ਮਾਮਲੇ ਵਿੱਚ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਨੂੰ ਜਾਂਚ ਅਤੇ ਕਾਰਵਾਈ ਦੇ ਨਿਰਦੇਸ਼ ਦਿੱਤੇ ਗਏ। ਆਨੰਦ ਵਿਹਾਰ ਦੇ ਵਿਜੈ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਤੋਂ ਪਹਿਲਾਂ 55 ਹਜ਼ਾਰ ਅਤੇ ਬਾਅਦ ਵਿੱਚ 1.30 ਲੱਖ ਰੁਪਏ ਜਮ੍ਹਾਂ ਕਰਵਾਏ ਗਏ, ਅਲਾਟਮੈਂਟ ਪੱਤਰ ਵੀ ਜਾਰੀ ਹੋ ਗਿਆ, ਪਰ ਨਾ ਤਾਂ ਫਲੈਟ ਦਾ ਕਬਜ਼ਾ ਮਿਲਿਆ ਅਤੇ ਨਾ ਹੀ ਮੁੱਢਲੀਆਂ ਸਹੂਲਤਾਂ। ਮੁੱਖ ਮੰਤਰੀ ਨੇ ਅਜਿਹੇ ਸਾਰੇ ਲੰਬਿਤ ਮਾਮਲਿਆਂ ਦਾ ਜਲਦੀ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ ਅਤੇ ਇਸ ਸ਼ਿਕਾਇਤ ਨੂੰ ਅਗਲੀ ਮੀਟਿੰਗ ਵਿੱਚ ਦੁਬਾਰਾ ਰੱਖਣ ਲਈ ਕਿਹਾ ਗਿਆ।

### ਦਿਵਿਆਂਗਾਂ ਨੂੰ ਨਵੀਂ ਨੋਟੀਫਿਕੇਸ਼ਨ ਅਨੁਸਾਰ ਮਿਲੇਗੀ ਪੈਨਸ਼ਨ

ਪਿੰਡ ਪੋਹੜਕਾਂ ਦੇ ਰਾਮਪਾਲ ਦੀ ਸ਼ਿਕਾਇਤ 'ਤੇ ਮੁੱਖ ਮੰਤਰੀ ਨੇ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਦਿਵਿਆਂਗਾਂ ਲਈ ਪਰਿਵਾਰਕ ਆਮਦਨ ਦੀ ਸੀਮਾ ਸਬੰਧੀ ਨਵਾਂ ਨੋਟੀਫਿਕੇਸ਼ਨ ਜਾਰੀ ਹੋ ਚੁੱਕਾ ਹੈ। ਇਸ ਅਨੁਸਾਰ ਵਧੀ ਹੋਈ ਆਮਦਨ ਸੀਮਾ ਦੇ ਤਹਿਤ ਹੁਣ ਪੈਨਸ਼ਨ ਦਾ ਲਾਭ ਮਿਲੇਗਾ।

ਕਲਿਆਣ ਨਗਰ ਦੇ ਰੂਪ ਚੰਦ ਨੇ ਸ਼ਿਕਾਇਤ ਕੀਤੀ ਕਿ 2021 ਵਿੱਚ ਖਰੀਦੀ ਜ਼ਮੀਨ 'ਤੇ ਲੱਗਿਆ ਟਿਊਬਵੈੱਲ ਕਿਸੇ ਹੋਰ ਦੇ ਨਾਮ ਹੈ। ਮੁੱਖ ਮੰਤਰੀ ਨੇ ਇਸ ਮਾਮਲੇ ਵਿੱਚ ਉਸ ਵੇਲੇ ਦੇ ਅਧਿਕਾਰੀ ਖ਼ਿਲਾਫ਼ ਕਾਰਵਾਈ ਕਰਨ ਅਤੇ ਏਡੀਸੀ ਨੂੰ ਜਾਂਚ ਕਰਨ ਦੇ ਹੁਕਮ ਦਿੱਤੇ। ਅਧਿਕਾਰੀਆਂ ਨੇ ਮੰਨਿਆ ਕਿ 2010 ਵਿੱਚ ਕੁਨੈਕਸ਼ਨ ਜਾਰੀ ਕਰਦੇ ਸਮੇਂ ਗਲਤੀ ਹੋਈ ਸੀ। ਮੁੱਖ ਮੰਤਰੀ ਨੇ ਦੋਵਾਂ ਕਿਸਾਨਾਂ ਨੂੰ ਵੱਖ-ਵੱਖ ਟਿਊਬਵੈੱਲ ਕੁਨੈਕਸ਼ਨ ਦੇਣ ਲਈ ਕਿਹਾ।

ਪਿੰਡ ਛਤਰੀਆਂ ਦੇ ਕਿਸਾਨ ਮਹਿੰਦਰ ਅਤੇ ਹੋਰਨਾਂ ਦੀ ਸ਼ਿਕਾਇਤ 'ਤੇ ਏਡੀਸੀ ਨੂੰ ਜਾਂਚ ਦੇ ਨਿਰਦੇਸ਼ ਦਿੱਤੇ ਗਏ। ਇਸੇ ਤਰ੍ਹਾਂ ਮੰਡੀ ਡੱਬਵਾਲੀ ਦੇ ਸੁਖਦੇਵ ਸਿੰਘ ਅਤੇ ਰੂਪ ਚੰਦ ਦੀ ਸ਼ਿਕਾਇਤ 'ਤੇ ਪੁਲਿਸ ਨੂੰ ਕਾਰਵਾਈ ਕਰਨ ਲਈ ਕਿਹਾ ਗਿਆ।

### ਦੋ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ

ਮੀਟਿੰਗ ਤੋਂ ਪਹਿਲਾਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਚੌਧਰੀ ਦੇਵੀ ਲਾਲ ਯੂਨੀਵਰਸਿਟੀ, ਸਿਰਸਾ ਵਿੱਚ 77ਵੇਂ ਜ਼ਿਲ੍ਹਾ ਪੱਧਰੀ ਵਣ ਮਹਾਂਉਤਸ਼ਵ ਤਹਿਤ ਰੁੱਖ ਲਗਾਇਆ।







# ਸੰਪਾਦਕੀ

## ਪੰਜਾਬ ਦਾ ਵਿਕਾਸ: ਉਦਯੋਗ, ਬੁਨਿਆਦੀ ਢਾਂਚਾ ਅਤੇ ਸੁਸ਼ਾਸਨ ਦੀ ਲੋੜ

ਪੰਜਾਬ ਆਪਣੀ ਉਪਜਾਊ ਧਰਤੀ, ਮਿਹਨਤੀ ਲੋਕਾਂ ਅਤੇ ਉਦਯੋਗਿਕ ਸਮਰੱਥਾ ਕਰਕੇ ਦੇਸ਼ ਦੇ ਮੋਹਰੀ ਸੂਬਿਆਂ ਵਿੱਚ ਸ਼ਾਮਲ ਰਿਹਾ ਹੈ। ਪਰ ਬਦਲਦੇ ਆਰਥਿਕ ਦੌਰ ਵਿੱਚ ਸਿਰਫ਼ ਇਤਿਹਾਸਕ ਮਾਣ ਨਾਲ ਵਿਕਾਸ ਨਹੀਂ ਹੁੰਦਾ। ਅੱਜ ਪੰਜਾਬ ਨੂੰ ਇੱਕ ਅਜਿਹੀ ਵਿਕਾਸ ਨੀਤੀ ਦੀ ਲੋੜ ਹੈ ਜੋ ਉਦਯੋਗ, ਖੇਤੀਬਾੜੀ, ਬੁਨਿਆਦੀ ਢਾਂਚੇ ਅਤੇ ਸੁਸ਼ਾਸਨ ਨੂੰ ਇਕੱਠੇ ਲੈ ਕੇ ਚੱਲੇ।

ਸੂਬੇ ਵਿੱਚ ਕਈ ਉਦਯੋਗਪਤੀ ਅਜੇ ਵੀ ਬਿਜਲੀ ਸਪਲਾਈ, ਸੜਕਾਂ, ਲੌਜਿਸਟਿਕਸ, ਨਿਵੇਸ਼ ਲਈ ਸੌਖੀਆਂ ਪ੍ਰਕਿਰਿਆਵਾਂ ਅਤੇ ਪ੍ਰਸ਼ਾਸਕੀ ਪਾਰਦਰਸ਼ਤਾ ਵਰਗੀਆਂ ਚੁਣੌਤੀਆਂ ਵੱਲ ਧਿਆਨ ਦਿਵਾ ਰਹੇ ਹਨ। ਜੇਕਰ ਨਿਵੇਸ਼ਕਾਂ ਨੂੰ ਭਰੋਸੇਮੰਦ ਮਾਹੌਲ ਮਿਲੇ, ਤਾਂ ਪੰਜਾਬ ਨਾ ਸਿਰਫ਼ ਨਵੇਂ ਉਦਯੋਗ ਖੜ੍ਹੇ ਕਰ ਸਕਦਾ ਹੈ, ਸਗੋਂ ਨੌਜਵਾਨਾਂ ਲਈ ਵੱਡੇ ਪੱਧਰ ’ਤੇ ਰੁਜ਼ਗਾਰ ਦੇ ਮੌਕੇ ਵੀ ਪੈਦਾ ਕਰ ਸਕਦਾ ਹੈ।

ਵਿਕਾਸ ਦਾ ਅਰਥ ਕੇਵਲ ਨਵੀਆਂ ਇਮਾਰਤਾਂ ਬਣਾਉਣਾ ਨਹੀਂ, ਸਗੋਂ ਅਜਿਹਾ ਪ੍ਰਸ਼ਾਸਨ ਦੇਣਾ ਹੈ ਜੋ ਤੇਜ਼, ਪਾਰਦਰਸ਼ੀ ਅਤੇ ਜਵਾਬਦੇਹ ਹੋਵੇ। ਜਦੋਂ ਸਰਕਾਰੀ ਸੇਵਾਵਾਂ ਸਮੇਂ ਸਿਰ ਮਿਲਣ, ਨਿਵੇਸ਼ ਨੂੰ ਉਤਸ਼ਾਹ ਮਿਲੇ ਅਤੇ ਬੁਨਿਆਦੀ ਢਾਂਚਾ ਮਜ਼ਬੂਤ ਹੋਵੇ, ਤਾਂ ਆਰਥਿਕ ਤਰੱਕੀ ਆਪਣੇ ਆਪ ਗਤੀ ਫੜਦੀ ਹੈ।

ਇਸਦੇ ਨਾਲ ਹੀ ਖੇਤੀ ਅਤੇ ਉਦਯੋਗ ਵਿਚਕਾਰ ਸੰਤੁਲਨ ਬਣਾਉਣਾ ਵੀ ਸਮੇਂ ਦੀ ਲੋੜ ਹੈ। ਖੇਤੀ-ਅਧਾਰਿਤ ਉਦਯੋਗ, ਫੂਡ ਪ੍ਰੋਸੈਸਿੰਗ, ਨਿਰਯਾਤ, ਐਮਐਸਐਮਈ ਇਕਾਈਆਂ ਅਤੇ ਸਟਾਰਟਅੱਪ ਸੱਭਿਆਚਾਰ ਨੂੰ ਉਤਸ਼ਾਹਿਤ ਕਰਕੇ ਪੰਜਾਬ ਆਪਣੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰ ਸਕਦਾ ਹੈ।

ਅੱਜ ਲੋੜ ਰਾਜਨੀਤਿਕ ਦੋਸ਼ਾਰੋਪਣ ਦੀ ਨਹੀਂ, ਸਗੋਂ ਲੰਬੇ ਸਮੇਂ ਦੀ ਵਿਕਾਸ ਨੀਤੀ ਦੀ ਹੈ। ਜੇਕਰ ਸਰਕਾਰ, ਉਦਯੋਗ ਜਗਤ ਅਤੇ ਸਮਾਜ ਮਿਲ ਕੇ ਸਾਂਝੀ ਸੋਚ ਨਾਲ ਕੰਮ ਕਰਨ, ਤਾਂ ਪੰਜਾਬ ਇੱਕ ਵਾਰ ਫਿਰ ਦੇਸ਼ ਦੀ ਆਰਥਿਕ ਤਰੱਕੀ ਦਾ ਅਗੂਆ ਬਣ ਸਕਦਾ ਹੈ।

**ਸੰਪਾਦਕੀ ਦਾ ਸਾਰ:**

ਮਜ਼ਬੂਤ ਬੁਨਿਆਦੀ ਢਾਂਚਾ, ਪਾਰਦਰਸ਼ੀ ਪ੍ਰਸ਼ਾਸਨ ਅਤੇ ਉਦਯੋਗ-ਅਨੁਕੂਲ ਨੀਤੀਆਂ ਹੀ ਪੰਜਾਬ ਦੇ ਟਿਕਾਊ ਵਿਕਾਸ ਅਤੇ ਨੌਜਵਾਨਾਂ ਦੇ ਭਵਿੱਖ ਦੀ ਮਜ਼ਬੂਤ ਨੀਂਹ ਬਣ ਸਕਦੀਆਂ ਹਨ।

-ਛੱਤਰਪਾਲ ਸਿੰਘ

# ਜਵਾਬਦੇਹੀ ਮੰਗਦਾ ਦੇਸ਼ ਦਾ ਨੌਜਵਾਨ

**ਯਾਮਿਨੀ ਅਈਯਰ**

ਦੇਸ਼ ਭਰ ਤੋਂ ਹਰ ਵਰਗ ਤੇ ਜਾਤ ਦੇ ਹਜ਼ਾਰਾਂ (ਕੁੱਲ ਅੰਦਾਜ਼ੇ ਮੁਤਾਬਿਕ 75,000 ਤੋਂ ਵੱਧ) ਨੌਜਵਾਨਾਂ ਨੂੰ ਮੇਰੇ ਸ਼ਹਿਰ ਦੇ ਦਿਲ ਵਿੱਚ ਇਕੱਠੇ ਹੋ ਕੇ ਸੰਸਦ ਵੱਲ ਮਾਰਚ ਕਰਦੇ ਦੇਖਣਾ ਜਿੱਥੇ ਉਤਸ਼ਾਹਜਨਕ ਸੀ, ਉੱਥੇ ਹੀ ਇਸ ਨੇ ਗੰਭੀਰਤਾ ਨਾਲ ਸੋਚਣ ਲਈ ਵੀ ਮਜਬੂਰ ਕੀਤਾ ਕਿਉਂਕਿ ਇਨ੍ਹਾਂ ਨੌਜਵਾਨਾਂ ’ਤੇ ਵਰ੍ਹਾਈਆਂ ਗਈਆਂ ਲਾਠੀਆਂ ਅਤੇ ਦਾਗੇ ਗਏ ਅੱਥਰੂ ਗੈਸ ਦੇ ਗੋਲੇ ਉਸ ਬੇਰਹਿਮ ਤੇ ਤਾਨਾਸ਼ਾਹੀ ਤਾਕਤ ਦੀ ਯਾਦ ਦਿਵਾਉਂਦੇ ਸਨ ਜੋ ਸਾਡੀ ਜਮਹੂਰੀਅਤ ਨੂੰ ਕੁਚਲ ਰਹੀ ਹੈ ਅਤੇ ਸਾਡੀ ਆਵਾਜ਼ ਨੂੰ ਦਬਾ ਰਹੀ ਹੈ। ਪਰ ਫਿਰ ਵੀ 75,000 ਭਾਰਤੀਆਂ ਦਾ ਇਸ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਣਾ, ਆਪਣੇ ਹੱਕਾਂ ਲਈ ਲੜਨਾ, ਆਪਣੀ ਆਵਾਜ਼ ਬੁਲੰਦ ਕਰਨਾ ਅਤੇ ਉਸ ਵੇਲੇ ਬੋਲਣਾ ਜਦੋਂ ਸਰਕਾਰ ਆਪਣੇ ਹੰਕਾਰ ਵਿੱਚ ਭੁੱਖ ਹੜਤਾਲ ’ਤੇ ਬੈਠੇ ਸੋਨਮ ਵਾਂਗਚੁਕ ਅਤੇ ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਸੀ, ਬਹੁਤ ਉਤਸ਼ਾਹਜਨਕ ਸੀ। ਇਹ ਨੌਜਵਾਨ ਉਸ ਇੱਕੋ-ਇੱਕ ਚੀਜ਼ ਦੀ ਮੰਗ ਕਰ ਰਹੇ ਸਨ ਜਿਸ ਨੂੰ ਮੰਗਣਾ ਹਰ ਨਾਗਰਿਕ ਦਾ ਹੱਕ (ਅਤੇ ਅਸਲ ਵਿੱਚ ਇੱਕ ਨੈਤਿਕ ਫ਼ਰਜ਼) ਹੈ, ਉਹ ਹੈ ਆਪਣੀ ਚੁਣੀ ਹੋਈ ਸਰਕਾਰ ਤੋਂ ਜਵਾਬਦੇਹੀ ਮੰਗਣਾ।

ਲੋਕਤੰਤਰ ਉਦੋਂ ਹੀ ਜਿਊਂਦਾ ਰਹਿੰਦਾ ਹੈ ਜਦੋਂ ਨਾਗਰਿਕ ਇਸ ਦੀ ਰਾਖੀ ਲਈ ਲੜਦੇ ਹਨ, ਆਪਣੀ ਆਵਾਜ਼ ਉਠਾਉਂਦੇ ਹਨ, ਵਿਰੋਧ ਪ੍ਰਗਟਾਉਣ ਦਾ ਹੱਕ ਵਰਤਦੇ ਹਨ, ਸਰਕਾਰ ਦੀ ਆਲੋਚਨਾ ਕਰਦੇ ਹਨ ਅਤੇ ਸਭ ਤੋਂ ਵੱਧ ਸਰਕਾਰ ਤੋਂ ਜਵਾਬਦੇਹੀ ਦੀ ਮੰਗ ਕਰਦੇ ਹਨ। ਸੋਮਵਾਰ ਦਾ ਪ੍ਰਦਰਸ਼ਨ ਸਿਰਫ਼ ਇੱਕ ਮੰਤਰੀ ਦੇ ਅਸਤੀਫ਼ੇ (ਜੋ ਕਿ ਬਹੁਤ ਜ਼ਰੂਰੀ ਹੈ) ਜਾਂ ਖ਼ਰਾਬ ਹੋ ਚੁੱਕੇ ਪ੍ਰੀਖਿਆ ਪ੍ਰਣਾਲੀ ਦੇ ਧੱਕੇ ਤੱਕ ਹੀ ਸੀਮਤ ਨਹੀਂ ਸੀ, ਇਹ ਲੋਕਤੰਤਰ ਦੀ ਮੂਲ ਆਤਮਾ (ਨਾਗਰਿਕਾਂ ਪ੍ਰਤੀ ਜਵਾਬਦੇਹੀ) ਨੂੰ ਮੁੜ ਬਹਾਲ ਕਰਨ ਬਾਰੇ ਸੀ। ਜਵਾਬਦੇਹੀ ਦੀ ਮੰਗ ਕਰਕੇ ਕੱਲ੍ਹ ਦੇ ਅੰਦੋਲਨਕਾਰੀਆਂ ਅਤੇ ਨੌਜਵਾਨਾਂ ਨੇ ਸਾਡੇ ਲੋਕਤੰਤਰ ’ਚ ਨਵੀਂ ਰੂਹ ਫੂਕਣ ਦੀ ਦਿਸ਼ਾ ਵਿੱਚ ਇੱਕ ਹੋਰ ਵੱਡੀ ਸੇਵਾ ਕੀਤੀ ਹੈ। ਉਹ ਭਾਰਤ ਨੂੰ ‘ਹਿੰਦੂ-ਮੁਸਲਿਮ’ ਦੀ ਵੰਡਪਾਊ ਸਿਆਸਤ ਤੋਂ ਲਾਂਭੇ ਹੋਣ ਅਤੇ ਇੱਕ ਅਜਿਹੀ ਸ਼ਾਸਨ ਵਿਵਸਥਾ ਸਿਰਜਣ ਦੀ ਮੰਗ ਕਰ ਰਹੇ ਹਨ ਜੋ ਇੱਕ ਨਿਆਂਪੂਰਨ ਤੇ ਬਰਾਬਰੀ ਵਾਲੇ ਸਮਾਜ ਦੇ ਸਭ ਤੋਂ ਅਹਿਮ ਤੱਤ ਭਾਵ ਸਾਰੇ ਭਾਰਤੀਆਂ ਦੀਆਂ ਉਮੀਦਾਂ ’ਤੇ ਖ਼ਰੀ ਉਤਰਨ ਵਾਲੀ ਇੱਕ ਮਜ਼ਬੂਤ ਸਰਕਾਰੀ ਸਿੱਖਿਆ ਪ੍ਰਣਾਲੀ ਲਈ ਜਵਾਬਦੇਹ ਹੋਵੇ। ਇਸ ਕਾਲਮਨਵੀਸ ਦੀ ਨਜ਼ਰ ਵਿੱਚ ਰਾਜਨੀਤੀ ਦੀ ਇੱਕ ਨਵੀਂ ਪਰਿਭਾਸ਼ਾ ਘੜਨਾ ਉਨ੍ਹਾਂ ਤਾਨਾਸ਼ਾਹ ਤਾਕਤਾਂ ਨੂੰ ਚੁਣੌਤੀ ਦੇਣ ਲਈ ਬਹੁਤ ਜ਼ਰੂਰੀ ਹੈ ਜੋ ਆਲੋਚਨਾ ਅਤੇ ਜਵਾਬਦੇਹੀ ਦੀਆਂ ਮੰਗਾਂ ਨੂੰ ਦਬਾਉਣਾ ਚਾਹੁੰਦੀਆਂ ਹਨ। ਜਿਵੇਂ-ਜਿਵੇਂ ਇਸ ਪ੍ਰਦਰਸ਼ਨ ਦੇ ਸਿੱਟੇ ਸਾਹਮਣੇ ਆ ਰਹੇ ਹਨ, ਸਾਨੂੰ ਅੱਗੇ ਆਪਣਾ ਧਿਆਨ ਇਸ ਗੱਲ ’ਤੇ ਕੇਂਦਰਿਤ ਕਰਨਾ ਚਾਹੀਦਾ ਹੈ ਕਿ ਭਾਰਤ ਦੇ ਵਿਗੜ ਚੁੱਕੇ ਸਿੱਖਿਆ ਢਾਂਚੇ ਨੂੰ ਸੁਧਾਰਨ ਲਈ ਕੀ-ਕੀ ਕਰਨ ਦੀ ਲੋੜ ਹੈ।

ਨੀਟ ਪ੍ਰੀਖਿਆ ਦੇ ਪੇਪਰ ਲੀਕ ਹੋਣਾ, ਸੀ ਬੀ ਐੱਸ ਈ 12ਵੀਂ ਦੀਆਂ ਪ੍ਰੀਖਿਆਵਾਂ ਦੇ ਮੁਲਾਂਕਣ ਵਿੱਚ ਨਾਕਾਮੀਆਂ ਅਤੇ ਨਵੀਂ ਸਿੱਖਿਆ ਨੀਤੀ (ਖ਼ਾਸ ਕਰਕੇ ਤਿੰਨ-ਭਾਸ਼ਾਈ ਨੀਤੀ) ਨੂੰ ਲਾਗੂ ਕਰਨ ’ਤੇ ਹੋਇਆ ਵਿਵਾਦ, ਜਿਸ ਨੇ ਇਸੇ ਸਾਲ ਜੂਨ ਵਿੱਚ ਨੌਜਵਾਨਾਂ ਨੂੰ ਸੜਕਾਂ ’ਤੇ ਉਤਾਰ ਦਿੱਤਾ ਸੀ, ਇਹ ਸਭ ਸਾਡੇ ਸਿੱਖਿਆ ਢਾਂਚੇ ਵਿੱਚ ਡੂੰਘੀ ਜੜ੍ਹ ਫੜ ਚੁੱਕੀ ਬੀਮਾਰੀ ਦੇ ਲੱਛਣ ਹਨ। ਜਿਸ ਨੇ ਵੀ ਕਦੇ ਕਲਾਸਰੂਮ (ਜਮਾਤ) ਦਾ ਮਾਹੌਲ ਵੇਖਿਆ ਹੈ, ਉਹ ਇਸ ਸੱਚਾਈ ਨੂੰ ਚੰਗੀ ਤਰ੍ਹਾਂ ਜਾਣਦਾ ਹੋਵੇਗਾ ਕਿ ਸਾਡਾ ਪੂਰਾ ਸਿੱਖਿਆ ਪ੍ਰਬੰਧ ਰੱਟਾ-ਪ੍ਰਣਾਲੀ ਜ਼ਰੀਏ ਇਮਤਿਹਾਨਾਂ ਵਿੱਚੋਂ ਨੰਬਰ ਬਟੋਰਨ ਦੁਆਲੇ ਹੀ ਘੁੰਮਦਾ ਹੈ ਜਿਵੇਂ ਕਿ ਨੋਬਲ ਪੁਰਸਕਾਰ ਜੇਤੂ ਅਭਿਜੀਤ ਬੈਨਰਜੀ ਅਤੇ ਐਸਥਰ ਡੁਫ਼ਲੋ ਲਿਖਦੇ ਹਨ: ਕਲਾਸਰੂਮ ਦਾ ਸਾਰਾ ਧਿਆਨ ‘ਸਿਰਫ਼ ਹੁਸ਼ਿਆਰ ਬੱਚਿਆਂ ਨੂੰ ਪੜ੍ਹਾਉਣ’ ਉੱਤੇ ਹੁੰਦਾ ਹੈ। ਸਾਰਿਆਂ ਨੂੰ ਵਿਸ਼ੇ ਦੀ ਸਮਝ ਕਰਵਾਉਣ ਦੀ



ਬਜਾਏ ਸਿਲੇਬਸ ਖ਼ਤਮ ਕਰਨਾ ਹੀ ਮੁੱਖ ਮਨੋਰਥ ਹੁੰਦਾ ਹੈ ਤਾਂ ਜੋ ਚੋਣਵੇਂ ਹੁਸ਼ਿਆਰ ਵਿਦਿਆਰਥੀਆਂ ਨੂੰ ਪ੍ਰੀਖਿਆ ਲਈ ਤਿਆਰ ਕੀਤਾ ਜਾ ਸਕੇ। ਅਧਿਆਪਕਾਂ ਲਈ ਵੀ ਪਾਸ ਪ੍ਰਤੀਸ਼ਤਤਾ ਹੀ ਉਹ ਇੱਕੋ-ਇੱਕ ਮਾਪਦੰਡ ਹੈ ਜਿਸ ਲਈ ਸਕੂਲ ਪ੍ਰਬੰਧ ਅਤੇ ਮਾਪੇ ਉਨ੍ਹਾਂ ਨੂੰ ਜਵਾਬਦੇਹ ਠਹਿਰਾਉਂਦੇ ਹਨ। ਰੱਟਾ-ਪ੍ਰਣਾਲੀ ਇਸ ਮਨੋਰਥ ਨੂੰ ਪੂਰਾ ਕਰਨ ਦਾ ਸਭ ਤੋਂ ਵੱਡਾ ਸਾਧਨ ਹੈ। ਇਸੇ ਨੂੰ ਹੀ ਮੈਂ ਜਮਾਤ ਦੀ ਸਹਿਮਤੀ (Classroom Consensus) ਆਖਦੀ ਹਾਂ।

ਇਹ ਜਮਾਤ ਦੀ ਸਹਿਮਤੀ (Classroom Consensus) ਸਿਰਫ਼ ‘ਹੁਸ਼ਿਆਰ’ ਵਿਦਿਆਰਥੀਆਂ ਲਈ ਹੀ ਕੰਮ ਕਰਦੀ ਹੈ। ਉਹ ਸਿਲੇਬਸ ਮੁਤਾਬਿਕ ਚੱਲਦੇ ਹਨ, ਪ੍ਰੀਖਿਆਵਾਂ ਵਿੱਚ ਚੰਗੇ ਨੰਬਰ ਲੈਂਦੇ ਹਨ ਅਤੇ ਇੱਕ ਜਮਾਤ ਤੋਂ ਦੂਜੀ ਜਮਾਤ ਵਿੱਚ ਚਲੇ ਜਾਂਦੇ ਹਨ। ਪਰ ਇਨ੍ਹਾਂ ‘ਹੁਸ਼ਿਆਰ’ ਵਿਦਿਆਰਥੀਆਂ ਲਈ ਵੀ ਮੁਕਾਬਲਾ ਬਹੁਤ ਸਖ਼ਤ ਹੋ ਚੁੱਕਾ ਹੈ। ਇਸ ਦਾ ਵੱਡਾ ਕਾਰਨ ਇਹ ਹੈ ਕਿ ਅਸੀਂ ਉੱਚ ਸਿੱਖਿਆ ਵਿੱਚ ਜ਼ਰੂਰੀ ਨਿਵੇਸ਼ ਕਰਨ ਵਿੱਚ ਨਾਕਾਮ ਰਹੇ ਹਾਂ ਅਤੇ ਸਿਆਸੀ ਦਖ਼ਲਅੰਦਾਜ਼ੀ ਨੇ ਸਾਡੇ ਮੌਜੂਦਾ ਅਦਾਰਿਆਂ ਦੀ ਆਜ਼ਾਦੀ ਤੇ ਸਮਰੱਥਾ ਨੂੰ ਤਬਾਹ ਕਰ ਦਿੱਤਾ ਹੈ, ਜਿਸ ਕਾਰਨ ਭਾਰਤ ਕੋਲ ਗਿਣਤੀ-ਮਿਣਤੀ ਦੀਆਂ ਹੀ ਚੰਗੀਆਂ ਯੂਨੀਵਰਸਿਟੀਆਂ ਬਚੀਆਂ ਹਨ।

ਨੈਸ਼ਨਲ ਸੈਂਪਲ ਸਰਵੇ 2025 ਦੇ ਸਿੱਖਿਆ ਬਾਰੇ ਵਿਆਪਕ ਸਰਵੇਖਣ ਮੁਤਾਬਿਕ 27 ਫ਼ੀਸਦੀ ਵਿਦਿਆਰਥੀ (ਅਤੇ ਸੈਕੰਡਰੀ ਸਿੱਖਿਆ ਦੇ 37.8 ਫ਼ੀਸਦੀ) ਦਾਖ਼ਲਾ ਪ੍ਰੀਖਿਆਵਾਂ ਦੀ ਬਾਜ਼ੀ ਜਿੱਤਣ ਲਈ ਪ੍ਰਾਈਵੇਟ ਕੋਚਿੰਗ ’ਤੇ ਨਿਰਭਰ ਹਨ, ਚਾਹੇ ਉਹ ਜੇ ਈ ਈ, ਨੀਟ, ਸੀ ਯੂ ਈ ਟੀ ਹੋਣ ਜਾਂ ਹੋਰ ਪ੍ਰੀਖਿਆਵਾਂ, ਜਿਨ੍ਹਾਂ ਦੇ ਬੋਝ ਹੇਠ ਅਸੀਂ ਆਪਣੇ ਬੱਚਿਆਂ ਨੂੰ ਦੱਬ ਦਿੱਤਾ ਹੈ। ਸਾਡੀਆਂ ਇਨ੍ਹਾਂ ਸਾਂਝੀਆਂ ਨਾਕਾਮੀਆਂ ਦੇ ਆਰਥਿਕ ਅਤੇ ਸਮਾਜਿਕ ਨੁਕਸਾਨਾਂ ਨੂੰ ਨੀਤੀਗਤ ਅਤੇ ਪ੍ਰਸ਼ਾਸਕੀ ਲਾਪਰਵਾਹੀ ਨੇ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ‘ਇੱਕ ਦੇਸ਼, ਇੱਕ ਪ੍ਰੀਖਿਆ ਏਜੰਸੀ’ ਵਾਲੀ ਨੀਤੀ ਤਹਿਤ ਨੈਸ਼ਨਲ ਟੈਸਟਿੰਗ ਏਜੰਸੀ ਦਾ ਗਠਨ ਕੀਤਾ ਗਿਆ, ਜਿਸ ਕੋਲ ਐਡੇ ਵੱਡੇ ਪੱਧਰ ’ਤੇ ਪ੍ਰੀਖਿਆਵਾਂ ਕਰਵਾਉਣ ਦੀ ਨਾ ਤਾਂ ਸਮਰੱਥਾ ਸੀ ਤੇ ਨਾ ਹੀ ਤਜਰਬਾ। ਐੱਨ ਟੀ ਏ ਵਿੱਚ ਫੈਲੇ ਭ੍ਰਿਸ਼ਟਾਚਾਰ ਨੇ ਪੇਪਰ ਲੀਕ ਹੋਣ ਦੇ ਰਾਹ ਖੋਲ੍ਹੇ ਅਤੇ 12ਵੀਂ ਦੀਆਂ ਪ੍ਰੀਖਿਆਵਾਂ ਦਾ ਮੁਲਾਂਕਣ ਕਰਨ ਲਈ ਓ ਐੱਸ ਐੱਮ ਵਰਗੀ ਨਾਕਸ ਅਤੇ ਬੇਲੋੜੀ ਤਕਨਾਲੋਜੀ ਮੜ੍ਹ ਦਿੱਤੀ ਗਈ। ਪਹਿਲਾਂ ਹੀ ਖ਼ਸਤਾ ਹਾਲ ਹੋ ਚੁੱਕੇ ਸਿੱਖਿਆ ਢਾਂਚੇ ਉੱਤੇ ਇਨ੍ਹਾਂ ਸਭ ਗੱਲਾਂ ਨੇ ਬਲਦੀ ’ਤੇ ਤੇਲ ਦਾ ਕੰਮ ਕੀਤਾ ਹੈ।

ਜੇਕਰ ਸਾਡੇ ‘ਸਭ ਤੋਂ ਹੁਸ਼ਿਆਰ’ ਵਿਦਿਆਰਥੀਆਂ ਨੂੰ ਇਹੋ ਜਿਹੀਆਂ ਕੌੜੀਆਂ ਹਕੀਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਜ਼ਰਾ ਸੋਚੋ ਕਿ ਇੱਕ ਆਮ ਵਿਦਿਆਰਥੀ ਕਿਨ੍ਹਾਂ ਹਾਲਾਤ ਵਿੱਚੋਂ ਲੰਘਦਾ ਹੋਵੇਗਾ। ਸਿਲੇਬਸ ਖ਼ਤਮ ਕਰਨ ਅਤੇ ਪਾਸ ਹੋਣ ਜੋਗੇ ਨੰਬਰ ਪੂਰੇ ਕਰਨ ਦੀ ਅੰਨ੍ਹੀ ਦੌੜ ਦਾ ਨਤੀਜਾ ਇਹ ਨਿਕਲਿਆ ਹੈ ਕਿ ਜਮਾਤ ਵਿੱਚ ਆਮ ਬੱਚਿਆਂ ਵੱਲ ਕੋਈ ਧਿਆਨ ਹੀ ਨਹੀਂ ਦਿੱਤਾ ਜਾਂਦਾ। ਅਰਥਸ਼ਾਸਤਰੀ ਲੈਂਟ ਪ੍ਰਿਚੇਟ ਦਾ ਅੰਦਾਜ਼ਾ ਹੈ ਕਿ ਸਕੂਲ ਜਾਣ ਵਾਲੇ 80 ਫ਼ੀਸਦੀ (ਪੰਜਾਂ ਵਿੱਚੋਂ ਚਾਰ) ਬੱਚੇ, ਜੋ ਜਮਾਤ ਵਿੱਚ ਸ਼ੁਰੂਆਤ ਤੋਂ ਹੀ ਪੜ੍ਹਨ ’ਚ ਅਸਮਰੱਥ ਹੁੰਦੇ ਹਨ, ਉਹ ਪੂਰਾ ਸਾਲ ਲੰਘਣ ਤੋਂ ਬਾਅਦ ਵੀ ਪੜ੍ਹਨ ਵਿੱਚ ਕੋਈ ਸੁਧਾਰ ਨਹੀਂ ਕਰ ਪਾਉਂਦੇ। ਇਨ੍ਹਾਂ ਬੱਚਿਆਂ ਲਈ ਕਲਾਸਰੂਮ ਸਿੱਖਣ ਦੀ ਥਾਂ ਨਹੀਂ, ਸਗੋਂ ‘ਸਜ਼ਾ ਕੱਟਣ ਦੀ ਥਾਂ’ ਬਣ ਕੇ ਰਹਿ ਗਿਆ ਹੈ। ਉਹ ਇੱਕ ਜਮਾਤ ਤੋਂ ਦੂਜੀ ਜਮਾਤ ਵਿੱਚ ਤਾਂ ਚਲੇ ਜਾਂਦੇ ਹਨ ਪਰ ਉਨ੍ਹਾਂ ਨੂੰ ਅੱਖਰ-ਗਿਆਨ ਅਤੇ ਹਿਸਾਬ ਦੀਆਂ ਬੁਨਿਆਦੀ ਗੱਲਾਂ ਵੀ ਸਮਝ ਨਹੀਂ ਆਉਂਦੀਆਂ। ਇਹ ਬਹੁਤ ਵੱਡੀ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਐਨੁਅਲ ਸਟੇਟਸ ਆਫ਼ ਐਜੂਕੇਸ਼ਨ ਰਿਪੋਰਟ ਦੇ ਸਰਵੇਖਣ ਸਾਨੂੰ ਵਾਰ-ਵਾਰ ਚੇਤੇ ਕਰਵਾਉਂਦੇ ਹਨ ਕਿ ਭਾਰਤ ਦੇ ਜ਼ਿਆਦਾਤਰ ਸਕੂਲੀ ਬੱਚੇ ਆਪਣੀ ਜਮਾਤ ਦੇ ਮਿਆਰ ਤੋਂ ਬਹੁਤ ਪਿੱਛੇ ਹਨ। ਰੱਟਾ-ਪ੍ਰਣਾਲੀ ਕੁੱਝ ਚੋਣਵੇਂ ਬੱਚਿਆਂ ਨੂੰ ਨੀਟ ਵਰਗੀਆਂ ਦਾਖ਼ਲਾ ਪ੍ਰੀਖਿਆਵਾਂ ਤਾਂ ਪਾਸ ਕਰਵਾ ਸਕਦੀ ਹੈ ਪਰ ਬਹੁਗਿਣਤੀ ਬੱਚਿਆਂ ਲਈ ਇਹ ਵੀ ਇੱਕ ਅਸੰਭਵ ਜਿਹਾ ਸੁਪਨਾ ਹੈ। ਇਨ੍ਹਾਂ ਗੱਲਾਂ ਵਿੱਚੋਂ ਕੋਈ ਵੀ ਅਜਿਹੀ ਨਹੀਂ ਜੋ ਭਾਰਤ ਦੀਆਂ ਸਿੱਖਿਆ ਨੀਤੀਆਂ ’ਤੇ ਹੁੰਦੀਆਂ ਬਹਿਸਾਂ ਵਿੱਚ ਨਵੀਂ ਹੋਵੇ। ਸੱਚ ਤਾਂ ਇਹ ਹੈ ਕਿ 2020 ਦੀ ਨਵੀਂ ਸਿੱਖਿਆ ਨੀਤੀ ਵਿੱਚ ਭਾਰਤੀ ਸਿੱਖਿਆ ਢਾਂਚੇ ਦੀਆਂ ਦੋਹਰੀਆਂ ਤ੍ਰਾਸਦੀਆਂ ਦਾ ਜ਼ਿਕਰ ਕੀਤਾ ਗਿਆ ਸੀ, ਪਹਿਲੀ ਇਹ ਕਿ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਦੀ ਇੱਕ ਵੱਡੀ ਗਿਣਤੀ ਬੁਨਿਆਦੀ ਤੌਰ ’ਤੇ ਪੜ੍ਹਨ-ਲਿਖਣ ਅਤੇ ਹਿਸਾਬ ਦੀ ਜਾਣਕਾਰੀ ਤੋਂ ਵਾਂਝੀ ਹੈ ਅਤੇ ਦੂਜੀ ਇਹ ਕਿ ਸਾਡੀ ਪ੍ਰੀਖਿਆ ਪ੍ਰਣਾਲੀ ਸਿਰਫ਼ ਰੱਟੇਬਾਜ਼ੀ ਨੂੰ ਪਰਖਦੀ ਹੈ, ਜਿਸ ਵਿੱਚ ਸਫ਼ਲ ਹੋਣ ਲਈ ‘ਮਹੀਨਿਆਂ ਦੀ ਕੋਚਿੰਗ’ ਦੀ ਲੋੜ ਪੈਂਦੀ ਹੈ। ਹਾਲਾਂਕਿ ਬੁਨਿਆਦੀ ਸਾਖਰਤਾ ਅਤੇ ਗਣਿਤ ’ਚ ਸੁਧਾਰ ਲਈ ਕੁਝ ਨਿਵੇਸ਼ ਜ਼ਰੂਰ ਹੋਇਆ ਹੈ ਪਰ ਸਰਕਾਰ ਦਾ ਬਹੁਤਾ ਧਿਆਨ ਨਵੀਂ ਸਿੱਖਿਆ ਨੀਤੀ ਨੂੰ ‘ਹਿੰਦੂਤਵ’ ਦੇ ਏਜੰਡੇ ਲਈ ਵਰਤਣ ਵੱਲ ਹੀ ਰਿਹਾ ਹੈ। ਇਸੇ ਲਈ ਸਾਡੀ ਸਾਰੀ ਊਰਜਾ ਭਾਰਤ ਦੇ ਮੁਗ਼ਲ ਇਤਿਹਾਸ ਨੂੰ ਕਿਤਾਬਾਂ ’ਚੋਂ ਮਿਟਾਉਣ ਲਈ ਪਾਠ-ਪੁਸਤਕਾਂ ਨੂੰ ਮੁੜ ਲਿਖਣ ਵਿੱਚ ਲੱਗੀ ਹੋਈ ਹੈ ਜਾਂ ਇਸ ਗੱਲ ’ਤੇ ਬਹਿਸਾਂ ਹੋ ਰਹੀਆਂ ਹਨ ਕਿ ਮੋਹੰਜੋਦੜੋ ਦੀ ਨੱਚਦੀ ਕੁੜੀ (ਮੂਰਤੀ) ਦਾ ਨੰਗਾ ਸਰੀਰ ਸਾਡੇ ਛੇਵੀਂ ਜਮਾਤ ਦੇ ਬੱਚਿਆਂ ਦੇ ਨੈਤਿਕ ਇਖ਼ਲਾਕ ਲਈ ਖ਼ਤਰਾ ਤਾਂ ਨਹੀਂ! ਦੂਜੇ ਪਾਸੇ, ਚੁੱਪ-ਚਾਪ ਸੀ ਯੂ ਈ ਟੀ ਵਰਗੀਆਂ ਪ੍ਰੀਖਿਆਵਾਂ ਲਾਗੂ ਕਰਕੇ ਕੋਚਿੰਗ ਮੰਡੀ ਦੇ ਖ਼ਤਰਨਾਕ ਜਾਲ ਨੂੰ ਹੋਰ ਵਧਾਉਣ ਦਾ ਰਸਤਾ ਸਾਫ਼ ਕੀਤਾ ਜਾ ਰਿਹਾ ਹੈ।

ਅੱਗੇ ਵਧਣ ਲਈ ਸਾਨੂੰ ਇਸ ਬਹਿਸ ਦੀ ਵਾਗਡੋਰ ਮੁੜ ਆਪਣੇ ਹੱਥਾਂ ਵਿੱਚ ਲੈਂਦਿਆਂ ਜਮਾਤ ਦੀ ਸਹਿਮਤੀ (Classroom Consensus) ਦੇ ਢਾਂਚੇ ਨੂੰ ਭੰਗ ਕਰਨ ’ਤੇ ਧਿਆਨ ਕੇਂਦਰਿਤ ਕਰਨਾ ਹੋਵੇਗਾ। ਇਸ ਲਈ ਤਿੰਨ ਅਹਿਮ ਥੰਮ੍ਹਾਂ ’ਤੇ ਕੰਮ ਕਰਨ ਦੀ ਲੋੜ ਹੈ: ਬੁਨਿਆਦੀ ਸਿੱਖਿਆ ਵਿੱਚ ਲਗਾਤਾਰ ਨਿਵੇਸ਼; ਅਤੇ ਪ੍ਰੀਖਿਆ ਪ੍ਰਣਾਲੀ ਨੂੰ ਮਹਿਜ਼ ਰੱਟੇਬਾਜ਼ੀ ਵਾਲੇ ਦੌਰ ’ਚੋਂ ਬਾਹਰ ਕੱਢਣਾ ਤਾਂ ਜੋ ਕਲਾਸਰੂਮ ਦਾ ਮਨੋਰਥ ਸਿਰਫ਼ ਸਿਲੇਬਸ ਖ਼ਤਮ ਕਰਵਾਉਣਾ ਨਾ ਰਹੇ ਸਗੋਂ ਵਿਸ਼ੇ ਦੀ ਡੂੰਘੀ ਸਮਝ ਬਣਾਉਣਾ ਹੋਵੇ (ਪ੍ਰਾਈਵੇਟ ਕੋਚਿੰਗ ਅਤੇ ਟਿਊਸ਼ਨਾਂ ਦੀ ਮੰਗ ਉਦੋਂ ਹੀ ਘਟੇਗੀ ਜੇਕਰ ਇਹ ਦੋਵੇਂ ਸ਼ਰਤਾਂ ਪੂਰੀਆਂ ਹੋਣਗੀਆਂ)। ਇਨ੍ਹਾਂ ਦੇ ਨਾਲ-ਨਾਲ ਸਿੱਖਿਆ ਦੇ ਹਰ ਪੱਧਰ ’ਤੇ ਸਰਕਾਰੀ ਨਿਵੇਸ਼ ਨੂੰ ਬਹੁਤ ਵੱਡੇ ਪੱਧਰ ’ਤੇ ਵਧਾਉਣਾ ਲਾਜ਼ਮੀ ਹੈ। ਸਿੱਖਿਆ ਨੀਤੀ ਦੀ ਦੁਨੀਆ ਵਿੱਚ ਸਾਡੀ ਰਾਜਨੀਤਿਕ ਚਰਚਾ ਵਿੱਚ ਮਿਆਰੀ ਸਰਕਾਰੀ ਸਿੱਖਿਆ ਨੂੰ ਪਹਿਲ ਨਾ ਦੇ ਸਕਣ ਦੀ ਨਾਕਾਮੀ ਨੂੰ ਜਮਹੂਰੀਅਤ ਦੀ ਹਾਰ ਮੰਨ ਕੇ ਅਫ਼ਸੋਸ ਜਤਾਉਣਾ ਇੱਕ ਆਮ ਜਿਹੀ ਗੱਲ ਬਣ ਚੁੱਕੀ ਹੈ। ਪਰ ਭਾਰਤੀ ਜਮਹੂਰੀਅਤ ਦੇ ਇਸ ਸਭ ਤੋਂ ਨਿਰਾਸ਼ਾਜਨਕ ਦੌਰ ਵਿੱਚ ਸਿੱਖਿਆ ਇੱਕ ਵੱਡੇ ਅੰਦੋਲਨ ਦਾ ਨਾਅਰਾ ਬਣ ਕੇ ਉੱਭਰੀ ਹੈ। ਸਾਡੇ ਕੋਲ ਹੁਣ ਇੱਕ ਅਜਿਹਾ ਸਿੱਖਿਆ ਢਾਂਚਾ ਸਿਰਜਣ ਦਾ ਸੁਨਹਿਰੀ ਮੌਕਾ ਹੈ ਜੋ ਸਾਡੇ ਨੌਜਵਾਨਾਂ ਦੇ ਸੁਪਨਿਆਂ ਦੇ ਹਾਣ ਦਾ ਹੋਵੇ। ਸਾਨੂੰ ਇਸ ਮੌਕੇ ਨੂੰ ਹੱਥੋਂ ਨਹੀਂ ਗੁਆਉਣਾ ਚਾਹੀਦਾ।

# ਹੜਤਾਲੀ ਸ.ਫਾਈ ਕਰਮਚਾਰੀਆਂ ਤੇ ਪੁਲਿਸ ਲਾਠੀਚਾਰਜ ਦੇ ਵਿਰੋਧ ਵਿਚ ਅਨਾਰਦਾਨਾ ਚੌਂਕ ਵਿਖੇ ਫੂਕਿਆ ਭਗਵੰਤ ਮਾਨ ਦਾ ਪੁੱਤਲਾ



**ਪਟਿਆਲਾ, 23 ਜੁਲਾਈ**
**-ਵਿਸ਼ਾਲ ਗੁਪਤਾ-**

ਸਾਂਝੀ ਸੰਘਰਸ਼ ਕਮੇਟੀ ਨਗਰ ਨਿਗਮ, ਸਫਾਈ ਸੇਵਕ ਯੂਨੀਅਨ ਪੰਜਾਬ ਦੇ ਜਿਲ੍ਹਾ ਪ੍ਰਧਾਨ ਸੁਨੀਲ ਬਿਡਲਾਨ, ਟੈਕਨੀਕਲ ਇੰਮਪਲਾਈਜ਼ ਯੂਨੀਅਨ, ਏ ਟੈਂਕ ਨਗਰ ਨਿਗਮ ਦੇ ਪ੍ਰਧਾਨ ਵਿਜੈ ਕੁਮਾਰ ਕਲਿਆਣ, ਸਫਾਈ ਸੇਵਕ ਯੂਨੀਅਨ ਪਟਿਆਲ ਪ੍ਰਧਾਨ ਸ਼ਮੀ ਕੁਮਾਰ, ਕੰਟ੍ਰੈਕਟ ਸਫਾਈ ਸੇਵਕ ਯੂਨੀਅਨ ਪ੍ਰਧਾਨ ਮੁਕੇਸ਼ ਰਾਹੀ ਆਦਿ ਆਗੂਆਂ ਦੀ ਅਗਵਾਈ ਵਿਚ ਹੱਕੀ ਮੰਗਾਂ ਨੂੰ ਲੈ ਕੇ ਨਗਰ ਨਿਗਮ, ਨਗਰ ਕੌਂਸਲਾਂ ਕਰਮਚਾਰੀਆਂ ਦੀ ਚੱਲ ਰਹੀ ਪੰਜਾਬ ਪੱਧਰ ਤੇ ਹੜਤਾਲ ਦੀ ਲੜੀ ਤਹਿਤ ਬਰਨਾਲਾ ਵਿਖੇ ਹੜਤਾਲ ਦੌਰਾਨ ਪ੍ਰਦਰਸ਼ਨ ਕਰਦਿਆਂ ਸਫਾਈ ਕਰਮਚਾਰੀਆਂ ਤੇ ਬਰਨਾਲਾ ਪੁਲਿਸ ਵੱਲੋਂ ਲਾਠੀਚਾਰਜ ਦੀ ਘਟਨਾ ਦੇ ਵਿਰੋਧ ਵਿਚ ਏ ਟੈਂਕ ਤੋਂ ਸ਼ੁਰੂ ਕਰ ਅਦਾਲਤ ਬਜਾਰ ਤੋਂ ਰੋਸ ਮਾਰਚ ਕੱਢਕੇ ਅਨਾਰਦਾਨਾ ਚੋਂਕ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁੱਤਲਾ ਫੂੱਕਿਆ ਗਿਆ । ਜਿਸ ਦੌਰਾਨ ਵਾਲਮੀਕਿ ਸਮਾਜ ਦੇ ਸੀਨੀਅਰ ਆਗੂਆਂ ਲਵਲੀ ਅਛੂਤ, ਰਾਜੇਸ਼ ਬੱਗਣ, ਅਰੁਨ ਧਾਲੀਵਾਲ ਵੱਲੋਂ ਵੀ ਸ਼ਮੂਲੀਅਤ ਕਰ ਪੰਜਾਬ ਪੁਲਿਸ ਅਤੇ ਪੰਜਾਬ ਸਰਕਾਰ ਦੀ ਇਸ ਕਾਰਵਾਈ ਨੂੰ ਲੈ ਕੇ ਭਾਰੀ ਰੋਸ ਜਤਾਇਆ ਗਿਆ। ਇਸ ਮੌਕੇ ਪ੍ਰਧਾਨ ਸੁਨੀਲ ਕੁਮਾਰ ਬਿਡਲਾਨ, ਵਿਜੈ ਕੁਮਾਰ ਕਲਿਆਣ, ਸ਼ਮੀ ਕੁਮਾਰ, ਮਕੇਸ਼ ਰਾਹੀ, ਵਿੱਕੀ ਕੁਮਾਰ ਗਿੱਲ, ਅਮਨ ਕੁਮਾਰ ਸ਼ਰਮਾ ਆਦਿ ਆਗੂਆਂ ਨੇ ਸਾਂਝੇ ਤੌਰ ਤੇ ਲਾਠੀਚਾਰਜ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਕਰਨਾ, ਕੱਚੇ ਕਰਮਚਾਰੀਆਂ ਨੂੰ ਪੱਕੇ ਕਰਨਾ, ਦਸ ਸਾਲਾਂ ਪੋਲਿਸੀ ਰੱਦ ਕਰਨ, ਸਾਢੇ ਪੰਜ ਸਾਲ ਦਾ ਪੈ ਕਮਿਸ਼ਨ ਬਕਾਇਆ ਦੇਣਾ ਆਦਿ ਮੰਗਾਂ ਨੂੰ ਲੈ ਕੇ ਸਫਾਈ ਸੇਵਕ ਯੂਨੀਅਨ ਪੰਜਾਬ ਵੱਲੋਂ ਕੰਮ ਛੋੜ ਹੜਤਾਲ ਚੱਲ ਰਹੀ ਹੈ, ਜਿਸ ਦੇ ਤਹਿਤ ਵੱਖ ਵੱਖ ਸ਼ਹਿਰਾਂ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬਰਨਾਲਾ ਵਿਖੇ ਹੜਤਾਲੀ ਸਫਾਈ ਕਰਮਚਾਰੀਆਂ ਤੇ ਲਾਠੀਚਾਰਜ ਕਰਨ ਨਾਲ ਸਮੂਹ ਸਫਾਈ ਕਰਮਚਾਰੀਆਂ ਤੇ ਵਾਲਮੀਕਿ ਸਮਾਜ ਵਿਚ ਭਾਰੀ ਰੋਸ ਦੀ ਲਹਿਰ ਚੱਲ ਰਹੀ ਹੈ । ਉਨ੍ਹਾਂ ਬਰਨਾਲਾ ਦੇ ਡੀ.ਐਸ.ਪੀ. ਅਤੇ ਐਸ.ਐਚ.ਓ. ਆਦਿ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਵੀ ਕੀਤੀ।

# ਸਵਰਗੀ ਐਡਵੋਕੇਟ ਡਿੰਪਲ ਖੱਤਰੀ ਦੇ ਨਾਮ ’ਤੇ ਰੱਖਿਆ ਜਾਵੇਗਾ ਸੜਕ ਦਾ ਨਾਮ: ਕੋਹਲੀ



**ਪਟਿਆਲਾ, 23 ਜੁਲਾਈ**
**-ਜੀ. ਐਸ. ਤੁੰਗ-**

ਸਵਰਗੀ ਐਡਵੋਕੇਟ ਡਿੰਪਲ ਖੱਤਰੀ ਦੇ ਨਾਮ ’ਤੇ ਸੜਕ ਦਾ ਨਾਮ ਰੱਖਣ ਲਈ ਪਟਿਆਲਾ (ਸ਼ਹਿਰੀ) ਤੋਂ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਜੀਨਗਰ ਸਮਾਜ ਦੀ ਮੰਗ ਨੂੰ ਅੱਗੇ ਵਧਾਉਂਦੇ ਹੋਏ ਨਗਰ ਨਿਗਮ ਦੇ ਮੇਅਰ ਅਤੇ ਨਿਗਮ ਕਮਿਸ਼ਨਰ ਨੂੰ ਮਤਾ ਪਾਸ ਕਰਨ ਲਈ ਕਿਹਾ ਹੈ।

ਸਵਰਗੀ ਐਡਵੋਕੇਟ ਡਿੰਪਲ ਖੱਤਰੀ ਦੇ ਪਰਿਵਾਰ ਅਤੇ ਜੀਨਗਰ ਸਮਾਜ ਵੱਲੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ ਸੀ, ਜਿਸ ਵਿੱਚ ਤੋਪਖਾਨਾ ਗੇਟ ਤੋਂ ਲੈ ਕੇ ਸ਼੍ਰੀ ਬਾਬਾ ਰਾਮਦੇਵ ਚੌਂਕ ਤੱਕ ਜਾਂਦੀ ਮੁੱਖ ਸੜਕ ਦਾ ਨਾਮ ÷ਐਡਵੋਕੇਟ ਡਿੰਪਲ ਖੱਤਰੀ ਮਾਰਗ÷ ਰੱਖਣ ਦੀ ਪੁਰਜ਼ੋਰ ਅਪੀਲ ਕੀਤੀ ਗਈ ਸੀ। ਜੀਨਗਰ ਸਮਾਜ ਦੇ ਨੁਮਾਇੰਦਿਆਂ ਦਾ ਕਹਿਣਾ ਹੈ ਕਿ ਐਡਵੋਕੇਟ ਡਿੰਪਲ ਖੱਤਰੀ ਨੇ ਇਲਾਕੇ ਦੇ ਲੋਕਾਂ ਅਤੇ ਸਮਾਜ ਦੀ ਸੇਵਾ ਵਿੱਚ ਅਹਿਮ ਯੋਗਦਾਨ ਪਾਇਆ ਹੈ, ਜਿਸ ਕਾਰਨ ਲੋਕਾਂ ਦੇ ਦਿਲਾਂ ਵਿੱਚ ਉਨ੍ਹਾਂ ਲਈ ਡੂੰਘਾ ਸਤਿਕਾਰ ਹੈ। ਕੋਹਲੀ ਨੇ ਨਗਰ ਨਿਗਮ ਦੇ ਮੇਅਰ ਨੂੰ ਲਿਖੇ ਆਪਣੇ ਸਿਫ਼ਾਰਸ਼ੀ ਪੱਤਰ ਵਿੱਚ ਇਸ ਮੰਗ ਦੀ ਅਹਿਮੀਅਤ ’ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ÷ਇਹ ਮੰਗ ਕੇਵਲ ਜੀਨਗਰ ਸਮਾਜ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਹ ਪੂਰੇ ਪਟਿਆਲਾ ਸ਼ਹਿਰ ਵਾਸੀਆਂ ਦੀਆਂ ਭਾਵਨਾਵਾਂ ਨਾਲ ਜੁੜੀ ਹੋਈ ਹੈ। ਐਡਵੋਕੇਟ ਡਿੰਪਲ ਖੱਤਰੀ ਨੇ ਸਮਾਜ ਭਲਾਈ ਅਤੇ ਨਿਆਂ ਦੇ ਖੇਤਰ ਵਿੱਚ ਜੋ ਕਾਰਜ ਕੀਤੇ ਹਨ, ਉਹ ਹਮੇਸ਼ਾ ਯਾਦ ਰੱਖੇ ਜਾਣਗੇ।÷

ਵਿਧਾਇਕ ਕੋਹਲੀ ਨੇ ਨਗਰ ਨਿਗਮ ਮੇਅਰ ਨੂੰ ਅਪੀਲ ਕੀਤੀ ਹੈ ਕਿ ਆਉਣ ਵਾਲੇ ਨਗਰ ਨਿਗਮ ਦੇ ਜਨਰਲ ਹਾਊਸ ਦੀ ਮੀਟਿੰਗ ਵਿੱਚ ਇਸ ਮਤੇ ਨੂੰ ਪਹਿਲ ਦੇ ਆਧਾਰ ’ਤੇ ਰੱਖ ਕੇ ਜਲਦ ਤੋਂ ਜਲਦ ਮਨਜ਼ੂਰੀ ਦਿੱਤੀ ਜਾਵੇ।

ਤਾਂ ਜੋ ਇਸ ਸੜਕ ਦਾ ਨਾਮਕਰਨ ਸਰਕਾਰੀ ਤੌਰ ’ਤੇ ਅਮਲ ਵਿੱਚ ਲਿਆਂਦਾ ਜਾ ਸਕੇ। ਗੱਲਬਾਤ ਕਰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਆਖਿਆ ਕਿ ਸੜਕ ਦਾ ਨਾਮ ਐਡਵੋਕੇਟ ਡਿੰਪਲ ਖੱਤਰੀ ਦੇ ਨਾਮ ’ਤੇ ਰੱਖਣਾ ਉਨ੍ਹਾਂ ਦੀਆਂ ਸਮਾਜਿਕ ਸੇਵਾਵਾਂ ਨੂੰ ਇੱਕ ਸੱਚੀ ਸ਼ਰਧਾਂਜਲੀ ਹੋਵੇਗੀ।

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਆਰ.ਟੀ.ਓ. ਪਟਿਆਲਾ ਵੱਲੋਂ ਸਕੂਲੀ ਵਾਹਨਾਂ ਦੀ ਸਖ਼ਤ ਚੈਕਿੰਗ

## ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਸ਼ੇਸ਼ ਐਨਫੋਰਸਮੈਂਟ ਮੁਹਿੰਮ ਚਲਾਈ ਗਈ: ਡੀ.ਐੱਸ.ਪੀ. (ਟਰੈਫਿਕ)

**ਪਟਿਆਲਾ, 23 ਜੁਲਾਈ**
**-ਛਤਰਪਾਲ ਸਿੰਘ-**

ਸੇਫ ਸਕੂਲ ਵਾਹਨ ਪਾਲਿਸੀ ਤਹਿਤ ਚੱਲ ਰਹੀ ਵਿਸ਼ੇਸ਼ ਐਨਫੋਰਸਮੈਂਟ ਮੁਹਿੰਮ ਦੇ ਤਹਿਤ ਅੱਜ ਡਾ. ਪੂਨਮ ਪ੍ਰੀਤ ਕੌਰ, ਰੀਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.), ਪਟਿਆਲਾ ਵੱਲੋਂ ਸ਼੍ਰੀ ਪੁਨੀਤ ਸਿੰਘ ਚਾਹਲ, ਡੀ.ਐੱਸ.ਪੀ. (ਟਰੈਫਿਕ), ਸ਼੍ਰੀ ਮਨਜੋਤ ਸਿੰਘ, ਸਹਾਇਕ ਟਰਾਂਸਪੋਰਟ ਅਫ਼ਸਰ (ਏ.ਟੀ.ਓ.) ਪਟਿਆਲਾ, ਸ਼੍ਰੀਮਤੀ ਰੁਪਵੰਤ ਕੌਰ, ਚਾਈਲਡ ਪ੍ਰੋਟੈਕਸ਼ਨ ਅਫ਼ਸਰ (ਸੀ.ਪੀ.ਓ.) ਅਤੇ ਡਾ. ਰਵਿੰਦਰ ਪਾਲ ਸਿੰਘ, ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ (ਡਿਪਟੀ ਡੀ.ਈ.ਓ.) ਦੇ ਨਾਲ ਮਿਲ ਕੇ ਸਕੂਲੀ ਵਾਹਨਾਂ ਦੀ ਸਾਂਝੀ ਚੈਕਿੰਗ ਕੀਤੀ ਗਈ।

ਇਸ ਐਨਫੋਰਸਮੈਂਟ ਮੁਹਿੰਮ ਦੌਰਾਨ ਸਕੂਲੀ ਬੱਸਾਂ, ਵੈਨਾਂ, ਆਟੋ ਰਿਕਸ਼ਿਆਂ ਅਤੇ ਈ-ਰਿਕਸ਼ਿਆਂ ਦੀ ਜਾਂਚ ਕੀਤੀ ਗਈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਸੇਫ ਸਕੂਲ ਵਾਹਨ ਪਾਲਿਸੀ ਅਤੇ ਮੋਟਰ ਵਾਹਨ ਐਕਟ ਦੇ ਨਿਯਮਾਂ ਦੀ ਪਾਲਣਾ ਕਰ ਰਹੇ ਹਨ। ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਮੌਕੇ ’ਤੇ ਹੀ ਚਲਾਨ ਕੀਤੇ ਗਏ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।



ਸਕੂਲੀ ਵਾਹਨਾਂ ਦੇ ਕੁੱਲ 15 ਚਲਾਨ ਕੀਤੇ ਗਏ, ਜਿਨ੍ਹਾਂ ਦੀ ਕੁੱਲ ਜੁਰਮਾਨਾ ਰਕਮ ?2,14,500/- ਬਣਦੀ ਹੈ। ਐਨਫੋਰਸਮੈਂਟ ਮੁਹਿੰਮ ਦੌਰਾਨ ਇੱਕ ਟਿੱਪਰ ਸਮੇਤ ਕੁੱਲ 8 ਹੋਰ ਵਾਹਨਾਂ ਦੇ ਵੀ ਚਲਾਨ ਕੀਤੇ ਗਏ, ਜਿਨ੍ਹਾਂ ਦੀ ਕੁੱਲ ਜੁਰਮਾਨਾ ਰਕਮ ?1,46,000/- ਬਣਦੀ ਹੈ।

ਡਾ. ਪੂਨਮ ਪ੍ਰੀਤ ਕੌਰ ਨੇ ਦੱਸਿਆ ਕਿ ਐਨਫੋਰਸਮੈਂਟ ਟੀਮਾਂ ਵੱਲੋਂ ਚੈਕਿੰਗ ਦੀ ਪ੍ਰਕਿਰਿਆ ਨੂੰ ਬਹੁਤ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ। ਈ-ਚਲਾਨ ਤੁਰੰਤ ਜਾਰੀ ਕੀਤੇ ਗਏ ਅਤੇ ਸਕੂਲੀ ਵਾਹਨਾਂ ਨੂੰ ਬੇਲੋੜੇ ਸਮੇਂ ਲਈ ਨਹੀਂ ਰੋਕਿਆ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਹੀਂ ਹੋਈ ਅਤੇ ਆਵਾਜਾਈ ਵੀ ਸੁਚਾਰੂ ਢੰਗ ਨਾਲ ਚੱਲਦੀ ਰਹੀ।

ਮੁਹਿੰਮ ਦੌਰਾਨ ਇੱਕ ਸਕੂਲ ਬੱਸ ਅਤੇ ਇੱਕ ਈ-ਰਿਕਸ਼ਾ, ਜੋ ਸਕੂਲੀ ਬੱਚਿਆਂ ਨੂੰ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਦਿਆਂ ਲਿਜਾ ਰਹੇ ਸਨ, ਦਾ ਚਲਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਇੰਪਾਊਂਡ ਵੀ ਕੀਤਾ ਗਿਆ। ਬੱਚਿਆਂ ਦੀ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੰਦਿਆਂ, ਚਾਈਲਡ ਪ੍ਰੋਟੈਕਸ਼ਨ ਅਫ਼ਸਰ ਸ਼੍ਰੀਮਤੀ ਰੁਪਵੰਤ ਕੌਰ ਵੱਲੋਂ ਬੱਚਿਆਂ ਨੂੰ ਖੁਦ ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਮੰਜ਼ਿਲ ਸਥਾਨ ਤੱਕ ਪਹੁੰਚਾਇਆ ਗਿਆ।

ਚੈਕਿੰਗ ਦੌਰਾਨ ਟੀਮ ਵੱਲੋਂ ਮੌਕੇ ’ਤੇ ਮੌਜੂਦ ਮਾਪਿਆਂ ਅਤੇ ਸਰਪ੍ਰਸਤਾਂ ਨਾਲ ਵੀ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਬੱਚਿਆਂ ਨੂੰ ਕੇਵਲ ਅਧਿਕਾਰਤ, ਸੁਰੱਖਿਅਤ ਅਤੇ ਨਿਯਮਾਂ ਅਨੁਸਾਰ ਚੱਲਣ ਵਾਲੇ ਸਕੂਲੀ ਵਾਹਨਾਂ ਵਿੱਚ ਹੀ ਭੇਜਣ। ਉਨ੍ਹਾਂ ਨੂੰ ਇਹ ਵੀ ਜਾਗਰੂਕ ਕੀਤਾ ਗਿਆ ਕਿ ਗੈਰ-ਅਧਿਕਾਰਤ ਜਾਂ ਅਸੁਰੱਖਿਅਤ ਵਾਹਨਾਂ ਵਿੱਚ ਬੱਚਿਆਂ ਨੂੰ ਭੇਜਣਾ ਉਨ੍ਹਾਂ ਦੀ ਜਾਨ ਲਈ ਗੰਭੀਰ ਖ਼ਤਰਾ ਬਣ ਸਕਦਾ ਹੈ।

ਅਧਿਕਾਰੀਆਂ ਨੇ ਦੁਹਰਾਇਆ ਕਿ ਸੇਫ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਅਤੇ ਸਕੂਲੀ ਬੱਚਿਆਂ ਲਈ ਸੁਰੱਖਿਅਤ ਆਵਾਜਾਈ ਦਾ ਮਾਹੌਲ ਮੁਹੱਈਆ ਕਰਵਾਉਣ ਲਈ ਅਜਿਹੀਆਂ ਚੈਕਿੰਗ ਮੁਹਿੰਮਾਂ ਜ਼ਿਲ੍ਹੇ ਭਰ ਵਿੱਚ ਨਿਯਮਿਤ ਤੌਰ ’ਤੇ ਜਾਰੀ ਰਹਿਣਗੀਆਂ। ਉਨ੍ਹਾਂ ਨੇ ਸਮੂਹ ਨਾਗਰਿਕਾਂ, ਸਕੂਲ ਪ੍ਰਬੰਧਕਾਂ ਅਤੇ ਵਾਹਨ ਚਾਲਕਾਂ ਨੂੰ ਬੱਚਿਆਂ ਦੀ ਸੜਕ ਸੁਰੱਖਿਆ ਦੇ ਮੱਦੇਨਜ਼ਰ ਪ੍ਰਸ਼ਾਸਨ ਅਤੇ ਐਨਫੋਰਸਮੈਂਟ ਏਜੰਸੀਆਂ ਦਾ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ।

# ਬਿਜਲੀ ਕਾਮਿਆਂ ਨੇ ਤੀਜੇ ਦਿਨ ਹੜਤਾਲ ਕਰਕੇ ਕੰਮ ਜਾਮ ਕੀਤਾ



**ਪਟਿਆਲਾ, 23 ਜੁਲਾਈ**
**-ਬਲਜੀਤ ਸਰਨਾ-**

ਟੈਕਨੀਕਲ ਸਰਵਿਸ ਯੂਨੀਅਨ ਦੇ ਸਰਕਲ ਪ੍ਰਧਾਨ ਹਰਜੀਤ ਸਿੰਘ ਸੇਖੋਂ ਅਤੇ ਸਰਕਲ ਸਹਾਇਕ ਸਕੱਤਰ ਇੰਦਰਜੀਤ ਸਿੰਘ ਨੇ ਸਾਂਝੇ ਬਿਆਨ ਵਿੱਚ ਦੱਸਿਆ ਕਿ ਪਟਿਆਲਾ ਸਰਕਲ ਦੇ ਸੈਂਕੜੇ ਬਿਜਲੀ ਕਾਮਿਆਂ ਨੇ ਟੈਕਨੀਕਲ ਸਰਕਲ ਦੇ ਸੈਂਕੜੇ ਬਿਜਲੀ ਕਾਮਿਆਂ ਨੇ ਟੈਕਨੀਕਲ ਸਰਵਿਸ ਯੂਨੀਅਨ ਦੇ ਸੱਦੇ ਤੇ ਤੀਜੇ ਦਿਨ ਹੜਤਾਲ ਕੀਤੀ। ਇਹ ਹੜਤਾਲ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕਰਨ ਲਈ ਮਿਤੀ 17—07—20 ਦੇ ਪੱਤਰ ਨੂੰ ਰੱਦ ਕਰਕੇ ਬਿਜਲੀ ਕਾਮਿਆਂ ਨੂੰ 7ਵੇਂ ਪੇਅ ਕਮਿਸ਼ਨ ਦੀ ਥਾਂ 6ਵਾਂ ਪੇ ਕਮਿਸ਼ਨ ਦਿੱਤਾ ਜਾਵੇ। ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ। ਸਹਾਇਕ ਲਾਇਨਮੈਨਾਂ ਨੂੰ 35400 ਸਕੇਲ ਦਿੱਤਾ ਜਾਵੇ। ਨਿਜੀਕਰਨ ਵਿਰੁੱਧ ਸੰਘਰਸ਼ ਕਰਦੇ ਬਨਾਰਸੀ ਦਾਸ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਬਹਾਲ ਕੀਤਾ ਜਾਵੇ। ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ਅਤੇ ਮੁਲਾਜਮਾਂ ਦਾ ਡੀ.ਏ. 60# ਕੀਤਾ ਜਾਵੇ ਆਦਿ ਮੰਗਾਂ ਨੂੰ ਲੈ ਕੇ ਸਮੂੰਹਕ ਛੁੱਟੀ ਭਰ ਕੇ ਕੰਮ ਜਾਮ ਕੀਤਾ। ਇਸ ਧਰਨੇ ਵਿੱਚ 400 ਤੋਂ ਵੱਧ ਸਾਥੀਆਂ ਨੇ ਹਿੱਸਾ ਲਿਆ। ਇਸ ਧਰਨੇ ਨੂੰ ਟੀ.ਐਸ.ਯੂ. ਵੱਲੋਂ ਹਰਜੀਤ ਸਿੰਘ, ਇੰਦਰਜੀਤ ਸਿੰਘ, ਭਗਵਾਨ ਸਿੰਘ, ਕਰਮਜੀਤ ਸਿੰਘ, ਵਿਜੇ ਦੇਵ, ਗੁਰਦੀਪ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਭਰਾਤਰੀ ਜੱਥੇਬੰਦੀ ਸੀ.ਐਚ.ਬੀ. ਯੂਨੀਅਨ ਵੱਲੋਂ ਦਿਲਪ੍ਰੀਤ ਸਿੰਘ, ਬਿੱਕਰ ਖਾਨ, ਦਵਿੰਦਰ ਸਿੰਘ ਹੈਪੀ, ਤੇ ਮੰਗਲ ਸਿੰਘ ਨੇ ਸੰਬੋਧਨ ਕੀਤਾ। ਭਰਾਤਰੀ ਜੱਥੇਬੰਦੀ ਸੀ.ਐਚ.ਬੀ. ਨੇ ਕਿਹਾ ਕਿ ਜੇਕਰ ਲੋੜ ਪੜੀ ਐਚ.ਬੀ. ਯੂਨੀਅਨ ਟੀ.ਐਸ.ਯੂ. ਦੇ ਨਾਲ ਮੋਡੇ ਨਾਲ ਮੋਡਾ ਲਾ ਕੇ ਖੜੇਗੀ।

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807




# ਮੁੱਖ ਮੰਤਰੀ ਸਿਹਤ ਯੋਜਨਾ ਦੇ 50.3 ਲੱਖ ਤੋਂ ਵੱਧ ਈ:ਸਿਹਤ ਕਾਰਡ ਜਾਰੀ: ਸਿਹਤ ਮੰਤਰੀ



**ਪਟਿਆਲਾ, 23 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਰੰਭੀ ਯੂਨੀਵਰਸਲ ਹੈਲਥ ਸਕੀਮ 'ਮੁੱਖ ਮੰਤਰੀ ਸਿਹਤ ਯੋਜਨਾ' ਆਪਣੇ ਕੇਵਲ ਸਾਢੇ 6 ਮਹੀਨਿਆਂ 'ਚ ਹੀ 5.12 ਲੱਖ ਲੋਕਾਂ ਨੂੰ 914 ਕਰੋੜ ਰੁਪਏ ਤੋਂ ਵੱਧ ਦਾ ਨਕਦ ਰਹਿਤ ਮੁਫ਼ਤ ਇਲਾਜ ਮੁਹੱਈਆ ਕਰਵਾਕੇ ਪੰਜਾਬੀਆਂ ਲਈ ਵਰਦਾਨ ਸਾਬਤ ਹੋਈ ਹੈ।

ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਖੇ ਪ੍ਰੈਸ ਕਾਨਫਰੰਸ ਮੌਕੇ ਅੰਕੜੇ ਜਾਰੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੁਣ ਤੱਕ 50.3 ਲੱਖ ਤੋਂ ਵੱਧ ਈ-ਸਿਹਤ ਕਾਰਡ ਜਾਰੀ ਕੀਤੇ ਗਏ ਹਨ ਅਤੇ ਇਸ ਯੋਜਨਾ ਨੇ ਮਰੀਜ਼ਾਂ ਨੂੰ ਬਗੈਰ ਵਿੱਤੀ ਬੋਝ ਤੋਂ ਜੀਵਨ-ਰੱਖਿਅਕ ਅਤੇ ਮਹਿੰਗੇ ਇਲਾਜ ਪ੍ਰਾਪਤ ਕਰਨ ਦੇ ਯੋਗ ਬਣਾਇਆ ਹੈ। ਉਨ੍ਹਾਂ ਨੇ ਹਰੇਕ ਯੋਗ ਪਰਿਵਾਰ ਤੱਕ ਵਿੱਤੀ ਤੰਗੀ ਤੋਂ ਬਿਨਾਂ ਗੁਣਵੱਤਾ ਵਾਲੀ ਸਿਹਤ ਸੰਭਾਲ ਪਹੁੰਚ ਯਕੀਨੀ ਬਣਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਪ੍ਰਗਟਾਈ।

ਸਿਹਤ ਮੰਤਰੀ ਨੇ ਦੱਸਿਆ ਕਿ ਯੋਗ ਪਰਿਵਾਰਾਂ ਲਈ ਮੁਫ਼ਤ, ਨਕਦ ਰਹਿਤ ਅਤੇ ਗੁਣਵੱਤਾ ਵਾਲੀ ਸਿਹਤ ਸੰਭਾਲ ਯਕੀਨੀ ਬਣਾਉਂਦੇ ਹੋਏ ਮੁੱਖ ਮੰਤਰੀ ਸਿਹਤ ਯੋਜਨਾ ਨੇ ਰਾਜ ਭਰ ਵਿੱਚ ਸਰਵ ਵਿਆਪਕ ਸਿਹਤ ਕਵਰੇਜ ਨੂੰ ਮਜ਼ਬੂਤ ਕੀਤਾ ਹੈ, ਜਿਸ ਕਰਕੇ ਇਸ ਯੋਜਨਾ ਨੂੰ ਭਾਰੀ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ 733 ਮਰੀਜਾਂ ਦਾ ਕੈਂਸਰ ਦਾ ਇਲਾਜ ਹੋਇਆ ਤੇ ਲੋਕ ਆਪਣੇ ਖਰਾਬ ਹੋਏ ਗੋਡੇ ਬਦਲਵਾ ਰਹੇ ਹਨ, ਅੱਖਾਂ ਦੇ ਉਪਰੇਸ਼ਨ ਤੇ ਦਿਲ ਦਾ ਇਲਾਜ ਵੀ ਹੋ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ, ਜਿਨ੍ਹਾਂ ਦੀ ਗਿਣਤੀ 868 ਹੈ, ਵਿੱਚ ਮਰੀਜ ਨਕਦ ਰਹਿਤ ਇਲਾਜ ਪ੍ਰਾਪਤ ਕਰ ਰਹੇ ਹਨ। ਇਸ ਤਰ੍ਹਾਂ ਇਸ ਇਲਾਜ ਨੇ ਰਾਜ ਭਰ ਦੇ 2,50,359 ਪਰਿਵਾਰਾਂ ਨੂੰ ਲਾਭ ਪਹੁੰਚਾਇਆ ਹੈ। ਇਨ੍ਹਾਂ ਲਾਭਪਾਤਰੀਆਂ ਵਿੱਚੋਂ 1.65 ਲੱਖ ਨੇ ਇਸ ਯੋਜਨਾ ਅਧੀਨ ਆਪਣੀਆਂ ਸਰਜਰੀਆਂ ਕਰਵਾਈਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਸਕੀਮ ਨੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿਚਕਾਰ ਮਜ਼ਬੂਤ ਭਾਈਵਾਲੀ ਜਾਹਰ ਕੀਤੀ ਹੈ ਅਤੇ ਸਰਕਾਰੀ ਹਸਪਤਾਲਾਂ ਨੇ 2,29,551 ਇਲਾਜ (45 ਫੀਸਦੀ) ਕੀਤੇ ਅਤੇ ਨਿੱਜੀ ਹਸਪਤਾਲਾਂ ਨੇ 2, 83, 089 ਇਲਾਜ (55 ਫੀਸਦੀ) ਇਲਾਜ ਪ੍ਰਦਾਨ ਕੀਤੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਜਨਤਕ ਅਤੇ ਨਿੱਜੀ ਸਿਹਤ ਸੰਭਾਲ ਸੰਸਥਾਵਾਂ ਦੀ ਇਸ ਸੰਤੁਲਿਤ ਭਾਗੀਦਾਰੀ ਨੇ ਪੰਜਾਬ ਭਰ ਵਿੱਚ ਗੁਣਵੱਤਾ ਵਾਲੀਆਂ ਸਿਹਤ ਸੰਭਾਲ ਸੇਵਾਵਾਂ ਤੱਕ ਪਹੁੰਚ ਵਿੱਚ ਕਾਫ਼ੀ ਸੁਧਾਰ ਕੀਤਾ ਹੈ।ਉਨ੍ਹਾਂ ਨੇ ਇਸ ਗੱਲ ਉਪਰ ਅਫ਼ਸੋਸ ਵੀ ਜਾਹਰ ਕੀਤਾ ਕਿ ਜਿੱਥੇ ਰਾਜ ਦੇ ਨਿਜੀ ਹਸਪਤਾਲ ਇੰਪੈਨਲ ਹੋ ਰਹੇ ਹਨ, ਉਥੇ ਕੇਂਦਰ ਸਰਕਾਰ ਵੱਲੋਂ ਪੀਜੀਆਈ ਚੰਡੀਗੜ੍ਹ ਨੂੰ ਇਸ ਸਕੀਮ ਨਾਲ ਨਾ ਜੋੜਨਾਂ ਪੰਜਾਬੀਆਂ ਨਾਲ ਵਿਤਕਰਾ ਅਤੇ ਧੱਕਾ ਹੈ।

ਡਾ. ਬਲਬੀਰ ਸਿੰਘ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਹ ਸਕੀਮ ਸ਼ੁਰੂ ਕਰਕੇ ਪੰਜਾਬੀਆਂ ਨੂੰ ਮਾਨਸਿਕ, ਆਰਥਿਕ ਤੇ ਕਰਜ਼ੇ ਦੇ ਦਬਾਅ ਤੋਂ ਬਚਾਇਆ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਪੰਜਾਬ ਭਰ ਵਿੱਚ 24,96,313 ਪਰਿਵਾਰ ਸ਼ਾਮਲ ਹਨ, ਇਨ੍ਹਾਂ ਵਿੱਚ ਕੁੱਲ ਲਾਭਪਾਤਰੀਆਂ ਵਿੱਚੋਂ 24.3 ਲੱਖ (48 ਫੀਸਦੀ) ਪੁਰਸ਼ ਹਨ, ਅਤੇ 26 ਲੱਖ (52 ਫੀਸਦੀ) ਔਰਤਾਂ ਹਨ, ਜੋ ਕਿ ਇਸ ਯੋਜਨਾ ਅਧੀਨ ਔਰਤਾਂ ਦੀ ਮਜ਼ਬੂਤ ਸ਼ਮੂਲੀਅਤ ਨੂੰ ਦਰਸਾਉਂਦਾ ਹੈ। ਇਨ੍ਹਾਂ ਵਿੱਚ 34.2 ਲੱਖ (68 ਫੀਸਦੀ) ਲਾਭਪਾਤਰੀ ਪੇਂਡੂ ਖੇਤਰਾਂ ਤੋਂ ਹਨ, ਜਦੋਂ ਕਿ 16.1 (32 ਫੀਸਦੀ) ਸ਼ਹਿਰੀ ਖੇਤਰਾਂ ਤੋਂ ਹਨ।

ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਵਿੱਚੋਂ, ਲੁਧਿਆਣਾ ਨੇ ਸਭ ਤੋਂ ਵੱਧ 5,46,380 ਈ-ਕਾਰਡ ਜਾਰੀ ਕੀਤੇ ਹਨ, ਜਿਸ ਵਿੱਚ 2,69,372 ਪਰਿਵਾਰ ਸ਼ਾਮਲ ਹਨ, ਇਸ ਤੋਂ ਬਾਅਦ ਪਟਿਆਲਾ ਨੇ 4, 56,730 ਕਾਰਡ ਜਾਰੀ ਕੀਤੇ, ਜਿਨ੍ਹਾਂ 'ਚ 2,15,373 ਪਰਿਵਾਰ), ਜਲੰਧਰ 'ਚ (3,69,335 ਕਾਰਡ; 1, 85,285 ਪਰਿਵਾਰ) ਅਤੇ ਹੁਸ਼ਿਆਰਪੁਰ (3,45,094 ਕਾਰਡ; 1,64,941 ਪਰਿਵਾਰ) ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਲਾਜ ਦੇ ਮਾਮਲਿਆਂ ਵਿੱਚ ਪਟਿਆਲਾ ਅਤੇ ਬਠਿੰਡਾ ਮੋਹਰੀ ਹਨ।

ਡਾ. ਬਲਬੀਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਸਕੀਮ ਨੇ ਮਰੀਜ਼ਾਂ ਨੂੰ ਵਿੱਤੀ ਬੋਝ ਤੋਂ ਬਿਨਾਂ ਜੀਵਨ-ਰੱਖਿਅਕ ਅਤੇ ਮਹਿੰਗੇ ਇਲਾਜ ਪ੍ਰਾਪਤ ਕਰਨ ਦੇ ਯੋਗ ਬਣਾਇਆ ਹੈ।

ਸਭ ਤੋਂ ਵੱਧ ਵਰਤੇ ਜਾਣ ਵਾਲੇ ਇਲਾਜ ਪੈਕੇਜਾਂ ਕ੍ਰੌਨਿਕ ਹੀਮੋਡਾਇਲਿਸਿਸ , ਜਾਨਵਰਾਂ ਦੇ ਕੱਟਣ ਦਾ ਪ੍ਰਬੰਧਨ (ਸੱਪ ਦੇ ਕੱਟਣ ਨੂੰ ਛੱਡ ਕੇ), ਗੋਡੇ ਬਦਲਣੇ, ਕਾਮਨ ਬਾਇਲ ਡਕਟ ਤੋਂ ਬਿਨਾਂ ਪਿੱਤੇ ਦੀ ਬਲੈਡਰ ਸਰਜਰੀ, ਪਰਕਿਊਟੇਨੀਅਸ ਟ੍ਰਾਂਸਲੂਮਿਨਲ ਕੋਰੋਨਰੀ ਐਂਜੀਓਪਲਾਸਟੀ, ਡਾਇਗਨੌਸਟਿਕਸ ਸਮੇਤ ਟੋਟਲ ਹਿੱਪ ਬਦਲਣ, ਪਰਕਿਊਟੇਨੀਅਸ ਨੈਫਰੋਲੀਥੋਟੋਮੀ, ਕੋਰੋਨਰੀ ਆਰਟਰੀ ਬਾਈਪਾਸ ਗ੍ਰਾਫਟਿੰਗ, ਹੱਡੀਆਂ ਦੇ ਮੈਟਾਫਾਈਸੀਲ ਫ੍ਰੈਕਚਰ, ਇੰਟੈਂਸਿਵ ਨਵਜੰਮੇ ਬੱਚੇ ਦੀ ਦੇਖਭਾਲ, ਕ੍ਰੌਨਿਕ ਗੁਰਦੇ ਦੀ ਬਿਮਾਰੀ ਸਮੇਤ ਕ੍ਰੌਨਿਕ ਹੀਮੋਡਾਇਆਲਿਸਿਸ ਦਾ ਲਾਭ ਲੈਣ ਵਾਲੇ ਲਾਭਪਾਤਰੀ ਦੀ ਵੱਡੀ ਗਿਣਤੀ ਵਾਲੇ ਮਰੀਜ਼ਾਂ ਦੀ ਸਹਾਇਤਾ ਵਿੱਚ ਯੋਜਨਾ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਦੀ ਹੈ, ਜਿਨ੍ਹਾਂ ਲਈ ਡਾਇਲਸਿਸ ਇੱਕ ਜੀਵਨ-ਨਿਰਭਰ ਇਲਾਜ ਹੈ ਜਿਸਦੀ ਹਰ ਹਫ਼ਤੇ ਕਈ ਵਾਰ ਲੋੜ ਹੁੰਦੀ ਹੈ।

ਉਨ੍ਹਾਂ ਦੱਸਿਆ ਕਿ ਇਹ ਯੋਜਨਾ ਨਕਦ ਰਹਿਤ ਅਤੇ ਨਿਰਵਿਘਨ ਡਾਇਲਿਸਿਸ ਸੇਵਾਵਾਂ ਪ੍ਰਦਾਨ ਕਰਕੇ, ਇਹ ਸਕੀਮ ਨਾ ਸਿਰਫ਼ ਜਾਨਾਂ ਬਚਾਉਂਦੀ ਹੈ ਬਲਕਿ ਪਰਿਵਾਰਾਂ ਨੂੰ ਦੇਖਭਾਲ ਦੀ ਨਿਰੰਤਰਤਾ ਅਤੇ ਜੀਵਨ ਦੀ ਬਿਹਤਰ ਗੁਣਵੱਤਾ ਨੂੰ ਯਕੀਨੀ ਬਣਾਉਂਦੇ ਹੋਏ ਵਿਨਾਸ਼ਕਾਰੀ ਸਿਹਤ ਸੰਭਾਲ ਖਰਚਿਆਂ ਤੋਂ ਵੀ ਬਚਾਉਂਦੀ ਹੈ।

ਨਿਜੀ ਹਸਪਤਾਲਾਂ ਵਿਰੁੱਧ ਕੀਤੀ ਕਾਰਵਾਈ ਬਾਰੇ ਪੱਤਰਕਾਰਾਂ ਵੱਲੋਂ ਪੁੱਛੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਆਪਣੀ ਆਡਿਟ ਪ੍ਰਣਾਲੀ ਨੂੰ ਬੇਹੱਦ ਮਜ਼ਬੂਤ ਕੀਤਾ ਹੈ ਅਤੇ ਕੀਤੀ ਗਈ ਪੜਤਾਲ ਦੌਰਾਨ 6 ਮਰੀਜਾਂ ਦੇ 2 ਲੱਖ 98 ਹਜਾਰ ਰੁਪਏ ਵਾਪਸ ਦਿਵਾਏ ਹਨ। ਇਸ ਤੋਂ ਬਿਨ੍ਹਾਂ 14 ਹਸਪਤਾਲਾਂ ਦੀ ਚੈਕਿੰਗ ਕੀਤੀ ਤਾਂ ਇਨ੍ਹਾਂ ਵੱਲੋਂ ਗਲਤ ਜਾਣਕਾਰੀ ਅਪਡੇਟ ਕੀਤੀ ਪਾਈ ਗਈ, ਜਿਸ ਕਰਕੇ ਇਨ੍ਹਾਂ ਨੂੰ 78 ਲੱਖ ਰੁਪਏ ਦਾ ਜੁਰਮਾਨਾ ਕੀਤਾ ਗਿਆ ਹੈ ਅਤੇ ਜਲੰਧਰ ਦੇ ਸਰਬੋਧਿਆ ਹਸਪਤਾਲ ਨੂੰ ਇਸ ਸੂਚੀ ਵਿੱਚੋਂ ਹਟਾਇਆ ਗਿਆ ਹੈ।

ਸਿਹਤ ਮੰਤਰੀ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਜੇਕਰ ਕੋਈ ਹਸਪਤਾਲ ਉਨ੍ਹਾਂ ਦੇ ਮਰੀਜ ਤੋਂ ਕੋਈ ਪੈਸੇ ਦੀ ਮੰਗ ਕਰੇ, ਕੋਈ ਸਮਾਨ ਬਾਹਰੋਂ ਮੰਗਵਾਏ ਜਾਂ ਟੈਸਟ ਬਾਹਰੋਂ ਕਰਵਾਏ ਤਾਂ ਇਸ ਦੀ ਸੂਚਨਾ 104 ਉਪਰ ਦਿੱਤੀ ਜਾਵੇ। ਇਸ ਮੌਕੇ ਸਟੇਟ ਹੈਲਥ ਏਜੰਸੀ ਦੇ ਡਿਪਟੀ ਸੀਈਓ ਡਾ. ਅਨਦੇਸ਼ ਕੰਗ, ਵਧੀਕ ਡਿਪਟੀ ਕਮਿਸ਼ਨਰ (ਜ) ਅਨੁਪ੍ਰਿਤਾ ਜੌਹਲ ਤੇ ਸਿਵਲ ਸਰਜਨ ਡਾ. ਸ਼ੈਲੀ ਜੇਤਲੀ ਵੀ ਮੌਜੂਦ ਸਨ।

# ਚੇਅਰਮੈਨ ਤੇਜਿੰਦਰ ਮਹਿਤਾ ਨੇ ਮੱਛੀ ਮਾਰਕੀਟਾਂ ਦੇ ਮਾਮਲੇ ਵਿੱਚ ਦਿੱਤਾ ਦਖ਼ਲ



**ਪਟਿਆਲਾ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਪਟਿਆਲਾ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਚੱਲ ਰਹੀਆਂ ਮੱਛੀ ਮਾਰਕੀਟਾਂ ਦੇ ਮਾਮਲੇ ਵਿੱਚ ਦਖ਼ਲ ਦਿੰਦਿਆਂ ਕਮਿਸ਼ਨਰ, ਨਗਰ ਨਿਗਮ ਅਤੇ ਡਿਪਟੀ ਕਮਿਸ਼ਨਰ, ਪਟਿਆਲਾ ਨੂੰ ਪੱਤਰ ਲਿਖਿਆ ਹੈ। ਉਨ੍ਹਾਂ ਪੱਤਰ ਰਾਹੀਂ ਸ਼ਹਿਰ ਵਿਚਲੀਆਂ ਮੱਛੀ ਮਾਰਕੀਟਾਂ ਨੂੰ ਸਰਕਾਰ ਵੱਲੋਂ ਪਿੰਡ ਘਲੋੜੀ ਵਿਖੇ ਸਥਾਪਿਤ ਨਵੀਂ ਮੱਛੀ ਮੰਡੀ ਵਿੱਚ ਤਬਦੀਲ ਕਰਨ ਲਈ ਲੋੜੀਂਦੀ ਕਾਨੂੰਨੀ ਅਤੇ ਪ੍ਰਸ਼ਾਸਨਿਕ ਕਾਰਵਾਈ ਅਮਲ ਵਿੱਚ ਲਿਆਉਣ ਲਈ ਲਿਖਿਆ ਹੈ। ਉਨ੍ਹਾਂ ਕਿਹਾ ਹੈ ਕਿ ਇਸ ਨਾਲ ਨਵੀਂ ਮੱਛੀ ਮੰਡੀ ਆਪਣੇ ਅਸਲ ਮੰਤਵ ਅਨੁਸਾਰ ਕਾਰਜਸ਼ੀਲ ਹੋਣ ਦੇ ਨਾਲ-ਨਾਲ ਸ਼ਹਿਰ ਵਿੱਚ ਸਫ਼ਾਈ, ਜਨ ਸਿਹਤ, ਆਵਾਜਾਈ ਪ੍ਰਬੰਧਨ ਅਤੇ ਸ਼ਹਿਰੀ ਵਿਵਸਥਾ ਵਿੱਚ ਵੀ ਸੁਧਾਰ ਆਵੇਗਾ। ਪੱਤਰ ਵਿੱਚ ਮਹਿਤਾ ਨੇ ਕਿਹਾ ਹੈ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਦੀਆਂ ਕਾਰਵਾਈਆਂ, ਜਾਰੀ ਹਦਾਇਤਾਂ ਅਤੇ ਦੁਕਾਨ ਅਲਾਟੀਆਂ ਨਾਲ ਹੋਏ ਸੰਪਰਕ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਸਥਾਪਿਤ ਨਵੀਂ ਮੱਛੀ ਮੰਡੀ ਅਜੇ ਤੱਕ ਪੂਰੀ ਤਰ੍ਹਾਂ ਕਾਰਜਸ਼ੀਲ ਨਹੀਂ ਹੋ ਸਕੀ। ਉਨ੍ਹਾਂ ਧਿਆਨ ਦਿਵਾਇਆ ਕਿ ਨਵੀਂ ਮੰਡੀ ਵਿੱਚ ਦੁਕਾਨਾਂ ਖਰੀਦਣ ਵਾਲੇ ਲਾਇਸੈਂਸੀ ਵੀ ਲੰਬੇ ਸਮੇਂ ਤੋਂ ਇਹ ਮਸਲਾ ਉਠਾ ਰਹੇ ਹਨ ਕਿ ਜਦੋਂ ਤੱਕ ਸ਼ਹਿਰ ਦੀਆਂ ਸਾਰੀਆਂ ਮੱਛੀ ਮਾਰਕੀਟਾਂ ਨੂੰ ਨਵੀਂ ਮੰਡੀ ਵਿੱਚ ਤਬਦੀਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉੱਥੇ ਗਾਹਕਾਂ ਦੀ ਆਵਾਜਾਈ ਸੁਭਾਵਿਕ ਤੌਰ 'ਤੇ ਵਿਕਸਿਤ ਨਹੀਂ ਹੋ ਸਕੇਗੀ ਅਤੇ ਉਨ੍ਹਾਂ ਦੇ ਨਿਵੇਸ਼ ਨੂੰ ਵੀ ਉਚਿਤ ਲਾਭ ਨਹੀਂ ਮਿਲੇਗਾ। ਦੱਸਣਯੋਗ ਹੈ ਕਿ 11 ਜੂਨ 2026 ਨੂੰ ਕਮਿਸ਼ਨਰ, ਨਗਰ ਨਿਗਮ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਨਗਰ ਨਿਗਮ, ਪੰਜਾਬ ਮੰਡੀ ਬੋਰਡ, ਮੱਛੀ ਪਾਲਣ ਵਿਭਾਗ ਅਤੇ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਨੇ ਫ਼ੈਸਲਾ ਲਿਆ ਸੀ ਕਿ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਕਾਰੋਬਾਰ ਕਰ ਰਹੇ ਮੱਛੀ ਵਿਕਰੇਤਾਵਾਂ ਨੂੰ ਅਲਾਟਮੈਂਟ ਦੀਆਂ ਸ਼ਰਤਾਂ ਅਤੇ ਕਾਨੂੰਨੀ ਪ੍ਰਾਵਧਾਨਾਂ ਅਨੁਸਾਰ ਨਵੀਂ ਮੱਛੀ ਮੰਡੀ ਵਿੱਚ ਤਬਦੀਲ ਕਰਵਾਇਆ ਜਾਵੇ। ਕਾਬਿਲੇ ਗੌਰ ਹੈ ਕਿ ਜ਼ਿਲ੍ਹਾ ਮੰਡੀ ਅਫ਼ਸਰ ਵੱਲੋਂ ਇਸ ਸਬੰਧੀ ਹਦਾਇਤਾਂ ਵੀ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਅਤੇ ਮਾਰਕਿਟ ਕਮੇਟੀ ਦੁਕਾਨ ਅਲਾਟੀਆਂ ਨੂੰ ਵਿਅਕਤੀਗਤ ਨੋਟਿਸ ਵੀ ਜਾਰੀ ਕਰ ਚੁੱਕੀ ਹੈ। ਚੇਅਰਮੈਨ ਮਹਿਤਾ ਨੇ ਆਪਣੇ ਪੱਤਰ ਵਿੱਚ 11 ਜੂਨ ਦੀ ਮੀਟਿੰਗ ਦੇ ਫ਼ੈਸਲਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਉਣ, ਨਗਰ ਨਿਗਮ, ਪੰਜਾਬ ਮੰਡੀ ਬੋਰਡ, ਮਾਰਕਿਟ ਕਮੇਟੀ, ਮੱਛੀ ਪਾਲਣ ਵਿਭਾਗ ਅਤੇ ਹੋਰ ਸੰਬੰਧਿਤ ਵਿਭਾਗਾਂ ਵਿਚਕਾਰ ਤਾਲਮੇਲ ਸਥਾਪਿਤ ਕਰਕੇ ਬਣਦੀ ਕਾਨੂੰਨੀ ਕਾਰਵਾਈ ਕਰਨ ਲਈ ਲਿਖਿਆ ਹੈ।

# ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪੀਐੱਮ ਵਿਸ਼ਵਕਰਮਾ ਲਾਭਾਰਥੀਆਂ ਲਈ ਓਏਓਪੀ /ਏਵੀਐੱਸਏਆਰ ਸਟਾਲ ਦਾ ਉਦਘਾਟਨ



**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਯੂ.ਟੀ. ਚੰਡੀਗੜ੍ਹ ਦੇ ਪ੍ਰਧਾਨ ਮੰਤਰੀ ਵਿਸ਼ਵਕਰਮਾ ਲਾਭਾਰਥੀਆਂ ਲਈ ਇੱਕ ਹਵਾਈ ਅੱਡਾ ਇੱਕ ਉਤਪਾਦ (ਵੰਨ ਏਅਰਪੋਰਟ ਵੰਨ ਪ੍ਰੋਡਕਟ/ਓਏਓਪੀ)/ਏਵੀਐੱਸਏਆਰ ਯੋਜਨਾ ਦੇ ਤਹਿਤ ਇੱਕ ਸਟਾਲ ਦਾ ਅੱਜ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ, ਚੰਡੀਗੜ੍ਹ ਵਿਖੇ ਨਾਬਾਰਡ ਦੁਆਰਾ ਸਮਰਥਿਤ ਇੱਕ ਸਵੈ-ਸਹਾਇਤਾ ਸਮੂਹ (ਐੱਸਐੱਚਜੀ) ਦੇ ਸਹਿਯੋਗ ਨਾਲ ਉਦਘਾਟਨ ਕੀਤਾ ਗਿਆ।

ਇਸ ਸਟਾਲ ਦਾ ਉਦਘਾਟਨ ਐੱਮਐੱਸਐੱਮਈ-ਵਿਕਾਸ ਅਤੇ ਸੁਵਿਧਾ ਦਫ਼ਤਰ, ਲੁਧਿਆਣਾ ਦੇ ਜੁਆਇੰਟ ਡਾਇਰੈਕਟਰ ਸ਼੍ਰੀ ਪੰਕਜ ਕੁਮਾਰ ਝਾਅ ਅਤੇ ਉਦਯੋਗ ਵਿਭਾਗ, ਯੂ.ਟੀ. ਚੰਡੀਗੜ੍ਹ ਦੇ ਦਫ਼ਤਰ ਸੁਪਰਡੈਂਟ, ਸ਼੍ਰੀ ਵਿਸ਼ਾਲ ਸੱਭਰਵਾਲ, ਨੇ ਉਦਯੋਗ ਵਿਭਾਗ ਯੂ.ਟੀ. ਚੰਡੀਗੜ੍ਹ ਅਤੇ ਐੱਮਐੱਸਐੱਮਈ-ਵਿਕਾਸ ਅਤੇ ਸੁਵਿਧਾ ਦਫ਼ਤਰ, ਲੁਧਿਆਣਾ ਦੇ ਅਧਿਕਾਰੀਆਂ ਦੀ ਉਪਸਥਿਤੀ ਵਿੱਚ ਕੀਤਾ।

ਇਸ ਪਹਿਲ ਦਾ ਉਦੇਸ਼ ਪ੍ਰਧਾਨ ਮੰਤਰੀ ਵਿਸ਼ਵਕਰਮਾ ਦੇ ਲਾਭਾਰਥੀਆਂ ਨੂੰ ਆਪਣੇ ਉਤਪਾਦਾਂ ਦੇ ਪ੍ਰਦਰਸ਼ਨ ਅਤੇ ਮਾਰਕਿਟਿੰਗ ਲਈ ਇੱਕ ਸਮਰਪਿਤ ਮੰਚ ਉਪਲਬਧ ਕਰਵਾਉਣਾ ਹੈ, ਜਿਸ ਨਾਲ ਰਵਾਇਤੀ ਕਾਰੀਗਰਾਂ ਨੂੰ ਵਿਆਪਕ ਬਜ਼ਾਰ ਤੱਕ ਪਹੁੰਚ ਮਿਲੇਗੀ ਅਤੇ ਚੰਡੀਗੜ੍ਹ ਦੀ ਸਮ੍ਰਿੱਧ ਸਥਾਨਕ ਹਸਤਸ਼ਿਲਪ ਪਰੰਪਰਾ ਨੂੰ ਹੁਲਾਰਾ ਮਿਲੇਗਾ। ਇਹ ਸਟਾਲ ਬਜ਼ਾਰ ਤੱਕ ਪਹੁੰਚ ਨੂੰ ਬਿਹਤਰ ਬਣਾਉਣ, ਰਵਾਇਤੀ ਕਾਰੀਗਰਾਂ ਲਈ ਟਿਕਾਊ ਆਜੀਵਿਕਾ ਦੇ ਅਵਸਰ ਸਿਰਜਣ ਅਤੇ ਸਵਦੇਸ਼ੀ ਉਤਪਾਦਾਂ ਦੀ ਪਹਿਚਾਣ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਵੇਗਾ। ਖੇਤਰ ਦੇ ਸਭ ਤੋਂ ਵਿਅਸਤ ਹਵਾਈ ਅੱਡਿਆਂ ਵਿੱਚੋਂ ਇੱਕ 'ਤੇ ਸਥਾਪਿਤ ਇਹ ਇੱਕ ਹਵਾਈ ਅੱਡਾ ਇੱਕ ਉਤਪਾਦ (ਵੰਨ ਏਅਰਪੋਰਟ ਵੰਨ ਪ੍ਰੋਡਕਟ/ਓਏਓਪੀ)/ਏਵੀਐੱਸਏਆਰ ਸਟਾਲ ਯਾਤਰੀਆਂ ਅਤੇ ਸੈਲਾਨੀਆਂ ਨੂੰ ਸਥਾਨਕ ਪੱਧਰ 'ਤੇ ਨਿਰਮਿਤ ਉਤਪਾਦਾਂ ਨੂੰ ਦੇਖਣ ਅਤੇ ਖਰੀਦਣ ਦਾ ਅਵਸਰ ਪ੍ਰਦਾਨ ਕਰੇਗਾ।

ਇਸ ਨਾਲ ਕਾਰੀਗਰਾਂ ਲਈ ਬਜ਼ਾਰ ਸੰਪਰਕ ਮਜ਼ਬੂਤ ਹੋਣਗੇ, ਸੂਖਮ-ਉੱਦਮਾਂ ਨੂੰ ਹੁਲਾਰਾ ਮਿਲੇਗਾ ਅਤੇ 'ਵੋਕਲ ਫੌਰ ਲੋਕਲ' ਦੇ ਵਿਜ਼ਨ ਨੂੰ ਅੱਗੇ ਵਧਾਉਣ ਵਿੱਚ ਸਹਾਇਤਾ ਮਿਲੇਗੀ।

# ਫਤਹਿਗੜ੍ਹ ਸਾਹਿਬ ਦੇ ਪਿੰਡਾਂ 'ਚ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨਾਲ ਜੋੜ ਰਹੀ ਦਸਤਾਵੇਜ਼ੀ ਫਿਲਮ



**ਫਤਹਿਗੜ੍ਹ ਸਾਹਿਬ/ਅਮਲੋਹ, 23 ਜੁਲਾਈ (ਜਗਮੇਲ ਸਿੰਘ ਢਿੱਲੋਂ)**: ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਤਹਿਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਉਪਦੇਸ਼ਾਂ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਦਾ ਉਦੇਸ਼ ਗੁਰੂ ਜੀ ਦੇ ਸਮਾਨਤਾ, ਸੇਵਾ, ਮਿਹਨਤ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ।

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਡਾਕੂਮੈਂਟਰੀ ਵੈਨ ਬੀਤੀ ਰਾਤ ਪਿੰਡ ਚਣੋਂ, ਰਾਜਿੰਦਰ ਨਗਰ, ਬੁੱਗਾ ਕਲਾਂ ਅਤੇ ਰਾਏਪੁਰ ਚੋਬਦਾਰਾਂ ਵਿੱਚ ਪਹੁੰਚੀ, ਜਿੱਥੇ ਐਲਈਡੀ ਸਕਰੀਨ ਰਾਹੀਂ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਦਸਤਾਵੇਜ਼ੀ ਫਿਲਮ ਦੇਖੀ ਅਤੇ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਪ੍ਰਾਪਤ ਕੀਤੀ।

ਉਨ੍ਹਾਂ ਦੱਸਿਆ ਕਿ 24 ਜੁਲਾਈ ਨੂੰ ਇਹ ਦਸਤਾਵੇਜ਼ੀ ਫਿਲਮ ਬਲਾਕ ਸਰਹਿੰਦ ਦੇ ਪਿੰਡ ਹੱਲੋਤਾਲੀ ਅਤੇ ਜਾਗੋ ਚਨਾਰਥਲ ਅਤੇ ਬਲਾਕ ਅਮਲੋਹ ਦੇ ਪਿੰਡ ਤੰਦਾਬੱਧਾ ਖੁਰਦ ਅਤੇ ਕੋਟਲੀ ਵਿੱਚ ਵੀ ਦਿਖਾਈ ਜਾਵੇਗੀ। ਸ਼ੋਅ ਸ਼ਾਮ 6 ਵਜੇ ਅਤੇ 7 ਵਜੇ ਸ਼ੁਰੂ ਹੋਣਗੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਸੰਘਰਸ਼, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਯੋਗਦਾਨ, ਮਨੁੱਖਤਾ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ ਅਤੇ ਸੇਵਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਹ ਪਹਿਲ ਨਾ ਸਿਰਫ਼ ਗੁਰੂ ਜੀ ਦੇ ਉਪਦੇਸ਼ਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸਾਧਨ ਬਣ ਰਹੀ ਹੈ, ਸਗੋਂ ਨੌਜਵਾਨਾਂ ਅਤੇ ਬੱਚਿਆਂ ਨੂੰ ਆਪਣੇ ਮਹਾਨ ਗੁਰੂਆਂ ਦੀਆਂ ਸਿੱਖਿਆਵਾਂ ਨਾਲ ਜੋੜਨ ਅਤੇ ਸਮਾਜ ਵਿੱਚ ਆਪਸੀ ਸਦਭਾਵਨਾ, ਏਕਤਾ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੀ ਹੈ।

# ਬਠਿੰਡਾ ਦੇ ਵਿਕਾਸ ਨੂੰ ਮਿਲੀ ਨਵੀਂ ਰਫ਼ਤਾਰ, 17.50 ਕਰੋੜ ਦੇ ਕੰਮਾਂ ਨੂੰ ਮਨਜ਼ੂਰੀ



**ਬਠਿੰਡਾ, 23 ਜੁਲਾਈ**
**-ਗੁਰਤੇਜ ਅਤਲਾ-**

ਸ਼ਹਿਰ ਨੂੰ ਆਧੁਨਿਕ, ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਦੇ ਮਕਸਦ ਨਾਲ ਨਗਰ ਨਿਗਮ ਵੱਲੋਂ ਵੱਡਾ ਕਦਮ ਚੁੱਕਿਆ ਗਿਆ ਹੈ। ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਦੀ ਪ੍ਰਧਾਨਗੀ ਅਤੇ ਨਗਰ ਨਿਗਮ ਕਮਿਸ਼ਨਰ ਮੈਡਮ ਲਵਜੀਤ ਕੌਰ ਕਲਸੀ ਦੀ ਮੌਜੂਦਗੀ ਵਿੱਚ ਹੋਈ ਫਾਇਨੈਂਸ ਐਂਡ ਕਾਂਟ੍ਰੈਕਟ ਕਮੇਟੀ (ਐੱਫ. ਐਂਡ ਸੀ.ਸੀ.) ਦੀ ਮੀਟਿੰਗ ਵਿੱਚ ਸ਼ਹਿਰ ਦੇ ਵਿਕਾਸ ਨਾਲ ਸਬੰਧਤ ਲਗਭਗ 17.50 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਕਾਰਜਾਂ ਨੂੰ ਮਨਜ਼ੂਰੀ ਦਿੰਦਿਆਂ ਵਰਕ ਆਰਡਰ ਜਾਰੀ ਕੀਤੇ ਗਏ। ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸ਼ਹਿਰ ਦੇ ਪਾਰਕਾਂ ਦਾ ਸੁੰਦਰੀਕਰਨ, ਸੜਕਾਂ ਦਾ ਨਿਰਮਾਣ, ਪੌਧਾਰੋਪਣ, ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਵਿੱਚ ਵਾਧਾ ਅਤੇ ਆਧੁਨਿਕ ਤਕਨੀਕ ਨਾਲ ਸਫਾਈ ਵਿਵਸਥਾ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ।

ਮੀਟਿੰਗ ਵਿੱਚ ਐੱਫ.ਐਂਡ ਸੀ.ਸੀ. ਮੈਂਬਰ ਸ਼੍ਰੀ ਰਤਨ ਰਾਹੀ, ਸ਼੍ਰੀਮਤੀ ਕਮਲੇਸ਼ ਮਹਿਰਾ, ਐੱਸ.ਈ. ਸ਼੍ਰੀ ਸੰਦੀਪ ਗੁਪਤਾ, ਸ਼੍ਰੀ ਸੰਦੀਪ ਰੋਮਾਣਾ, ਐਕਸੀਐਨ ਸ਼੍ਰੀ ਰਾਜਿੰਦਰ ਕੁਮਾਰ, ਸ਼੍ਰੀ ਨੀਰਜ ਕੁਮਾਰ, ਸ਼੍ਰੀ ਅੰਕੁਰ ਅਤੇ ਮੇਅਰ ਦੇ ਪੀ.ਏ. ਸ਼੍ਰੀ ਸੁਰੇਸ਼ ਸੇਤੀਆ ਹਾਜ਼ਰ ਸਨ।

ਮੀਟਿੰਗ ਉਪਰੰਤ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ ਕਿ ਨਗਰ ਨਿਗਮ ਦਾ ਮੁੱਖ ਉਦੇਸ਼ ਬਠਿੰਡਾ ਨੂੰ ਇੱਕ ਅਜਿਹਾ ਆਧੁਨਿਕ ਸ਼ਹਿਰ ਬਣਾਉਣਾ ਹੈ, ਜਿੱਥੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇ ਨਾਲ ਸਾਫ਼-ਸੁਥਰਾ ਅਤੇ ਸੁਖਦਾਈ ਵਾਤਾਵਰਣ ਮਿਲ ਸਕੇ।

ਉਨ੍ਹਾਂ ਕਿਹਾ ਕਿ ਬਠਿੰਡਾ ਦਾ ਵਿਕਾਸ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਸ਼ਹਿਰ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਸਾਡਾ ਮਕਸਦ ਬਠਿੰਡਾ ਨੂੰ ਪੰਜਾਬ ਦੇ ਮੋਹਰੀ ਆਧੁਨਿਕ ਅਤੇ ਸਾਫ਼-ਸੁਥਰੇ ਸ਼ਹਿਰਾਂ ਵਿੱਚ ਸ਼ਾਮਲ ਕਰਨਾ ਹੈ। ਲੋਕਾਂ ਦਾ ਭਰੋਸਾ ਸਾਡੀ ਤਾਕਤ ਹੈ ਅਤੇ ਵਿਕਾਸ ਦੀ ਇਹ ਯਾਤਰਾ ਲਗਾਤਾਰ ਜਾਰੀ ਰਹੇਗੀ।

ਮੇਅਰ ਨੇ ਦੱਸਿਆ ਕਿ ਬਠਿੰਡਾ ਨੂੰ ਹਰਾ-ਭਰਾ ਬਣਾਉਣ ਲਈ ਵੱਡੇ ਪੱਧਰ 'ਤੇ ਪੌਧਾਰੋਪਣ ਕੀਤਾ ਜਾਵੇਗਾ। ਇਸ ਸਬੰਧੀ ਪਲਾਂਟਿੰਗ ਮਟੀਰੀਅਲ ਦੀ ਸਪਲਾਈ ਲਈ ਵਰਕ ਆਰਡਰ ਜਾਰੀ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ ਪਾਰਕਾਂ ਅਤੇ ਦਾਦੀ-ਪੋਤੀ ਪਾਰਕ ਦੀ ਮੁਰੰਮਤ ਅਤੇ ਸੁੰਦਰੀਕਰਨ ਦੇ ਕੰਮ ਵੀ ਸ਼ੁਰੂ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਸੜਕਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵੱਖ-ਵੱਖ ਥਾਵਾਂ 'ਤੇ ਪ੍ਰੀਮਿਕਸ ਵਰਕ ਕਰਵਾਇਆ ਜਾਵੇਗਾ ਅਤੇ ਜ਼ਰੂਰਤ ਅਨੁਸਾਰ ਇੰਟਰਲਾਕਿੰਗ ਟਾਈਲਾਂ ਲਗਾਈਆਂ ਜਾਣਗੀਆਂ। ਇਸ ਤੋਂ ਇਲਾਵਾ ਸੰਤਪੁਰਾ ਰੋਡ 'ਤੇ ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਟਿਊਬਵੈੱਲ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ ਇਲਾਕਾ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਹੂਲਤ ਹੋਰ ਬਿਹਤਰ ਮਿਲੇਗੀ।

ਮੇਅਰ ਨੇ ਕਿਹਾ ਕਿ ਸ਼ਹਿਰ ਦੀ ਸਫਾਈ ਵਿਵਸਥਾ ਨੂੰ ਨਵੀਂ ਦਿਸ਼ਾ ਦੇਣ ਲਈ ਅਤਿ-ਆਧੁਨਿਕ ਮਸ਼ੀਨਾਂ ਦੀ ਵਰਤੋਂ ਕੀਤੀ ਜਾਵੇਗੀ। ਇਸ ਤਹਿਤ ਸ਼ਹਿਰ ਦੀਆਂ ਅੰਦਰੂਨੀ ਸੜਕਾਂ ਅਤੇ ਗਲੀਆਂ ਦੀ ਮਕੈਨੀਕਲ ਸਵੀਪਿੰਗ ਅਤੇ ਡੀਪ ਕਲੀਨਿੰਗ ਕਰਵਾਈ ਜਾਵੇਗੀ, ਜਿਸ ਲਈ ਲਗਭਗ 13.50 ਕਰੋੜ ਰੁਪਏ ਦਾ ਵਰਕ ਆਰਡਰ ਜਾਰੀ ਕੀਤਾ ਗਿਆ ਹੈ।

ਉਨ੍ਹਾਂ ਕਿਹਾ, ਸਫਾਈ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਸਾਡੀ ਜ਼ਿੰਮੇਵਾਰੀ ਹੈ। ਅਸੀਂ ਚਾਹੁੰਦੇ ਹਾਂ ਕਿ ਬਠਿੰਡਾ ਆਉਣ ਵਾਲਾ ਹਰ ਵਿਅਕਤੀ ਸ਼ਹਿਰ ਦੀ ਸਫਾਈ, ਸੁੰਦਰਤਾ ਅਤੇ ਵਿਕਾਸ ਨੂੰ ਮਹਿਸੂਸ ਕਰੇ। ਵਿਕਾਸ ਕਾਰਜਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।

# ਸੇਵਾ ਸਹਿਕਾਰੀ ਸਭਾਵਾਂ ਨੂੰ ਹੁਲਾਰਾ ਦੇਣ ਅਤੇ ਰੋਜ਼ਗਾਰ ਸਿਰਜਣਾ ਲਈ ਪ੍ਰਸ਼ਾਸਕ ਨੇ ਚੰਡੀਗੜ੍ਹ ਸਹਿਕਾਰਤਾ ਨੀਤੀ-2026 ਦੀ ਸ਼ੁਰੂਆਤ ਕੀਤੀ



**ਚੰਡੀਗੜ੍ਹ, 23 ਜੁਲਾਈ**
**-ਜੀ. ਐਸ. ਤੁੰਗ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਸਹਿਕਾਰਤਾ ਨੀਤੀ-2026 ਦੀ ਸ਼ੁਰੂਆਤ ਕੀਤੀ। ਇਸ ਨੀਤੀ ਦਾ ਉਦੇਸ਼ ਸਹਿਕਾਰੀ ਅੰਦੋਲਨ ਨੂੰ ਸਸ਼ਕਤ ਬਣਾਉਣਾ, ਜਨ ਸੇਵਾਵਾਂ ਵਿੱਚ ਸੁਧਾਰ ਲਿਆਉਣਾ ਅਤੇ ਸਥਾਨਕ ਪੱਧਰ 'ਤੇ ਰੋਜ਼ਗਾਰ ਦੇ ਅਵਸਰਾਂ ਦੀ ਸਿਰਜਣਾ ਕਰਨਾ ਹੈ। ਇਸ ਅਵਸਰ 'ਤੇ ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਸਕੱਤਰ ਪ੍ਰਾਹੁਣਾਚਾਰੀ, ਸ਼੍ਰੀ ਸਵਪਨਿਲ ਐੱਮ. ਨਾਇਕ; ਐਡੀਸ਼ਨਲ ਡਿਪਟੀ ਕਮਿਸ਼ਨਰ ਸ਼੍ਰੀ ਅਮਨਦੀਪ ਸਿੰਘ ਭੱਟੀ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਉਪਸਥਿਤ ਰਹੇ।

ਚੰਡੀਗੜ੍ਹ ਦੇ ਮੁੱਖ ਤੌਰ 'ਤੇ ਸ਼ਹਿਰੀ ਸਰੂਪ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਨੀਤੀ ਵਿੱਚ ਸੇਵਾ ਸਹਿਕਾਰੀ ਸਭਾਵਾਂ 'ਤੇ ਵਿਸ਼ੇਸ਼ ਬਲ ਦਿੱਤਾ ਗਿਆ ਹੈ, ਜੋ ਬਿਜਲੀ ਦੀ ਮੁਰੰਮਤ, ਪਲੰਬਿੰਗ, ਪੇਂਟਿੰਗ, ਸਫ਼ਾਈ, ਸੌਰ ਊਰਜਾ ਸਥਾਪਨਾ ਅਤੇ ਛੋਟੇ-ਮੋਟੇ ਮੁਰੰਮਤ ਕਾਰਜ ਜਿਹੇ ਖੇਤਰਾਂ ਵਿੱਚ ਕਾਰਜ ਕਰਨਗੀਆਂ। ਇਹ ਸਹਿਕਾਰੀ ਸਭਾਵਾਂ ਹਾਊਸਿੰਗ ਸੋਸਾਇਟੀਆਂ ਅਤੇ ਨਾਗਰਿਕਾਂ ਨੂੰ ਭਰੋਸੇਯੋਗ, ਗੁਣਵੱਤਾਪੂਰਨ ਅਤੇ ਕਿਫ਼ਾਇਤੀ ਸੇਵਾਵਾਂ ਉਪਲਬਧ ਕਰਵਾਉਣਗੀਆਂ, ਨਾਲ ਹੀ ਨੌਜਵਾਨਾਂ, ਮਹਿਲਾਵਾਂ ਅਤੇ ਕਮਜ਼ੋਰ ਵਰਗਾਂ ਲਈ ਸਨਮਾਨਜਨਕ ਰੋਜ਼ਗਾਰ ਦੇ ਅਵਸਰ ਵੀ ਸਿਰਜਣਗੀਆਂ। ਇਸ ਨੀਤੀ ਦੇ ਤਹਿਤ ਕੁਸ਼ਲ ਕਾਮਿਆਂ ਅਤੇ ਆਈਟੀਆਈ ਤੋਂ ਟ੍ਰੇਨਿੰਗ ਪ੍ਰਾਪਤ ਨੌਜਵਾਨਾਂ ਨੂੰ ਸੇਵਾ ਸਹਿਕਾਰੀ ਸਭਾਵਾਂ ਨਾਲ ਜੁੜ ਕੇ ਟ੍ਰੇਨਿੰਗ ਦੇ ਤੁਰੰਤ ਬਾਅਦ ਆਤਮਨਿਰਭਰ ਬਣਨ ਲਈ ਪ੍ਰੋਤਸਾਹਿਤ ਕੀਤਾ ਜਾਵੇਗਾ। ਇਸ ਨੀਤੀ ਦੇ ਤਹਿਤ 31 ਦਸੰਬਰ, 2027 ਤੱਕ ਲਗਭਗ 50 ਨਵੀਆਂ ਸਹਿਕਾਰੀ ਸਭਾਵਾਂ ਦੇ ਗਠਨ ਦਾ ਲਕਸ਼ ਰੱਖਿਆ ਗਿਆ ਹੈ। ਇਸ ਵਾਸਤੇ ਸਰਲ ਰਜਿਸਟ੍ਰੇਸ਼ਨ ਪ੍ਰਕਿਰਿਆ, ਟ੍ਰੇਨਿੰਗ, ਬੈਂਕ ਰਿਣ ਉਪਲਬਧ ਕਰਵਾਉਣ ਵਿੱਚ ਸਹਾਇਤਾ ਅਤੇ ਥੋਕ ਖਰੀਦ ਦੀਆਂ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ। ਨੀਤੀ ਦੇ ਪ੍ਰਭਾਵੀ ਲਾਗੂਕਰਨ ਲਈ ਚੰਡੀਗੜ੍ਹ ਸਹਿਕਾਰੀ ਵਿਕਾਸ ਅਥਾਰਿਟੀ ਦਾ ਗਠਨ ਕੀਤਾ ਜਾਵੇਗਾ, ਜੋ ਇਸ ਦੇ ਲਾਗੂਕਰਨ ਦਾ ਮਾਰਗਦਰਸ਼ਨ ਅਤੇ ਨਿਗਰਾਨੀ ਕਰੇਗੀ। ਇਹ ਪਹਿਲ ਸੇਵਾ ਅਧਾਰਿਤ ਸਹਿਕਾਰੀ ਸਭਾਵਾਂ ਨੂੰ ਸਸ਼ਕਤ ਬਣਾਉਣ, ਨਾਗਰਿਕਾਂ ਨੂੰ ਉਪਲਬਧ ਹੋਣ ਵਾਲੀਆਂ ਰੋਜ਼ਾਨਾ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਅਤੇ ਚੰਡੀਗੜ੍ਹ ਵਿੱਚ ਸਥਾਨਕ ਰੋਜ਼ਗਾਰ ਦੇ ਅਵਸਰਾਂ ਨੂੰ ਹੁਲਾਰਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਵੇਗੀ।

# ਹਰ ਵਿਦਿਆਰਥੀ ਦੇ ਨਾਮ ਇੱਕ ਪੌਦਾ : ਐੱਸਆਰਐੱਸ ਵਿਦਿਆਪੀਠ ਦੀ ਨਵੀਂ ਵਾਤਾਵਰਣ ਪਹਿਲ



**ਸਮਾਣਾ 23 ਜੁਲਾਈ**
**-ਵਿਸ਼ਾਲ ਗੁਪਤਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਾਤਾਵਰਣ ਸੰਭਾਲ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਐੱਸਆਰਐੱਸ ਵਿਦਿਆਪੀਠ ਨੇ 'ਇੱਕ ਵਿਦਿਆਰਥੀ-ਇੱਕ ਪੌਦਾ' ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਪਹਿਲ ਤਹਿਤ ਵਿਦਿਆਪੀਠ ਨੇ ਹਰ ਵਿਦਿਆਰਥੀ ਨੂੰ ਇੱਕ ਪੌਧਾ ਮੁਹੱਈਆ ਕਰਵਾਇਆ, ਜਿਸ ਨੂੰ ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਸਕੂਲ ਕੈਂਪਸ ਵਿੱਚ ਲਗਾਇਆ। ਇਸ ਉਪਰਾਲੇ ਨਾਲ ਹੁਣ ਸਕੂਲ ਦੇ ਹਰ ਵਿਦਿਆਰਥੀ ਦੇ ਨਾਮ 'ਤੇ ਸਕੂਲ ਕੈਂਪਸ ਵਿੱਚ ਇੱਕ ਪੌਧਾ ਹੋਵੇਗਾ, ਜੋ ਕੁਦਰਤ ਪ੍ਰਤੀ ਜ਼ਿੰਮੇਵਾਰੀ, ਸੰਵੇਦਨਸ਼ੀਲਤਾ ਅਤੇ ਸੰਭਾਲ ਦਾ ਸਥਾਈ ਪ੍ਰਤੀਕ ਬਣੇਗਾ।

ਇਸ ਮੌਕੇ ਚੇਅਰਮੈਨ ਸੀਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀਏ ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਅਤੇ ਪ੍ਰਿੰਸੀਪਲ ਡਾ. ਚੰਦਨਦੀਪ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਸਿਰਫ਼ ਅਕਾਦਮਿਕ ਉਤਕ੍ਰਿਸ਼ਟਤਾ ਤੱਕ ਸੀਮਿਤ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਜੀਵਨ ਮੁੱਲਾਂ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਵੀ ਹੈ।



# ਸ਼੍ਰੋਮਣੀ ਅਕਾਲੀ ਦਲ ਨੂੰ ਹਲਕਾ ਸਨੌਰ 'ਚ ਵੱਡਾ ਝਟਕਾ: ਅਲੀਪੁਰ ਅਰਾਈਆਂ ਤੋਂ ਸਾਬਕਾ ਕੌਂਸਲਰ ਅਨੇਕਾਂ ਪਰਿਵਾਰਾਂ ਸਮੇਤ 'ਆਪ' ਵਿੱਚ ਸ਼ਾਮਲ



**ਸਨੌਰ,23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਕਰਵਾਏ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਅਤੇ ਹਲਕਾ ਸਨੌਰ ਦੇ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਦਿਨ-ਰਾਤ ਲੋਕਾਂ ਦੇ ਵਿਚਕਾਰ ਰਹਿ ਕੇ ਸੇਵਾ ਕਰਨ ਦੀ ਕਾਰਜਸ਼ੈਲੀ ਸਦਕਾ ਹਲਕੇ ਅੰਦਰ ਆਮ ਆਦਮੀ ਪਾਰਟੀ ਦਾ ਕਾਫ਼ਲਾ ਦਿਨ-ਬ-ਦਿਨ ਹੋਰ ਵੱਡਾ ਹੁੰਦਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਹਲਕਾ ਸਨੌਰ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਬਹੁਤ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਵਾਰਡ ਨੰਬਰ 15 ਅਲੀਪੁਰ ਅਰਾਈਆਂ ਤੋਂ ਸੀਨੀਅਰ ਆਗੂ ਨੰਬਰਦਾਰ ਸੁਖਦੇਵ ਸਿੰਘ ਸਾਬਕਾ ਕੌਂਸਲਰ ਆਪਣੇ ਅਨੇਕਾਂ ਸਮਰਥਕਾਂ ਅਤੇ ਪਰਿਵਾਰਾਂ ਸਮੇਤ ਅਕਾਲੀ ਦਲ ਛੱਡ ਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਇਸ ਮੌਕੇ 'ਆਪ' ਵਿੱਚ ਸ਼ਾਮਲ ਹੋਣ ਵਾਲੇ ਨੰਬਰਦਾਰ ਸੁਖਦੇਵ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿੱਚ ਜੀ ਆਇਆਂ ਨੂੰ ਆਖਦਿਆਂ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਮਾਨ ਸਰਕਾਰ ਦੀ 'ਸਾਫ਼ ਨੀਅਤ ਅਤੇ ਤੇਜ਼ ਵਿਕਾਸ' ਵਾਲੀ ਸੋਚ ਤੋਂ ਬੇਹੱਦ ਖ਼ੁਸ਼ ਹੈ। ਉਨ੍ਹਾਂ ਕਿਹਾ ਕਿ ਨੰਬਰਦਾਰ ਸੁਖਦੇਵ ਸਿੰਘ ਵਰਗੇ ਤਜਰਬੇਕਾਰ ਅਤੇ ਜਮੀਨੀ ਪੱਧਰ 'ਤੇ ਜੁੜੇ ਆਗੂਆਂ ਦੇ ਪਾਰਟੀ ਵਿੱਚ ਆਉਣ ਨਾਲ ਇਲਾਕੇ ਅੰਦਰ ਆਮ ਆਦਮੀ ਪਾਰਟੀ ਨੂੰ ਬਹੁਤ ਵੱਡਾ ਬਲ ਮਿਲਿਆ ਹੈ। ਹਡਾਣਾ ਨੇ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰ ਇੱਕ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ।

ਪਾਰਟੀ ਵਿੱਚ ਸ਼ਾਮਲ ਹੋਣ ਉਪਰੰਤ ਸਾਬਕਾ ਕੌਂਸਲਰ ਨੰਬਰਦਾਰ ਸੁਖਦੇਵ ਸਿੰਘ ਨੇ ਕਿਹਾ ਕਿ ਉਹ ਰਵਾਇਤੀ ਪਾਰਟੀਆਂ ਦੀਆਂ ਮਾਰੂ ਨੀਤੀਆਂ ਤੋਂ ਤੰਗ ਆ ਚੁੱਕੇ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਹਲਕਾ ਇੰਚਾਰਜ ਰਣਜੋਧ ਹਡਾਣਾ ਵੱਲੋਂ ਬਿਨਾਂ ਕਿਸੇ ਥਕਾਵਟ ਦੇ ਹਲਕੇ ਦੀ ਨੁਹਾਰ ਬਦਲਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤੋਂ ਬੇਹੱਦ ਪ੍ਰਭਾਵਿਤ ਹੋ ਕੇ ਹੀ ਅੱਜ ਉਨ੍ਹਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ।

# ਮਾਨ ਸਰਕਾਰ ਦੀ 'ਮਾਂਵਾਂ-ਧੀਆਂ ਸਤਿਕਾਰ ਯੋਜਨਾ' 100 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ ਵੀ ਦੇ ਰਹੀ ਹੈ ਸਨਮਾਨ ਅਤੇ ਆਰਥਿਕ ਸਹਾਰਾ

**ਚੰਡੀਗੜ੍ਹ, 23 ਜੁਲਾਈ**
**-ਜੀ. ਐਸ. ਤੁੰਗ-**

ਪੰਜਾਬ ਦੀਆਂ 100 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਲਈ ਭਗਵੰਤ ਮਾਨ ਸਰਕਾਰ ਵੱਲੋਂ 'ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਸਿਰਫ਼ ਆਰਥਿਕ ਮਦਦ ਨਹੀਂ ਹੈ। ਇਹ ਉਨ੍ਹਾਂ ਦੇ ਜੀਵਨ ਦੇ ਆਖ਼ਰੀ ਪੜਾਅ ਵਿੱਚ ਸਨਮਾਨ, ਆਤਮਨਿਰਭਰਤਾ ਅਤੇ ਭਰੋਸੇ ਦਾ ਨਵਾਂ ਆਧਾਰ ਬਣ ਗਈ ਹੈ। ਇਨ੍ਹਾਂ ਵਿੱਚੋਂ ਕਈ ਔਰਤਾਂ ਤੁਰਨ-ਫਿਰਨ ਤੋਂ ਅਸਮਰੱਥ ਹਨ, ਕਿਸੇ ਨੂੰ ਠੀਕ ਤਰ੍ਹਾਂ ਸੁਣਾਈ ਨਹੀਂ ਦਿੰਦਾ ਅਤੇ ਕੋਈ ਠੀਕ ਤਰ੍ਹਾਂ ਬੋਲ ਵੀ ਨਹੀਂ ਸਕਦੀ। ਫਿਰ ਵੀ, ਸਦੀ ਦਾ ਅੰਕੜਾ ਪਾਰ ਕਰ ਚੁੱਕੀਆਂ ਇਹ ਮਹਿਲਾਵਾਂ ਚੰਗੀ ਤਰ੍ਹਾਂ ਜਾਣਦੀਆਂ ਹਨ ਕਿ ਇਹ ਰਕਮ ਉਨ੍ਹਾਂ ਦੀ ਆਪਣੀ ਹੈ ਅਤੇ ਉਹ ਇਸ ਨੂੰ ਆਪਣੀ ਮਰਜ਼ੀ ਅਨੁਸਾਰ ਖ਼ਰਚ ਕਰ ਸਕਦੀਆਂ ਹਨ। ਇਸ ਹੱਕ ਦਾ ਅਹਿਸਾਸ ਹੀ ਉਨ੍ਹਾਂ ਨੂੰ ਡੂੰਘੀ ਤਸੱਲੀ ਦਿੰਦਾ ਹੈ।

ਕਈ ਲਾਭਪਾਤਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਯੋਜਨਾ ਬਾਰੇ ਸਭ ਤੋਂ ਪਹਿਲਾਂ ਆਪਣੇ ਗੁਆਂਢੀਆਂ ਅਤੇ ਰਿਸ਼ਤੇਦਾਰਾਂ ਤੋਂ ਪਤਾ ਲੱਗਿਆ। ਉਹ ਇਸ ਮੌਕੇ ਨੂੰ ਹੱਥੋਂ ਨਹੀਂ ਜਾਣ ਦੇਣਾ ਚਾਹੁੰਦੀਆਂ ਸਨ, ਇਸ ਲਈ ਉਨ੍ਹਾਂ ਨੇ ਆਪਣੇ ਬੱਚਿਆਂ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਨੂੰ ਮਨਾਇਆ ਤਾਂ ਜੋ ਉਹ ਉਨ੍ਹਾਂ ਨਾਲ ਨੇੜਲੇ ਆਂਗਣਵਾੜੀ ਕੇਂਦਰ ਜਾ ਕੇ ਲੋੜੀਂਦੀਆਂ ਰਸਮੀ ਕਾਰਵਾਈਆਂ ਪੂਰੀਆਂ ਕਰਵਾ ਸਕਣ। ਇਹ ਸਹਾਇਤਾ ਉਨ੍ਹਾਂ ਲਈ ਇਸ ਕਰਕੇ ਵੀ ਹੋਰ ਮਹੱਤਵਪੂਰਨ ਹੈ ਕਿਉਂਕਿ ਇਹ ਉਨ੍ਹਾਂ ਨੂੰ ਮਿਲ ਰਹੀ ਬੁਢਾਪਾ ਜਾਂ ਵਿਧਵਾ ਪੈਨਸ਼ਨ ਤੋਂ ਇਲਾਵਾ ਦਿੱਤੀ ਜਾ ਰਹੀ ਹੈ।

ਸੰਗਰੂਰ ਦੀ 109 ਸਾਲਾ ਭਰਪੂਰ ਕੌਰ ਨੇ ਆਪਣੇ ਪੜਪੋਤੇ ਦੀ ਪਤਨੀ ਦੀ ਮਦਦ ਨਾਲ ਅਰਜ਼ੀ ਦੀ ਪ੍ਰਕਿਰਿਆ ਪੂਰੀ ਕੀਤੀ ਅਤੇ ਹੁਣ ਉਸੇ ਦੀ ਸਹਾਇਤਾ ਨਾਲ ਬੈਂਕ ਤੋਂ ਪੈਸੇ ਕਢਵਾਉਂਦੇ ਹਨ। ਉਨ੍ਹਾਂ ਨੇ ਇਹ ਰਕਮ ਆਪਣੇ ਬਟੂਏ ਵਿੱਚ ਸੰਭਾਲ ਕੇ ਰੱਖੀ ਹੋਈ ਹੈ। ਉਹ ਕਹਿੰਦੇ ਹਨ, ਮੈਂ ਇਸ ਪੈਸੇ ਦਾ ਕੁਝ ਹਿੱਸਾ ਆਪਣੀਆਂ ਧੀਆਂ 'ਤੇ ਖ਼ਰਚ ਕਰਾਂਗੀ, ਜਿਨ੍ਹਾਂ ਦੀ ਉਮਰ ਵੀ ਹੁਣ 50 ਸਾਲ ਤੋਂ ਵੱਧ ਹੈ, ਅਤੇ ਬਾਕੀ ਰਕਮ ਨਾਲ ਆਪਣੇ ਲਈ ਹਿਅਰਿੰਗ ਏਡ ਖਰੀਦਾਂਗੀ। ਮੈਨੂੰ ਸੁਣਨ ਵਿੱਚ ਦਿੱਕਤ ਹੈ, ਪਰ ਇਸ ਤੋਂ ਇਲਾਵਾ ਮੈਂ ਬਿਲਕੁਲ ਤੰਦਰੁਸਤ ਹਾਂ। ਅੱਜ ਵੀ ਘਰ ਦਾ ਸਾਰਾ ਕੰਮ ਆਪ ਕਰ ਲੈਂਦੀ ਹਾਂ। ਮੈਨੂੰ ਨਾ ਗੋਡਿਆਂ ਦਾ ਦਰਦ ਹੈ ਤੇ ਨਾ ਹੀ ਕੋਈ ਹੋਰ ਬੀਮਾਰੀ। ਅੱਜ ਤੱਕ ਕਿਸੇ ਵੀ ਸਰਕਾਰ ਨੇ ਅਜਿਹਾ ਕੰਮ ਨਹੀਂ ਕੀਤਾ।

ਕੋਟਕਪੂਰਾ ਦੀ 110 ਸਾਲਾ ਮੁਖਤਿਆਰ ਕੌਰ ਨੂੰ ਵੀ ਇਸ ਯੋਜਨਾ ਤਹਿਤ ਵਿੱਤੀ ਸਹਾਇਤਾ ਮਿਲੀ ਹੈ। ਉਨ੍ਹਾਂ ਨੂੰ ਸੁਣਨ ਵਿੱਚ ਦਿੱਕਤ ਹੈ, ਪਰ ਉਹ ਸਾਫ਼-ਸਾਫ਼ ਗੱਲ ਕਰ ਸਕਦੇ ਹਨ। ਉਹ ਦੱਸਦੇ ਹਨ ਕਿ ਉਨ੍ਹਾਂ ਨੇ ਇਹ ਰਕਮ ਘਰੇਲੂ ਲੋੜਾਂ 'ਤੇ ਖ਼ਰਚ ਕੀਤੀ। ਉਹ ਕਹਿੰਦੇ ਹਨ, ਮੈਂ ਪਹਿਲਾਂ ਕਦੇ ਕਿਸੇ ਸਰਕਾਰ ਨੂੰ ਪੰਜਾਬ ਦੀਆਂ ਮਹਿਲਾਵਾਂ ਨੂੰ ਇੰਨਾ ਸਨਮਾਨ ਦਿੰਦੇ ਨਹੀਂ ਦੇਖਿਆ।

ਫ਼ਰੀਦਕੋਟ ਦੀ 102 ਸਾਲਾ ਜਸਮੇਲ ਕੌਰ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਪਰਿਵਾਰ ਦੀ ਸੇਵਾ ਕਰਦਿਆਂ ਬਿਤਾਇਆ ਹੈ। ਉਨ੍ਹਾਂ ਨੂੰ ਮਿਲੀ ਸਹਾਇਤਾ ਰਕਮ ਵੀ ਉਨ੍ਹਾਂ ਨੇ ਪਰਿਵਾਰ ਦੀ ਭਲਾਈ ਲਈ ਹੀ ਵਰਤੀ। ਉਹ ਕਹਿੰਦੇ ਹਨ, ਮੈਂ ਕੁਝ ਪੈਸੇ ਆਪਣੀ ਦਵਾਈ-ਬੂਟੀ 'ਤੇ ਖ਼ਰਚ ਕੀਤੇ ਤੇ ਕੁਝ ਪੈਸੇ ਆਪਣੀ ਧੀ ਨੂੰ ਉਸਦੇ ਪਤੀ ਦੇ ਇਲਾਜ ਲਈ ਦੇ ਦਿੱਤੇ। ਮੁਸਕਰਾਉਂਦਿਆਂ ਉਹ ਕਹਿੰਦੇ ਹਨ, ਮੈਨੂੰ ਖ਼ੁਸ਼ੀ ਹੈ ਕਿ ਭਗਵੰਤ ਮਾਨ ਸਰਕਾਰ ਮਹਿਲਾਵਾਂ ਦਾ ਇੰਨਾ ਧਿਆਨ ਰੱਖ ਰਹੀ ਹੈ। ਇਸ ਉਮਰ ਵਿੱਚ ਪੈਸਾ ਤੁਹਾਡਾ ਸਭ ਤੋਂ ਵੱਡਾ ਸਹਾਰਾ ਬਣ ਜਾਂਦਾ ਹੈ। ਹਰ ਕੰਮ ਲਈ ਇਸ ਦੀ ਲੋੜ ਪੈਂਦੀ ਹੈ। ਹੁਣ ਤਾਂ ਹਰ ਸਾਹ ਲੈਣਾ ਵੀ ਔਖਾ ਲੱਗਦਾ ਹੈ।

ਮੋਗਾ ਦੀ 102 ਸਾਲਾ ਪ੍ਰੀਤਮ ਕੌਰ ਬਹੁਤ ਕਮਜ਼ੋਰ ਹਨ ਅਤੇ ਉਨ੍ਹਾਂ ਨੂੰ ਸੁਣਨ ਵਿੱਚ ਵੀ ਦਿੱਕਤ ਹੁੰਦੀ ਹੈ। ਉਮਰ ਦੇ ਕਾਰਨ ਉਹ ਬਹੁਤ ਘੱਟ ਬੋਲਦੇ ਹਨ, ਇਸ ਲਈ ਉਨ੍ਹਾਂ ਦੇ ਪੁੱਤਰ ਸਿਕੰਦਰ ਸਿੰਘ ਦੱਸਦੇ ਹਨ ਕਿ 3,000 ਰੁਪਏ ਦੀ ਇਸ ਸਹਾਇਤਾ ਨੇ ਉਨ੍ਹਾਂ ਦੀ ਮਾਤਾ ਦੀ ਜ਼ਿੰਦਗੀ ਕੁਝ ਆਸਾਨ ਬਣਾ ਦਿੱਤੀ ਹੈ। ਪਰਿਵਾਰ ਨੇ ਇਸ ਰਕਮ ਨਾਲ ਉਨ੍ਹਾਂ ਲਈ ਇੱਕ ਵ੍ਹੀਲਚੇਅਰ ਖਰੀਦੀ, ਜਿਸ ਨਾਲ ਹੁਣ ਉਹ ਘਰ ਦੇ ਅੰਦਰ ਆਸਾਨੀ ਨਾਲ ਆ-ਜਾ ਸਕਦੇ ਹਨ। ਬਾਕੀ ਰਕਮ ਉਨ੍ਹਾਂ ਦੀਆਂ ਦਵਾਈਆਂ 'ਤੇ ਖ਼ਰਚ ਕੀਤੀ ਗਈ। ਪ੍ਰੀਤਮ ਕੌਰ ਲਈ ਇਹ ਸਹਾਇਤਾ ਉਨ੍ਹਾਂ ਦੀ ਰੋਜ਼ਾਨਾ ਦੀ ਜ਼ਿੰਦਗੀ ਨੂੰ ਪਹਿਲਾਂ ਨਾਲੋਂ ਵੱਧ ਸੁਖਾਲਾ ਬਣਾਉਣ ਦਾ ਸਾਧਨ ਬਣੀ ਹੈ।

102 ਸਾਲਾ ਅੰਗਰੇਜ਼ ਕੌਰ ਵੀ ਇਸ ਯੋਜਨਾ ਤੋਂ ਬਹੁਤ ਖ਼ੁਸ਼ ਹਨ। ਉਨ੍ਹਾਂ ਨੂੰ ਸੁਣਨ ਵਿੱਚ ਦਿੱਕਤ ਹੁੰਦੀ ਹੈ, ਪਰ ਉਨ੍ਹਾਂ ਦਾ ਉਤਸ਼ਾਹ ਸਾਫ਼ ਦਿਖਾਈ ਦਿੰਦਾ ਹੈ। ਉਹ ਪੂਰੇ ਵਿਸ਼ਵਾਸ ਨਾਲ ਕਹਿੰਦੇ ਹਨ, ਮੈਂ ਤਾਂ ਇਹ ਪੈਸਾ ਆਪਣੇ ਕੋਲ ਹੀ ਰੱਖਾਂਗੀ। ਜਿੱਥੇ ਮੇਰਾ ਦਿਲ ਕਰੇਗਾ, ਉੱਥੇ ਹੀ ਖ਼ਰਚ ਕਰਾਂਗੀ।

ਉਨ੍ਹਾਂ ਨੇ ਇਸ ਰਕਮ ਨਾਲ ਆਪਣੀਆਂ ਦਵਾਈਆਂ ਖਰੀਦੀਆਂ, ਆਪਣੇ ਲਈ ਨਵਾਂ ਸੂਟ ਲਿਆ ਅਤੇ ਕੁਝ ਪੈਸੇ ਆਪਣੀ ਪੋਤੀ 'ਤੇ ਵੀ ਖ਼ਰਚ ਕੀਤੇ। 102 ਸਾਲ ਦੀ ਉਮਰ ਵਿੱਚ ਵੀ ਉਨ੍ਹਾਂ ਦਾ ਇਹ ਪਿਆਰ ਅਤੇ ਦਰਿਆਦਿਲੀ ਦੂਜਿਆਂ ਪ੍ਰਤੀ ਉਨ੍ਹਾਂ ਦੇ ਸਨੇਹ ਨੂੰ ਦਰਸਾਉਂਦੀ ਹੈ।

ਇਨ੍ਹਾਂ ਮਹਿਲਾਵਾਂ ਦੀ ਵਧਦੀ ਉਮਰ ਨਾਲ ਜੁੜੀਆਂ ਸਿਹਤ ਸਮੱਸਿਆਵਾਂ, ਸਰੀਰਕ ਸੀਮਾਵਾਂ ਅਤੇ ਔਖੇ ਹਾਲਾਤਾਂ ਵਿੱਚ ਵੀ ਉਨ੍ਹਾਂ ਦਾ ਸ਼ਾਂਤ ਹੌਸਲਾ 'ਮਾਂਵਾਂ-ਧੀਆਂ ਸਤਿਕਾਰ ਯੋਜਨਾ' ਦੀ ਮਹੱਤਤਾ ਨੂੰ ਹੋਰ ਉਜਾਗਰ ਕਰਦਾ ਹੈ। ਇਨ੍ਹਾਂ 100 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਲਈ ਇਹ ਵਿੱਤੀ ਸਹਾਇਤਾ ਸਿਰਫ਼ ਉਨ੍ਹਾਂ ਦੇ ਬੈਂਕ ਖ਼ਾਤੇ ਵਿੱਚ ਆਉਣ ਵਾਲੀ ਰਕਮ ਨਹੀਂ, ਸਗੋਂ ਉਨ੍ਹਾਂ ਦੇ ਸਨਮਾਨਯੋਗ ਜੀਵਨ ਨੂੰ ਦਿੱਤਾ ਗਿਆ ਸਤਿਕਾਰ, ਆਰਥਿਕ ਸਹਾਰਾ ਅਤੇ ਇਸ ਗੱਲ ਦਾ ਪ੍ਰਤੀਕ ਹੈ ਕਿ ਸਮਾਜ ਅਤੇ ਸਰਕਾਰ ਦੀ ਨਜ਼ਰ ਵਿੱਚ ਅੱਜ ਵੀ ਉਨ੍ਹਾਂ ਦੀ ਅਹਿਮੀਅਤ ਕਾਇਮ ਹੈ। ਆਪਣੇ ਸ਼ਾਂਤ ਅਤੇ ਪ੍ਰੇਰਣਾਦਾਇਕ ਜੀਵਨ ਰਾਹੀਂ ਇਹ ਮਹਿਲਾਵਾਂ ਇਹ ਸੰਦੇਸ਼ ਦਿੰਦੀਆਂ ਹਨ ਕਿ ਸਨਮਾਨ, ਸਵੈ-ਮਾਣ ਅਤੇ ਆਪਣੀ ਮਰਜ਼ੀ ਨਾਲ ਫ਼ੈਸਲੇ ਕਰਨ ਦੀ ਆਜ਼ਾਦੀ ਜੀਵਨ ਦੇ ਹਰ ਪੜਾਅ 'ਤੇ ਅਨਮੋਲ ਹੁੰਦੀ ਹੈ।

# ਲੋਕ ਭਲਾਈ ਅਤੇ ਵਿਕਾਸ ਦੇ ਮੁੱਦਿਆਂ ਨੂੰ ਲੈ ਕੇ ਮੁੱਖ ਮੰਤਰੀ ਨੂੰ ਮਿਲੇ ਸੁਰਜੀਤ ਸਿੰਘ ਰੱਖੜਾ



**ਸਮਾਣਾ 23 ਜੁਲਾਈ**
**-ਜਗਦੇਵ ਸਿੰਘ ਜੱਗੀ-**

ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਅਤੇ ਲੋਕ ਭਲਾਈ ਨਾਲ ਜੁੜੇ ਅਹਿਮ ਮੁੱਦਿਆਂ ਦੇ ਹੱਲ ਲਈ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਇੱਕ ਅਹਿਮ ਮੁਲਾਕਾਤ ਕੀਤੀ ਗਈ।

ਇਸ ਮੌਕੇ ਹਲਕਾ ਸਮਾਣਾ ਵਿੱਚ ਚੱਲ ਰਹੇ ਅਤੇ ਆਉਣ ਵਾਲੇ ਸਮੇਂ ਵਿੱਚ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਸੰਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਸ. ਰੱਖੜਾ ਨੇ ਸਮਾਣਾ ਹਲਕੇ ਦੇ ਲੋਕਾਂ ਦੀਆਂ ਲੋੜਾਂ ਅਤੇ ਖੇਤਰ ਨਾਲ ਸੰਬੰਧਿਤ ਅਹਿਮ ਮੁੱਦਿਆਂ ਨੂੰ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆਂਦਾ। ਉਨ੍ਹਾਂ ਸੜਕਾਂ, ਸਿੱਖਿਆ, ਸਿਹਤ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਜੁੜੇ ਵਿਕਾਸ ਕਾਰਜਾਂ ਨੂੰ ਜਲਦ ਮਨਜ਼ੂਰੀ ਦੇ ਕੇ ਤੇਜ਼ੀ ਨਾਲ ਅਮਲ ਵਿੱਚ ਲਿਆਉਣ ਦੀ ਮੰਗ ਕੀਤੀ, ਤਾਂ ਜੋ ਹਲਕੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਮਿਲ ਸਕਣ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਸਮਾਣਾ ਹਲਕੇ ਦੇ ਸਰਬਪੱਖੀ ਵਿਕਾਸ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਭਰੋਸਾ ਦਿੱਤਾ ਕਿ ਲੋਕ ਹਿੱਤ ਨਾਲ ਜੁੜੇ ਹਰ ਵਿਕਾਸ ਕਾਰਜ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾਵੇਗਾ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਇਸ ਮੌਕੇ ਪ੍ਰੀਤ ਗਰੁੱਪ ਆਫ਼ ਕੰਪਨੀਜ਼ ਦੇ ਡਾਇਰੈਕਟਰ ਹਰੀ ਸਿੰਘ ਅਤੇ ਗੁਰਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

# ਸੁਚੇਤਕ ਰੰਗਮੰਚ ਨੇ 'ਵਕਤ ਤੈਨੂੰ ਸਲਾਮ ਹੈ' ਨਾਟਕ ਨਾਲ ਟੈਗੋਰ ਥੀਏਟਰ ਵਿਖੇ ਰੰਗ ਬੰਨ੍ਹਿਆ



**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਥੀਏਟਰ ਗਰੁੱਪ 'ਸੁਚੇਤਕ ਰੰਗਮੰਚ' ਵੱਲੋਂ ਟੈਗੋਰ ਥੀਏਟਰ, ਚੰਡੀਗੜ੍ਹ ਵਿਖੇ ਪੰਜਾਬੀ ਨਾਟਕ 'ਵਕਤ ਤੈਨੂੰ ਸਲਾਮ ਹੈ' ਦਾ ਮੰਚਨ ਕੀਤਾ ਗਿਆ। ਨਾਟਕ ਨੂੰ ਇਸ ਦੇ ਮਜ਼ਬੂਤ ਸਮਾਜਿਕ ਸੰਦੇਸ਼ ਅਤੇ ਦਿਲ ਟੁੰਬਵੀਂ ਅਦਾਕਾਰੀ ਲਈ ਸਰੋਤਿਆਂ ਦਾ ਭਰਵਾਂ ਹੁੰਗਾਰਾ ਮਿਲਿਆ। ਇਹ ਨਾਟਕ ਸੀ.ਟੀ. ਖਾਨੋਲਕਰ ਦੇ ਪ੍ਰਸਿੱਧ ਨਾਟਕ ਦਾ ਪੰਜਾਬੀ ਰੂਪਾਂਤਰ ਹੈ।

ਇਸ ਪੇਸ਼ਕਾਰੀ ਦੌਰਾਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਅਤੇ ਬੋਟੈਨਿਕ ਹੈਲਥਕੇਅਰ ਦੇ ਡਾ. ਗੌਰਵ ਸੋਨੀ, ਭਾਈਚਾਰੇ ਦੇ ਕਈ ਹੋਰ ਪਤਵੰਤਿਆਂ ਦੇ ਨਾਲ ਮਹਿਮਾਨਾਂ ਵਜੋਂ ਹਾਜ਼ਰ ਸਨ।

ਸ੍ਰੀ ਬਾਲ ਮੁਕੰਦ ਸ਼ਰਮਾ ਨੇ ਨਾਟਕ, ਇਸਦੇ ਨਿਰਦੇਸ਼ਕ ਅਤੇ ਕਲਾਕਾਰਾਂ ਨੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜਿਕ ਵਿਸ਼ੇ 'ਤੇ ਅਧਾਰਤ ਅਜਿਹੇ ਨਾਟਕ ਨਾਲ ਕੇਵਲ ਅੰਧਵਿਸ਼ਵਾਸਾਂ ਉਪਰ ਉੱਠਣ ਦਾ ਸੁਨੇਹਾ ਦਿੰਦੇ ਹਨ ਸਗੋਂ ਜੀਵਨ ਨੂੰ ਵਿਵਹਾਰਕ ਤੌਰ 'ਤੇ ਜਿਉਣ ਲਈ ਵੀ ਪ੍ਰੇਰਦੇ ਹਨ। ਅਨੀਤਾ ਸ਼ਬਦੀਸ਼ ਵੱਲੋਂ ਨਿਰਦੇਸ਼ਤ ਅਤੇ ਪੰਜਾਬੀ ਵਿੱਚ ਅਨੁਵਾਦਿਤ ਕੀਤੇ ਇਸ ਨਾਟਕ ਨੇ ਦਰਸ਼ਕਾਂ ਨੂੰ ਆਪਣੇ ਦਿਲਚਸਪ ਬਿਰਤਾਂਤ, ਦਿਲ-ਖਿੱਚਵੀਂ ਅਦਾਕਾਰੀ ਅਤੇ ਅਰਥਪੂਰਨ ਥੀਮ ਨਾਲ ਕੀਲ ਕੇ ਰੱਖ ਦਿੱਤਾ। ਰੰਗਮੰਚ ਪ੍ਰੇਮੀਆਂ, ਕਲਾਕਾਰਾਂ ਅਤੇ ਮਹਿਮਾਨਾਂ ਵੱਲੋਂ ਨਾਟਕ ਦੀ ਭਰਪੂਰ ਸ਼ਲਾਘਾ ਕੀਤੀ ਗਈ। ਇਸ ਮੌਕੇ ਬੋਲਦਿਆਂ ਡਾ. ਜ਼ੋਰਾ ਸਿੰਘ ਨੇ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਅਤੇ ਸਕਾਰਾਤਮਕ ਤਬਦੀਲੀ ਨੂੰ ਉਤਸ਼ਾਹਿਤ ਕਰਨ ਲਈ ਰੰਗਮੰਚ ਦੀ ਸੁਚੱਜੀ ਵਰਤੋਂ ਕਰਨ ਲਈ ਸਮੂਹ ਨੂੰ ਵਧਾਈ ਦਿੱਤੀ।

ਪ੍ਰਬੰਧਕਾਂ ਨੇ ਇਸ ਸ਼ਾਮ ਨੂੰ ਸਫ਼ਲ ਬਣਾਉਣ ਲਈ ਮੁੱਖ ਮਹਿਮਾਨਾਂ, ਪਤਵੰਤਿਆਂ, ਮੀਡੀਆ, ਸਮਰਥਕਾਂ ਅਤੇ ਸਰੋਤਿਆਂ ਦਾ ਉਨ੍ਹਾਂ ਦੇ ਸ਼ਾਨਦਾਰ ਹੁੰਗਾਰੇ ਲਈ ਧੰਨਵਾਦ ਕੀਤਾ। ਸੁਚੇਤਕ ਰੰਗਮੰਚ ਨੇ ਮਹੱਤਵਪੂਰਨ ਸਮਾਜਿਕ ਸੰਦੇਸ਼ ਦੇਣ ਵਾਲੇ ਅਰਥਪੂਰਨ ਨਾਟਕਾਂ ਦਾ ਮੰਚਨ ਜਾਰੀ ਰੱਖਣ ਦੇ ਆਪਣੇ ਸੰਕਲਪ ਨੂੰ ਦੁਹਰਾਇਆ।

# ਜ਼ਿਲ੍ਹਾ ਸੈਂਸਜ਼ ਹੈਂਡਬੁੱਕ ਤਿਆਰ ਕਰਨ ਸਬੰਧੀ ਕਰਵਾਈ ਟ੍ਰੇਨਿੰਗ



**ਸੰਗਰੂਰ, 23 ਜੁਲਾਈ**
**ਜਗਦੇਵ ਰੰਚਨਾਂ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ ਸੰਗਰੂਰ ਕਮ ਪ੍ਰਿੰਸੀਪਲ ਸੈਂਸਜ਼ ਅਫਸਰ, ਸ਼੍ਰੀਮਤੀ ਪੂਨਮਦੀਪ ਕੌਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਸੈਂਸਜ਼ ਹੈਂਡਬੁੱਕ ਤਿਆਰ ਕਰਨ ਸਬੰਧੀ ਇੱਕ ਟ੍ਰੇਨਿੰਗ ਕਰਵਾਈ ਗਈ, ਜਿਸ ਵਿੱਚ ਜ਼ਿਲ੍ਹੇ ਦੇ ਸਮੂਹ ਚਾਰਜ ਸੈਂਸਜ਼ ਅਫਸਰਾਂ ਨੇ ਭਾਗ ਲਿਆ।

ਇਸ ਵਿੱਚ ਸ਼੍ਰੀ ਵਿਨੋਦ ਕੁਮਾਰ ਯਾਦਵ ਅਸਿਸਟੈਂਟ ਡਾਇਰੈਕਟਰ ਸੈਂਸਜ਼ ਪੰਜਾਬ, ਸ੍ਰੀ ਅੰਕੁਸ਼ ਸ਼ਰਮਾ ਅਤੇ ਸ਼੍ਰੀ ਵਿਵੇਕ ਸਿੰਘ ਡਾਇਰੈਕਟਰ ਸੈਂਸਜ਼ ਦਫਤਰ ਚੰਡੀਗੜ੍ਹ ਪੰਜਾਬ ਵੱਲੋਂ ਹੈਂਡਬੁੱਕ ਸਬੰਧੀ ਟ੍ਰੇਨਿੰਗ ਦਿੱਤੀ ਗਈ, ਜਿਸ ਵਿੱਚ ਜ਼ਿਲ੍ਹਾ ਪੱਧਰ ਅਤੇ ਤਹਿਸੀਲ ਪੱਧਰ ਉੱਪਰ ਸੈਂਸਜ਼ ਫੰਕਸ਼ਨੈਰਿਟੀਜ਼ ਵੱਲੋਂ ਆਨਲਾਈਨ ਐਂਟਰੀਆਂ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।

ਟ੍ਰੇਨਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਸੰਗਰੂਰ ਕਮ ਜ਼ਿਲ੍ਹਾ ਸੈਂਸਜ਼ ਅਫਸਰ ਸ਼੍ਰੀ ਅੰਕੁਰ ਮਹਿੰਦਰੂ ਅਤੇ ਸਹਾਇਕ ਕਮਿਸ਼ਨਰ, ਸੰਗਰੂਰ ਸ਼੍ਰੀ ਰਾਜਬੀਰ ਸਿੰਘ ਭੰਗੂ ਵੱਲੋਂ ਸਮੂਹ ਚਾਰਜ ਸੈਂਸਜ਼ ਅਫਸਰਾਂ ਨੂੰ ਅਪਣਾ ਕੰਮ ਪੂਰੀ ਸ਼ਿੱਦਤ ਨਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਟ੍ਰੇਨਿੰਗ ਵਿੱਚ ਜ਼ਿਲਾ ਸੰਗਰੂਰ ਦੇ ਸੈਂਸਜ਼ ਦਫਤਰ ਵੱਲੋਂ ਸ਼੍ਰੀ ਜਗਦੀਸ਼ ਸ਼ਰਮਾ, ਸ਼੍ਰੀ ਗਣੇਸ਼ ਗੁਪਤਾ, ਸ੍ਰ ਸਰਬਜੀਤ ਸਿੰਘ ਅਤੇ ਸ਼੍ਰੀ ਕਮਲਦੀਪ ਨੇ ਭਾਗ ਲਿਆ।

# ਐਸ.ਆਈ.ਆਰ.-2026: ਸੀ.ਈ.ਓ. ਪੰਜਾਬ ਵੱਲੋਂ ਘਰੋ-ਘਰੀ ਗਣਨਾ ਪੜਾਅ ਨੂੰ ਅਗਾਊਂ ਨੇਪਰੇ ਚਾੜ੍ਹਨ ਲਈ ਈ.ਆਰ.ਓਜ਼. ਦਾ ਸਨਮਾਨ



**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੋਣ ਪ੍ਰਬੰਧਨ ਵਿੱਚ ਉੱਤਮਤਾ ਨੂੰ ਮਾਨਤਾ ਦੇਣ ਅਤੇ ਉਤਸ਼ਾਹਿਤ ਕਰਨ ਲਈ ਮੁੱਖ ਚੋਣ ਅਫ਼ਸਰ,ਪੰਜਾਬ ਸ਼੍ਰੀਮਤੀ ਅਨਿੰਦਿਤਾ ਮਿਤਰਾ ਨੇ ਅੱਜ ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ (ਈਆਰਓਜ਼) ਨੂੰ ਵਿਸ਼ੇਸ਼ ਗਹਿਰੀ ਸੋਧ (ਐਸ.ਆਈ.ਆਰ.) 2026 ਦੇ ਘਰੋ-ਘਰੀ ਗਣਨਾ ਪੜਾਅ ਨੂੰ ਨਿਰਧਾਰਤ ਸਮਾਂ-ਸੀਮਾਵਾਂ ਤੋਂ ਪਹਿਲਾਂ ਮੁਕੰਮਲ ਕਰਨ ਵਿੱਚ ਉਨ੍ਹਾਂ ਦੇ ਅਸਾਧਾਰਨ ਸਮਰਪਣ ਅਤੇ ਵਚਨਬੱਧਤਾ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਹ ਅਹਿਮ ਪ੍ਰਾਪਤੀ, ਚੋਣ ਪ੍ਰਕਿਰਿਆ ਵਿੱਚ ਸ਼ੁੱਧਤਾ, ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹਿਕ ਯਤਨਾਂ ਦੀ ਪ੍ਰਤੱਖ ਪ੍ਰਮਾਣ ਹੈ। ਸ਼੍ਰੀ ਗੁਰਵਿੰਦਰ ਸਿੰਘ ਜੌਹਲ, ਦੀ ਅਗਵਾਈ ਹੇਠ ਧਰਮਕੋਟ ਵਿਧਾਨ ਸਭਾ ਹਲਕਾ (ਜ਼ਿਲ੍ਹਾ ਮੋਗਾ), ਘਰੋ-ਘਰੀ ਗਣਨਾ ਅਭਿਆਸ ਨੂੰ ਪੂਰਾ ਕਰਨ ਵਾਲਾ ਰਾਜ ਦਾ ਪਹਿਲਾ ਹਲਕਾ ਬਣ ਕੇ ਉਭਰਿਆ। ਇਸ ਤੋਂ ਬਾਅਦ ਸ਼੍ਰੀ ਸੁਨੀਲ ਫੋਗਾਟ, ਆਈ.ਏ.ਐਸ. ਬਲਾਚੌਰ (ਜ਼ਿਲ੍ਹਾ ਐਸ.ਬੀ.ਐਸ. ਨਗਰ); ਸ਼੍ਰੀ ਤਰਸੇਮ ਚੰਦ, ਪੀਸੀਐਸ, ਦਿੜ੍ਹਬਾ (ਜ਼ਿਲ੍ਹਾ ਸੰਗਰੂਰ); ਸ਼੍ਰੀ ਗਗਨਦੀਪ, ਪੀਸੀਐਸ, ਨਿਹਾਲ ਸਿੰਘ ਵਾਲਾ (ਜ਼ਿਲ੍ਹਾ ਮੋਗਾ); ਸ਼੍ਰੀ ਅਮਰੀਕ ਸਿੰਘ ਸਿੱਧੂ, ਪੀ.ਸੀ.ਐਸ., ਬਾਘਾ ਪੁਰਾਣਾ (ਜ਼ਿਲ੍ਹਾ ਮੋਗਾ); ਸ਼੍ਰੀ ਸਤਵਿੰਦਰ ਪਾਲ ਰਣੀਕੇ, ਪੀਸੀਐਸ, ਮੋਗਾ (ਜ਼ਿਲ੍ਹਾ ਮੋਗਾ); ਸ਼੍ਰੀਮਤੀ ਇਸਮਤ ਵਿਜੇ ਸਿੰਘ, ਪੀ.ਸੀ.ਐਸ., ਧੂਰੀ (ਜ਼ਿਲ੍ਹਾ ਸੰਗਰੂਰ) ਅਤੇ ਸ਼੍ਰੀ ਵਿਪਨ ਭੰਡਾਰੀ, ਪੀ.ਸੀ.ਐਸ., ਬੰਗਾ (ਜ਼ਿਲ੍ਹਾ ਐਸਬੀਐਸ ਨਗਰ) ਸ਼ਾਮਲ ਹਨ।

ਜ਼ਿਲ੍ਹਾ ਚੋਣ ਅਧਿਕਾਰੀਆਂ, ਈਆਰਓਜ਼, ਏ.ਈ.ਆਰ.ਓਜ਼., ਸੁਪਰਵਾਈਜ਼ਰਾਂ ਅਤੇ ਬੀਐਲਓਜ਼ ਦੇ ਸਮੂਹਿਕ ਯਤਨਾਂ ਦੀ ਸ਼ਲਾਘਾ ਕਰਦਿਆਂ ਸ਼੍ਰੀਮਤੀ ਮਿਤਰਾ ਨੇ ਕਿਹਾ ਕਿ ਇਹ ਮੀਲ ਪੱਥਰ ਉਨ੍ਹਾਂ ਦੇ ਸਮੂਹਿਕ ਸਮਰਪਣ ਅਤੇ ਮਿਸ਼ਨ-ਅਧਾਰਤ ਕੰਮ ਨੂੰ ਦਰਸਾਉਂਦਾ ਹੈ।

ਇਸ ਮੌਕੇ ਬੋਲਦਿਆਂ ਸੀ.ਈ.ਓ. ਨੇ ਅਧਿਕਾਰੀਆਂ ਦੀ ਉਨ੍ਹਾਂ ਦੇ ਅਣਥੱਕ ਯਤਨਾਂ ਅਤੇ ਜਮਹੂਰੀ ਪ੍ਰਕਿਰਿਆਵਾਂ ਨੂੰ ਮਜ਼ਬੂਤ ਕਰਨ ਪ੍ਰਤੀ ਅਟੁੱਟ ਵਚਨਬੱਧਤਾ ਲਈ ਪ੍ਰਸ਼ੰਸਾ ਕੀਤੀ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਸ ਪੜਾਅ ਦਾ ਸਫਲਤਾਪੂਰਵਕ ਪੂਰਾ ਹੋਣਾ ਮਜ਼ਬੂਤ ਅਤੇ ਪੂਰੀ ਤਰ੍ਹਾਂ ਡਿਜੀਟਾਈਜ਼ਡ ਵੋਟਰ ਸੂਚੀ ਬਣਾਉਣ ਵੱਲ ਅਹਿਮ ਕਦਮ ਹੈ, ਜਿਸ ਨਾਲ ਨਾ ਸਿਰਫ਼ ਨਾਗਰਿਕਾਂ ਨੂੰ ਸਸ਼ਕਤ ਬਣਾਇਆ ਜਾ ਰਿਹਾ ਹੈ ਸਗੋਂ ਉਨ੍ਹਾਂ ਦਾ ਵੋਟਾਂ ਦੇ ਅਮਲ ਵਿੱਚ ਵਿਸ਼ਵਾਸ ਵੀ ਵਧਿਆ ਹੈ।

ਸੀ.ਈ.ਓ. ਨੇ ਸਾਰੇ ਜ਼ਿਲ੍ਹਿਆਂ ਨੂੰ ਐਸ.ਆਈ.ਆਰ.- 2026 ਦੇ ਆਉਣ ਵਾਲੇ ਪੜਾਵਾਂ ਵਿੱਚ ਇਸੇ ਤਰ੍ਹਾਂ ਸਮਰਪਣ ਨਾਲ ਕੰਮ ਕਰਦੇ ਰਹਿਣ ਦੀ ਅਪੀਲ ਕੀਤੀ।

ਉਨ੍ਹਾਂ ਪੰਜਾਬ ਦੇ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਜਿਨ੍ਹਾਂ ਨੇ ਅਜੇ ਤੱਕ ਸਬੰਧਤ ਬੂਥ ਲੈਵਲ ਅਫਸਰਾਂ ਨੂੰ ਆਪਣੇ ਗਣਨਾ ਫਾਰਮ ਜਮ੍ਹਾਂ ਨਹੀਂ ਕਰਵਾਏ ਹਨ, ਉਹ 3 ਅਗਸਤ (ਆਖਰੀ ਮਿਤੀ ) ਤੋਂ ਪਹਿਲਾਂ ਅਜਿਹਾ ਕਰਨਾ ਯਕੀਨੀ ਬਣਾਉਣ ਤਾਂ ਜੋ ਉਨ੍ਹਾਂ ਦੇ ਨਾਮ 13 ਅਗਸਤ, 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਡਰਾਫਟ ਵੋਟਰ ਸੂਚੀਆਂ ਵਿੱਚ ਸ਼ਾਮਲ ਕੀਤੇ ਜਾ ਸਕਣ।

# ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ ਨੇ ਪੀਐੱਮਕੇਵੀਵਾਈ 4.0 ਦੇ ਤਹਿਤ ਕੇਅਰਗਿਵਰ ਟ੍ਰੇਨਿੰਗ ਪ੍ਰੋਗਰਾਮ ਲਾਂਚ ਕੀਤਾ

**ਚੰਡੀਗੜ੍ਹ, 23 ਜੁਲਾਈ**
**-ਮਨੋਜ ਵਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਪ੍ਰਸ਼ਾਸਨ ਦੇ ਤਕਨੀਕੀ ਸਿੱਖਿਆ ਵਿਭਾਗ ਦੇ ਤਹਿਤ ਕਾਰਜਰਤ ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ (ਸੀਐੱਸਡੀਐੱਮ) ਨੇ ਸਿਹਤ ਸੇਵਾਵਾਂ ਦੇ ਸਹਿਯੋਗੀ ਈਕੋਸਿਸਟਮ ਨੂੰ ਮਜ਼ਬੂਤ ? ?ਬਣਾਉਣ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਅਵਸਰ ਸਿਰਜਣ ਦੇ ਉਦੇਸ਼ ਨਾਲ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ (ਪੀਐੱਮਕੇਵੀਵਾਈ) 4.0 ਦੇ ਤਹਿਤ ਕੇਅਰਗਿਵਰ ਟ੍ਰੇਨਿੰਗ ਪ੍ਰੋਗਰਾਮ ਸ਼ੁਰੂ ਕੀਤਾ ਹੈ। ਇਸ ਪਹਿਲ ਦੇ ਤਹਿਤ ਚੰਡੀਗੜ੍ਹ ਸਕਿੱਲ ਡਿਵੈਲਪਮੈਂਟ ਮਿਸ਼ਨ (ਸੀਐੱਸਡੀਐੱਮ) ਨੇ ਚੰਡੀਗੜ੍ਹ ਦੇ ਪਾਤਰ ਹੈਲਥਕੇਅਰ ਅਤੇ ਐਜੂਕੇਸ਼ਨਲ ਸੰਸਥਾਵਾਂ ਤੋਂ ਟ੍ਰੇਨਿੰਗ ਪ੍ਰੋਗਰਾਮ ਸੰਚਾਲਿਤ ਕਰਨ ਲਈ ਅਰਜ਼ੀਆਂ ਮੰਗੀਆਂ ਹਨ। ਅਰਜ਼ੀਆਂ ਜਮ੍ਹਾਂ ਕਰਨ ਦੀ ਅੰਤਿਮ ਮਿਤੀ 26 ਜੁਲਾਈ ਨਿਰਧਾਰਿਤ ਕੀਤੀ ਗਈ ਹੈ।

ਚੰਡੀਗੜ੍ਹ ਵਿੱਚ ਵੈਧ ਪ੍ਰਵਾਨਗੀ/ਲਾਇਸੈਂਸ ਪ੍ਰਾਪਤ ਰਜਿਸਟਰਡ ਹਸਪਤਾਲ, ਮੈਡੀਕਲ ਕਾਲਜ, ਨਰਸਿੰਗ ਕਾਲਜ, ਅਲਾਇਡ ਹੈਲਥ ਸੰਸਥਾਵਾਂ ਅਤੇ ਕੰਪਨੀਆਂ ਜਾਂ ਸਰਕਾਰੀ ਸੰਸਥਾਵਾਂ ਅਰਜ਼ੀ ਦੇਣ ਦੀਆਂ ਪਾਤਰ ਹਨ। ਚੁਣੇ ਗਏ ਸੰਸਥਾਨ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ (ਪੀਐੱਮਕੇਵੀਵਾਈ) 4.0 ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਲਾਸਰੂਮ ਅਧਾਰਿਤ ਟ੍ਰੇਨਿੰਗ ਦੇ ਨਾਲ-ਨਾਲ ਪ੍ਰੈਕਟੀਕਲ ਔਨ-ਦ-ਜੌਬ ਟ੍ਰੇਨਿੰਗ (ਓਜੇਟੀ) ਪ੍ਰਦਾਨ ਕਰਨਗੇ, ਜਿਸ ਨਾਲ ਗੁਣਵੱਤਾਪੂਰਨ ਅਤੇ ਉਦਯੋਗ ਦੀਆਂ ਜ਼ਰੂਰਤਾਂ ਦੇ ਅਨੁਰੂਪ ਕੌਸ਼ਲ ਵਿਕਾਸ ਸੁਨਿਸ਼ਚਿਤ ਕੀਤਾ ਜਾ ਸਕੇ।

ਇਸ ਪ੍ਰੋਗਰਾਮ ਦਾ ਉਦੇਸ਼ ਅਜਿਹੇ ਪੇਸ਼ੇਵਰ ਤੌਰ 'ਤੇ ਟ੍ਰੇਨਿੰਗ ਪ੍ਰਾਪਤ ਕੇਅਰਗਿਵਰਸ ਦਾ ਸਮੂਹ ਤਿਆਰ ਕਰਨਾ ਹੈ ਜੋ ਸੀਨੀਅਰ ਸਿਟੀਜ਼ਨਸ, ਦਿੱਵਯਾਂਗਜਨ ਅਤੇ ਦੀਰਘਕਾਲੀ ਸਿਹਤ ਦੇਖਭਾਲ਼ ਦੀ ਜ਼ਰੂਰਤ ਵਾਲੇ ਵਿਅਕਤੀਆਂ ਨੂੰ ਗੁਣਵੱਤਾਪੂਰਨ ਦੇਖਭਾਲ਼ ਅਤੇ ਸਹਿਯੋਗ ਪ੍ਰਦਾਨ ਕਰ ਸਕਣ। ਘਰੇਲੂ ਅਤੇ ਸੰਸਥਾਗਤ ਸਿਹਤ ਸੰਭਾਲ਼ ਸੇਵਾਵਾਂ ਦੀ ਵਧਦੀ ਮੰਗ ਨੂੰ ਦੇਖਦੇ ਹੋਏ ਇਹ ਪਹਿਲ ਟ੍ਰੇਨਿੰਗ ਪ੍ਰਾਪਤ ਕੇਅਰਗਿਵਰਸ ਦੀ ਵਧਦੀ ਜ਼ਰੂਰਤ ਨੂੰ ਪੂਰਾ ਕਰਨ ਦੇ ਨਾਲ-ਨਾਲ ਸੀਨੀਅਰ ਸਿਟੀਜ਼ਨਸ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬਿਹਤਰ ਸਹਿਯੋਗ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਵੇਗੀ।

ਇਹ ਟ੍ਰੇਨਿੰਗ ਪ੍ਰਤੀਭਾਗੀਆਂ ਨੂੰ ਪੇਸ਼ੇਵਰ ਕੇਅਰਗਿਵਿੰਗ ਸਕਿੱਲਸ ਪ੍ਰਦਾਨ ਕਰੇਗੀ, ਜਿਸ ਨਾਲ ਹਸਪਤਾਲਾਂ, ਨਰਸਿੰਗ ਹੋਮਸ, ਪੁਨਰਵਾਸ ਕੇਂਦਰਾਂ, ਹੋਮ ਹੈਲਥਕੇਅਰ ਸੇਵਾਵਾਂ ਅਤੇ ਭਾਰਤ ਤੇ ਵਿਦੇਸ਼ਾਂ ਵਿੱਚ ਤੇਜ਼ੀ ਨਾਲ ਵਿਕਸਿਤ ਹੋ ਰਹੇ ਹੈਲਥਕੇਅਰ ਸੈਕਟਰ ਵਿੱਚ ਉਨ੍ਹਾਂ ਦੇ ਰੋਜ਼ਗਾਰ ਦੇ ਅਵਸਰ ਵਧਣਗੇ।

# ਮਾਣੇਵਾਲ ਦੇ ਨੌਜਵਾਨ ਦੀ ਭੇਦ ਭਰੇ ਹਾਲਤਾਂ ਵਿੱਚ ਮੌਤ

**ਮਾਛੀਵਾੜਾ ਸਾਹਿਬ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਮਾਣੇਵਾਲ ਵਿਚ 28 ਸਾਲਾ ਨੌਜਵਾਨ ਗੁਰਬਖ਼ਸ਼ ਸਿੰਘ ਦੀ ਭੇਦਭਰੀ ਹਾਲਤ ਵਿਚ ਮੌਤ ਹੋਣ ਦੀ ਖ਼ਬਰ ਹੈ। ਮ੍ਰਿਤਕ ਨੌਜਵਾਨ ਦੇ ਪਿਤਾ ਸੁਰਜੀਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਉਨ੍ਹਾਂ ਦਾ 28 ਸਾਲਾ ਨੌਜਵਾਨ ਪੁੱਤਰ ਜੋ ਕਿ ਅਣਵਿਆਹਿਆ ਸੀ, ਉਸਨੂੰ ਮੰਗਲਵਾਰ ਦੀ ਰਾਤ ਕਰੀਬ 10 ਵਜੇ ਇਸੇ ਪਿੰਡ ਦਾ ਹੀ ਉਸਦਾ ਦੋਸਤ ਘਰੋਂ ਬੁਲਾ ਕਿ ਲੈ ਗਿਆ ਤੇ ਦੋ ਘੰਟੇ ਬਾਦ ਉਸੇ ਦੋਸਤ ਨੇ ਘਰੇ ਦੱਸਿਆ ਕਿ ਗੁਰਬਖਸ ਸਿੰਘ ਦੀ ਮੌਤ ਹੋ ਗਈ ਹੈ ਤੇ ਉਸਦੀ ਲਾਸ਼ ਖੇਤਾ ਵਿਚ ਪਈ ਹੈ। ਇਹ ਸੁਣਦੇ ਹੀ ਜਦੋ ਉਹ ਪਰਿਵਾਰਿਕ ਮੈਂਬਰਾਂ ਨਾਲ ਖੇਤਾਂ ਵਿਚ ਪੁੱਜਾ ਤਾ ਉੱਥੇ ਉਨ੍ਹਾਂ ਦੇ ਨੌਜਵਾਨ ਪੁੱਤਰ ਦੀ ਲਾਸ਼ ਪਈ ਸੀ।

ਹਾਲਾਂਕਿ ਅਸਲ ਵਜ੍ਹਾ ਕੀ ਹੈ ਇਹ ਤਾਂ ਪੁਲਿਸ ਦੀ ਜਾਂਚ ਤੋਂ ਬਾਅਦ ਵਿਚ ਪਤਾ ਚੱਲੇਗਾ ਕਿ ਇਹ ਮੌਤ ਕੁਦਰਤੀ ਜਾਂ ਫਿਰ ਕੋਈ ਨਸ਼ੇ ਦੀ ਜ਼ਿਆਦਾ ਡੋਜ ਨਾਲ ਹੋਈ ਹੈ। ਫਿਲਹਾਲ ਲਾਸ਼ ਪੋਸਟਮਾਰਟਮ ਲਈ ਸਮਰਾਲਾ ਦੇ ਸਿਵਲ ਹਸਪਤਾਲ ਵਿਚ ਰੱਖ ਦਿੱਤੀ ਗਈ ਹੈ। ਪਿੰਡ ਦੇ 28 ਸਾਲਾ ਨੌਜਵਾਨ ਦੀ ਅਚਨਚੇਤ ਹੋਈ ਮੌਤ ਨਾਲ ਪਿੰਡ ਵਿੱਚ ਸੋਗ ਦੀ ਲਹਿਰ ਹੈ।

# ਨਾਭਾ ਦੇ ਪਿੰਡਾਂ 'ਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਦਾ ਪ੍ਰਦਰਸ਼ਨ ਜਾਰੀ

**ਨਾਭਾ, 23 ਜੁਲਾਈ**
**-ਹਰਸ਼ਪ੍ਰੀਤ ਕੌਰ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਸਾਧੋਹੇੜੀ ਅਤੇ ਲੱਧਾਹੇੜੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।

ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ ਵਿੱਚ 40 ਤੋਂ ਵੱਧ ਫ਼ਲਦਾਰ ਬੂਟੇ ਲਗਾਏ

**ਚੰਡੀਗੜ੍ਹ, 23 ਜੁਲਾਈ**
**-ਸੰਜੀਵ ਸਿੰਗਲਾ-**



ਵਾਤਾਵਰਣ ਸਥਿਰਤਾ ਅਤੇ ਹਰਿਆਵਲ ਵੱਲ ਅਹਿਮ ਕਦਮ ਚੁੱਕਦਿਆਂ, ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪੰਜਾਬ ਵਿਧਾਨ ਸਭਾ ਕੰਪਲੈਕਸ ਵਿਖੇ ਫ਼ਲਦਾਰ ਬੂਟੇ ਲਗਾਏ।

ਇਸ ਮੌਕੇ ਬੋਲਦਿਆਂ ਸਪੀਕਰ ਸੰਧਵਾਂ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਵਿੱਚ ਹੁਣ ਤੱਕ 40 ਤੋਂ ਵੱਧ ਬੂਟੇ ਲਗਾਏ ਜਾ ਚੁੱਕੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਪੰਜਾਬ ਨੂੰ ਹਰਿਆ ਭਰਿਆ ਬਣਾਉਣਾ ਇੱਕ ਅਹਿਮ ਉਪਰਾਲਾ ਹੈ ਅਤੇ ਪੌਦੇ ਲਗਾਉਣ ਦੀ ਇਹ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰਹੇਗੀ।

ਸਪੀਕਰ ਸੰਧਵਾਂ ਨੇ ਕਿਹਾ,ਜੇਕਰ ਅਸੀਂ ਕੁਦਰਤ ਨਾਲ ਪਿਆਰ ਕਰਾਂਗੇ, ਤਾਂ ਕੁਦਰਤ ਵੀ ਸਾਨੂੰ ਉਹੀ ਪਿਆਰ ਵਾਪਸ ਕਰੇਗੀ। ਉਨ੍ਹਾਂ ਨੇ ਮੌਜੂਦਾ ਸਮੇਂ ਨਿਯਮਿਤ ਪੌਦੇ ਲਗਾਉਣ ਦੀ ਅਹਿਮ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ 'ਗ੍ਰੀਨ ਪੰਜਾਬ' ਬਣਾਉਣ ਲਈ ਹੁਣ ਸਭ ਨੂੰ ਮਿਲ ਕੇ ਕੰਮ ਕਰਨ ਦਾ ਸਮਾਂ ਆ ਗਿਆ ਹੈ।

ਸਪੀਕਰ ਨੇ ਅੱਗੇ ਕਿਹਾ ਕਿ ਸਥਾਈ ਵਾਤਾਵਰਣ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਅੱਜ ਵੱਧ ਤੋਂ ਵੱਧ ਰੁੱਖ ਲਗਾ ਕੇ, ਅਸੀਂ ਆਉਣ ਵਾਲੀਆਂ ਪੀੜ੍ਹੀਆਂ ਅਤੇ ਸਦੀਆਂ ਨੂੰ ਇੱਕ ਸਿਹਤਮੰਦ ਵਾਤਾਵਰਣ ਪ੍ਰਣਾਲੀ ਹੇਠ ਸੁਰੱਖਿਅਤ ਰੱਖ ਸਕਦੇ ਹਾਂ।

ਉਨ੍ਹਾਂ ਵੱਲੋਂ ਪੰਜਾਬ ਦੇ ਲੋਕਾਂ ਨੂੰ ਗੁਰਬਾਣੀ ਦੀਆਂ ਮੁੱਖ ਸਿੱਖਿਆਵਾਂ ਅਤੇ ਸਿੱਖ ਗੁਰੂਆਂ ਦੁਆਰਾ ਦਰਸਾਏ ਇਤਿਹਾਸਕ ਮਾਰਗ ਤੋਂ ਗੂੜ੍ਹੀ ਅਧਿਆਤਮਿਕ ਸੇਧ ਲੈ ਕੇ ਵਿਆਪਕ ਵਾਤਾਵਰਣ ਲਹਿਰ ਸ਼ੁਰੂ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਸੱਚੀ ਬ੍ਰਹਮਤਾ ਕੁਦਰਤ ਵਿੱਚ ਵੱਸਦੀ ਹੈ। ਹਰ ਮਨੁੱਖ, ਜਾਨਵਰ, ਪੌਦਾ ਅਤੇ ਰੁੱਖ ਸਰਵ ਸ਼ਕਤੀਮਾਨ ਦਾ ਜੀਵੰਤ ਪ੍ਰਗਟਾਵਾ ਹੈ।

ਸੂਬੇ ਵਿੱਚ ਘਟਦੇ ਜਾ ਰਹੇ ਵਾਤਾਵਰਣ ਸੰਤੁਲਨ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸਪੀਕਰ ਨੇ ਦੱਸਿਆ ਕਿ ਪੰਜਾਬ ਦਾ ਜੰਗਲਾਤ ਖੇਤਰ ਘਟ ਕੇ 3 ਫ਼ੀਸਦ ਤੋਂ ਵੀ ਘੱਟ ਰਹਿ ਗਿਆ ਹੈ, ਜਿਸ ਲਈ ਤੁਰੰਤ ਸਮੂਹਿਕ ਯਤਨਾਂ ਦੀ ਲੋੜ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰਿਆਲੀ ਅਤੇ ਬਨਸਪਤੀ ਦੀ ਘਾਟ ਸਮਾਜਿਕ ਬੁਰਾਈਆਂ ਦੇ ਵਾਧੇ ਨਾਲ ਜੁੜੀ ਹੋਈ ਹੈ, ਜੋ ਸ਼ਾਂਤੀ ਅਤੇ ਖੁਸ਼ਹਾਲੀ ਨੂੰ ਢਾਹ ਲਾਉਂਦੀ ਹੈ। ਕੁਦਰਤ ਦੀ ਕਦਰ ਅਤੇ ਸੰਭਾਲ ਸਮੁੱਚੇ ਭਾਈਚਾਰੇ ਲਈ ਬ੍ਰਹਮ ਦਇਆ, ਖੁਸ਼ਹਾਲੀ ਅਤੇ ਅਸੀਸਾਂ ਨੂੰ ਯਕੀਨੀ ਬਣਾਉਂਦੀ ਹੈ।

ਸ. ਸੰਧਵਾਂ ਨੇ ਦੱਸਿਆ ਕਿ ਸਾਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਤੋਂ ਸੇਧ ਲੈਣ ਦੀ ਲੋੜ ਹੈ, ਜਿਨ੍ਹਾਂ ਨੇ ਆਪ ਬਾਗ਼ ਲਗਾਏ ਅਤੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ। ਜੇਕਰ ਅਸੀਂ ਪੰਜਾਬ ਨੂੰ ਮੁੜ ਰੰਗਲਾ ਅਤੇ ਜੀਵੰਤ ਬਣਾਉਣਾ ਚਾਹੁੰਦੇ ਹਾਂ, ਤਾਂ ਸਾਨੂੰ ਸਭ ਤੋਂ ਪਹਿਲਾਂ ਸੂਬੇ ਨੂੰ ਹਰਿਆ-ਭਰਿਆ ਪੰਜਾਬ ਬਣਾਉਣਾ ਪਵੇਗਾ।

ਉਨ੍ਹਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ, ਜਿੱਥੇ ਵੀ ਅਤੇ ਜਦੋਂ ਵੀ ਮੌਕਾ ਮਿਲੇ, ਆਓ ਸਾਰੇ ਇੱਕਜੁੱਟ ਹੋ ਕੇ ਰੁੱਖ ਲਗਾਈਏ। ਉਨ੍ਹਾਂ ਅੱਗੇ ਅਪੀਲ ਕੀਤੀ ਕਿ ਸਾਰੇ ਨਾਗਰਿਕ ਕੁਦਰਤ ਨਾਲ ਜੁੜੀਆਂ ਆਪਣੀਆਂ ਰਵਾਇਤੀ ਕਦਰਾਂ-ਕੀਮਤਾਂ ਦਾ ਸਤਿਕਾਰ ਕਰਨ। ਉਨ੍ਹਾਂ ਕਿਹਾ ਕਿ ਪੰਜਾਬੀ ਟਿਕਾਊ ਵਾਤਾਵਰਣ ਨੂੰ ਯਕੀਨੀ ਬਣਾ ਸਕਦੇ ਹਨ ਜਿੱਥੇ ਕੁਦਰਤ ਵਧੇ-ਫੁੱਲੇਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਰੁੱਖ ਅਧੀਨ ਰਕਬੇ ਨੂੰ ਵਧਾ ਕੇ ਖੁਸ਼ਹਾਲ ਹੋਣਗੀਆਂ।

# ਝਾੜ ਸਾਹਿਬ ਕਾਲਜ ਦਾ ਐੱਮ.ਏ (ਪੰਜਾਬੀ) ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ

**ਮਾਛੀਵਾੜਾ ਸਾਹਿਬ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਕੇ ਦੀ ਨਾਮਵਾਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਐੱਮ.ਏ (ਪੰਜਾਬੀ) ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਐੱਮ.ਏ (ਪੰਜਾਬੀ) ਸਮੈਸਟਰ ਦੂਜਾ ਦੀ ਵਿਦਿਆਰਥਣ ਸੰਗੀਤਾ ਰਾਣੀ ਸਪੁੱਤਰੀ ਰਮੇਸ਼ ਚੰਦ ਨੇ 70.5% ਅੰਕ ਹਾਸਿਲ ਕਰਕੇ ਕਾਲਜ ਵਿੱਚੋ ਪਹਿਲਾ ਸਥਾਨ, ਜੋਤੀ ਰਾਣੀ ਸਪੁੱਤਰੀ ਦਲਵੀਰ ਸਿੰਘ ਨੇ 68.25% ਅੰਕ ਹਾਸਿਲ ਕਰਕੇ ਕਲਾਜ ਵਿੱਚੋ ਦੂਜਾ ਸਥਾਨ ਅਤੇ ਹਸ਼ਨਪ੍ਰੀਤ ਕੌਰ ਸਪੁੱਤਰੀ ਬਲਜਿੰਦਰ ਸਿੰਘ ਨੇ 67.25% ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਵਿਦਿਆਰਥਣਾਂ ਅਤੇ ਆਰਟਸ ਵਿਭਾਗ ਦੇ ਸਟਾਫ ਮੈਂਬਰਾ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ, ਇਸ ਲਈ ਸਮੇਂ-ਸਮੇਂ ਤੇ ਵਿਦਿਆਰਥਣਾਂ ਲਈ ਸ਼ਖਸ਼ੀਅਤ ਉਸਾਰੂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਕਾਲਜ ਵਿਖੇ ਲੜਕੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਅਰਨ ਬਾਇ ਲਰਨ ਪਾਲਿਸੀ ਤਹਿਤ ਵੱਖ-ਵੱਖ ਕਿੱਤਿਆਂ ਨਾਲ ਜੋੜਿਆ ਜਾਂਦਾ ਹੈ,ਤਾਂ ਜੋ ਉਨ੍ਹਾਂ ਨੂੰ ਆਰਥਿਕ ਤੌਰ ਤੇ ਮਜਬੂਤ ਕੀਤਾ ਜਾ ਸਕੇ।

ਸਾਨੂੰ ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰਾਂ ਦ੍ਰਿੜ ਮਿਹਨਤ ਅਤੇ ਲਗਨ ਸਦਕਾ ਵਧੀਆ ਨਤੀਜਾ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਨਗੀਆਂ। ਕਾਲਜ ਵਿਖੇ 10+1,10+2 (ਮੈਡੀਕਲ, ਨਾਨ-ਮੈਡੀਕਲ, ਕਾਮਰਸ, ਆਰਟਸ), ਅਐੱਮ.ਏ.ਪੰਜਾਬੀ, .ਐਸ.ਸੀ (ਆਈ.ਟੀ) ਕੋਰਸ ਸਫਲਤਾ ਪੂਰਵਕ ਚੱਲ ਰਹੇ ਹਨ। ਇਸ ਵਰ੍ਹੇ ਤੋਂ ਕਾਲਜ ਵਿਖੇ ਨੈਨੀ, ਕੇਅਰ ਗਿਵਰ, ਏ.ਆਈ ਅਤੇ ਡਾਟਾ ਸਾਇੰਸ, ਸਰਟੀਫਿਕੇਟ ਇੰਨ ਬੇਸਿਕ ਕੰਪਿਊਟਰ ਐਜੂਕੇਸ਼ਨ, ਅਕਾਊਂਟਿੰਗ ਅਤੇ ਟੈਕਸੇਸ਼ਨ ਵਰਗੇ ਡਿਪਲੋਮਾਂ ਕੋਰਸ ਵੀ ਸ਼ੁਰੂ ਕੀਤੇ ਗਏ ਹਨ। ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਵਿਦਿਆਰਥਣਾਂ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕੀਤੀ ਗਈ।

# ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਭਰ ਦੇ ਸੜਕ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ, ਮਾਨਸੂਨ ਸੀਜ਼ਨ ਵਿੱਚ ਸੜਕੀ ਆਵਾਜਾਈ ਨਿਰਵਿਘਨ ਚਲਾਈ ਰੱਖਣ ਦੇ ਦਿੱਤੇ ਨਿਰਦੇਸ਼

**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਪੰਜਾਬ ਭਵਨ ਵਿਖੇ ਹੋਈ ਮੀਟਿੰਗ ਦੌਰਾਨ ਪੰਜਾਬ ਭਰ ਵਿੱਚ ਸੜਕ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਬਿਹਤਰ ਅਵਾਜਾਈ ਨੈਟਵਰਕ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਵਿਚ 45000 ਕਿਲੋਮੀਟਰ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦੇ ਕੰਮ ਕਰਵਾਏ ਜਾ ਰਹੇ ਹਨ। ਮੀਟਿੰਗ ਦੌਰਾਨ ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਰਾਜ ਮਾਰਗਾਂ ਅਤੇ ਲਿੰਕ ਸੜਕਾਂ ਨਾਲ ਸਬੰਧਤ ਚੱਲ ਰਹੇ ਕੰਮਾਂ ਦੀ ਹਲਕਾ ਅਤੇ ਮੰਡਲ-ਵਾਰ ਸਥਿਤੀ ਦਾ ਮੁਲਾਂਕਣ ਕੀਤਾ।

ਮਿੱਥੇ ਸਮੇ ਵਿੱਚ ਕੰਮਾਂ ਨੂੰ ਮੁਕੰਮਲ ਕਰਨ ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਾਨਸੂਨ ਸੀਜ਼ਨ ਦੌਰਾਨ ਵਿਭਾਗ ਅਧੀਨ ਆਉਂਦੀਆਂ ਸੜਕਾਂ ਦਾ ਲਗਾਤਾਰ ਨਿਰੀਖਣ ਕਰਕੇ ਆਵਾਜਾਈ ਨਿਰਵਿਘਨ ਜਾਰੀ ਰੱਖੀ ਜਾਵੇ। ਮੌਨਸੂਨ ਮੌਸਮ ਵਿੱਚ ਜਦੋਂ ਲੁੱਕ ਦੇ ਕੰਮ ਨਹੀਂ ਚਲ ਸਕਦੇ, ਡਬਲਿਊ.



ਬੀ. ਐਮ. ਸੜਕਾਂ ਦੀ ਰੋਲਿੰਗ ਕਰਕੇ ਬਾਰਿਸ਼ਾਂ ਉਪਰੰਤ ਲੁੱਕ ਦੇ ਕੰਮ ਲਈ ਤਿਆਰ ਕਰਨ ਲਈ ਵੀ ਸੇਧ ਦਿੱਤੀ ਗਈ। ਉਨ੍ਹਾਂ ਨੇ ਮਹਿਕਮੇ ਦੇ ਅਧਿਕਾਰੀਆਂ ਨੂੰ ਪ੍ਰਗਤੀ ਦੀ ਰੋਜ਼ਾਨਾ ਆਧਾਰ 'ਤੇ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕੋਈ ਵੀ ਕੰਮ ਸਮਾਂ-ਸੀਮਾ ਤੋਂ ਨਾ ਖੁੰਝੇ।

ਕੁਆਲਿਟੀ ਕੰਟਰੋਲ 'ਤੇ ਜ਼ੋਰ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ ਅਧਿਕਾਰੀਆਂ ਨੂੰ ਚੰਗੀ ਮਿਆਰ ਦੇ ਕੰਮ ਕਰਵਾਉਣ ਨੂੰ ਯਕੀਨੀ ਬਣਾਉਣ ਦੀ ਸਰਕਾਰ ਦੀ ਨੀਤੀ ਬਾਰੇ ਆਗਾਹ ਕੀਤਾ ਤਾਂ ਜੋ ਲੋਕਾਂ ਦਾ ਪੈਸਾ ਕਿਸੇ ਵੀ ਰੂਪ ਵਿੱਚ ਬਰਬਾਦ ਨਾ ਹੋਵੇ। ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਸਬੰਧਤ ਅਧਿਕਾਰੀਆਂ ਵੱਲੋਂ ਹਰ ਪੱਧਰ 'ਤੇ ਨਿਰੰਤਰ ਜਾਂਚ ਅਤੇ ਨਿਰੀਖਣ ਕੀਤਾ ਜਾਵੇ ਤਾਂ ਜੋ ਜ਼ਮੀਨੀ ਪੱਧਰ 'ਤੇ ਉੱਚ ਮਿਆਰਾਂ ਨੂੰ ਸਖ਼ਤੀ ਨਾਲ ਕਾਇਮ ਰੱਖਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਹਰ ਪੜਾਅ 'ਤੇ ਲੋੜੀਂਦੇ ਸਾਈਨ ਬੋਰਡ, ਲੇਨ ਮਾਰਕਿੰਗ ਅਤੇ ਕੁਆਲਿਟੀ ਕੰਟਰੋਲ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ।

ਕੈਬਨਿਟ ਮੰਤਰੀ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫੰਡਾਂ ਸਬੰਧੀ ਬਕਾਇਆ ਮੰਗਾਂ ਤੁਰੰਤ ਦਰਜ ਕਰਕੇ ਅਦਾਇਗੀਆਂ ਕੀਤੀਆਂ ਜਾਣ ਤਾਂ ਜੋ ਕੰਮਾਂ ਦੀ ਪ੍ਰਗਤੀ ਵਿੱਚ ਕੋਈ ਦੇਰੀ ਨਾ ਹੋਵੇ। ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਉਹ ਮੁੜ ਛੇਤੀ ਹੀ ਕੰਮਾਂ ਦੀ ਪ੍ਰਗਤੀ ਦੀ ਦੁਬਾਰਾ ਸਮੀਖਿਆ ਕਰਨਗੇ। ਮੀਟਿੰਗ ਵਿੱਚ ਵਿਸ਼ੇਸ਼ ਸਕੱਤਰ ਹਰਗੁਣਜੀਤ ਕੌਰ, ਸੰਯੁਕਤ ਸਕੱਤਰ ਅਮਰਬੀਰ ਸਿੱਧੂ, ਇੰਜੀਨੀਅਰ-ਇਨ-ਚੀਫ਼ ਸ੍ਰੀ ਗਗਨਦੀਪ ਸਿੰਘ, ਮੁੱਖ ਇੰਜੀਨੀਅਰਜ਼ ਸ੍ਰੀ ਅਨਿਲ ਗੁਪਤਾ, ਸ਼੍ਰੀ ਅਰਸ਼ਦੀਪ ਸਿੰਘ, ਅਤੇ ਸੁਪਰੀਟੇਂਡਿੰਗ ਇੰਜੀਨੀਅਰਜ਼ ਸਣੇ ਕਾਰਜਕਾਰੀ ਇੰਜੀਨੀਅਰ ਸ਼ਾਮਿਲ ਸਨ।

## ਬਜ਼ਾਰ ਵਿਚ ਨਾਜਾਇਜ ਕਬਜ਼ੇ ਕਰਨ ਵਾਲਿਆਂ ਤੇ ਨਗਰ ਕੌਂਸਲ ਹੋਇਆ ਸਖ਼ਤ




**ਜਲੰਧਰ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਗਰ ਕੌਂਸਲ ਮਾਛੀਵਾੜਾ ਵਲੋਂ ਬਜਾਰ ਵਿਚ ਨਾਜਾਇਜ ਕਬਜੇ ਹਟਾਉਣ ਅਤੇ ਸਫ਼ਾਈ ਰੱਖਣ ਲਈ ਅੱਜ ਪ੍ਰਧਾਨ ਮੋਹਿਤ ਕੁੰਦਰਾ ਵਲੋਂ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ ਤੇ ਇਸ ਮੌਕੇ ਉਨ੍ਹਾਂ ਕਰਮਚਾਰੀਆਂ ਨੂੰ ਸਖ਼ਤ ਕਦਮ ਉਠਾਉਣ ਦੇ ਨਿਰਦੇਸ਼ ਵੀ ਦਿੱਤੇ। ਮੇਨ ਬਜਾਰ ਦੇ ਦੁਕਾਨਦਾਰਾਂ ਨਾਲ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿਚ ਵੱਡੀ ਸਮੱਸਿਆ ਆਈ ਕਿ ਕੁਝ ਦੁਕਾਨਦਾਰ ਆਪਣੀਆਂ ਦੁਕਾਨਾਂ ਅੱਗੇ ਸੜਕ 'ਤੇ ਨਾਜਾਇਜ ਰੇਹੜੀਆਂ ਖੜ੍ਹਵਾ ਕੇ ਉਨ੍ਹਾਂ ਤੋਂ ਪੈਸੇ ਵਸੂਲਦੇ ਹਨ ,ਜਿਸ ਨਾਲ ਬਜਾਰ ਵਿਚ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਅਤੇ ਹਰ ਸਮੇਂ ਜਾਮ ਲੱਗਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੁਕਾਨਦਾਰਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਕੋਈ ਵੀ ਦੁਕਾਨਦਾਰ ਆਪਣੀ ਦੁਕਾਨ ਅੱਗੇ ਨਾਜਾਇਜ ਰੇਹੜੀ ਨਾ ਖੜ੍ਹਵਾਏ ਅਤੇ ਨਾ ਹੀ ਪੀਲੀ ਪੱਟੀ ਤੋਂ ਬਾਹਰ ਆਪਣਾ ਸਮਾਨ ਰੱਖੇ। ਜੇਕਰ ਕਿਸੇ ਨੇ ਵੀ ਇਸ ਨਿਯਮ ਦੀ ਉਲੰਘਣਾ ਕੀਤੀ ਤਾਂ ਉਸ ਦੁਕਾਨਦਾਰ ਤੋਂ ਜਿੱਥੇ ਭਾਰੀ ਜੁਰਮਾਨਾ ਵਸੂਲਿਆ ਜਾਵੇਗਾ ਉੱਥੇ ਦੁਕਾਨ ਅੱਗੇ ਖੜ੍ਹੀ ਰੇਹੜੀ ਵੀ ਜ਼ਬਤ ਕਰ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਬਜਾਰ ਵਿਚ ਰੇਹੜੀਆਂ ਖੜ੍ਹਨ ਕਾਰਨ ਲੋਕਾਂ ਨੂੰ ਆਪਣੇ ਵਾਹਨ ਲੰਘਾਉਣ ਵਿਚ ਬੜੀ ਮੁਸ਼ਕਿਲ ਆਉਂਦੀ ਹੈ ਅਤੇ ਕਈ ਵਾਰ ਲੰਬਾ ਜਾਮ ਲੱਗ ਜਾਂਦਾ ਹੈ। ਇਸ ਲਈ ਨਗਰ ਕੌਂਸਲ ਨੂੰ ਇਹ ਸਖ਼ਤ ਕਦਮ ਉਠਾਉਣੇ ਪੈ ਰਹੇ ਹਨ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਕੁਝ ਦੁਕਾਨਦਾਰ ਸਵੇਰੇ ਦੁਕਾਨ ਦੀ ਸਫ਼ਾਈ ਉਪਰੰਤ ਕੂੜਾ ਸੜਕ 'ਤੇ ਸੁੱਟ ਦਿੰਦੇ ਹਨ ਇਸ ਲਈ ਅੱਜ ਇਹ ਵੀ ਫੈਸਲਾ ਕੀਤਾ ਗਿਆ ਕਿ ਨਗਰ ਕੌਂਸਲ ਵਲੋਂ ਕੂੜਾ ਇਕੱਠਾ ਕਰਨ ਵਾਲੇ ਵਾਹਨ ਸਵੇਰੇ ਤੇ ਸ਼ਾਮ ਨੂੰ ਭੇਜੇ ਜਾਣ ,ਜਿਸ ਵਿਚ ਦੁਕਾਨਦਾਰ ਕੂੜਾ ਸੁੱਟਣ ਤਾਂ ਜੋ ਸ਼ਹਿਰ ਵਿਚ ਗੰਦਗੀ ਨਾ ਫੈਲੇ। ਉਨ੍ਹਾਂ ਕਿਹਾ ਕਿ ਵਾਹਨਾਂ ਦੀ ਪਾਰਕਿੰਗ ਲਈ ਖਾਲਸਾ ਚੌਂਕ ਨੇੜ੍ਹੇ ਪਾਰਕਿੰਗ ਸਥਾਨ ਬਣਾਇਆ ਜਾ ਰਿਹਾ ਹੈ ਜਿਸ ਦਾ ਟੈਂਡਰ ਲੱਗ ਚੁੱਕਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਇਤਿਹਾਸਕ ਨਗਰੀ ਨੂੰ ਸਾਫ਼ ਸੁਥਰਾ ਰੱਖਣ ਅਤੇ ਨਾਜਾਇਜ ਕਬਜਿਆਂ ਤੋਂ ਮੁਕਤ ਕਰਨ ਵਿਚ ਨਗਰ ਕੌਂਸਲ ਦਾ ਸਹਿਯੋਗ ਦੇਣ। ਪ੍ਰਧਾਨ ਕੁੰਦਰਾ ਨੇ ਕਿਹਾ ਕਿ ਅਜਿਹੀਆਂ ਮਿਲਣੀਆਂ ਆਉਣ ਵਾਲੇ ਸਮੇਂ ਵਿਚ ਹੋਰ ਬਜ਼ਾਰਾਂ ਵਿਚ ਕੀਤੀਆਂ ਜਾਣਗੀਆਂ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਹੱਲ ਕੀਤਾ ਜਾ ਸਕੇ। ਇਸ ਮੌਕੇ ਜਸਵੀਰ ਸਿੰਘ ਭੱਟੀਆਂ, ਨਿਰਮਲ ਰਾਜੂ, ਨੀਰਜ ਕੁਮਾਰ, ਪ੍ਰਭਦੀਪ ਰੰਧਾਵਾ, ਇੰਸਪੈਕਟਰ ਭੁਪਿੰਦਰ ਸਿੰਘ ਵੀ ਹਾਜ਼ਰ ਸਨ।

# ਅਮਨ ਅਰੋੜਾ ਵੱਲੋਂ ਲੋਕਾਂ ਦਾ ਭਰੋਸਾ ਬਣਾਈ ਰੱਖਣ ਲਈ ਪੁਖ਼ਤਾ ਡਾਟਾ ਸੁਰੱਖਿਆ ਪ੍ਰਣਾਲੀ ਯਕੀਨੀ ਬਣਾਉਣ 'ਤੇ ਜ਼ੋਰ

➢ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਵਿਭਾਗ ਵੱਲੋਂ ਰਾਜ ਦੇ ਡਾਟਾ ਲਈ ਸਾਈਬਰ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨਾ ਵਿਸ਼ੇ 'ਤੇ ਸੂਬਾ ਪੱਧਰੀ ਕੰਸਲਟੇਟਿਵ ਵਰਕਸ਼ਾਪ ➢ ਸਰਕਾਰੀ ਡਿਜੀਟਲ ਸੇਵਾਵਾਂ ਵਿੱਚ ਲੋਕਾਂ ਦਾ ਭਰੋਸਾ ਹਰ ਕੀਮਤ 'ਤੇ ਕਾਇਮ ਰੱਖਣਾ ਲਾਜ਼ਮੀ: ਅਮਨ ਅਰੋੜਾ

**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਪਾਰਦਰਸ਼ੀ ਅਤੇ ਸੁਰੱਖਿਅਤ ਡਿਜੀਟਲ ਸ਼ਾਸਨ ਯਕੀਨੀ ਬਣਾਉਣ ਦੇ ਮੱਦੇਨਜ਼ਰ ਸੂਬੇ ਦੇ ਸਮੂਹ ਸਰਕਾਰੀ ਵਿਭਾਗਾਂ ਵਿੱਚ ਪੁਖ਼ਤਾ ਡਾਟਾ ਸੁਰੱਖਿਆ ਪ੍ਰਣਾਲੀ ਸਥਾਪਤ ਕਰਨ ਦੀ ਫ਼ੌਰੀ ਲੋੜ 'ਤੇ ਜ਼ੋਰ ਦਿੱਤਾ। ਇੱਥੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਵਿਭਾਗ ਵੱਲੋਂ ਕਰਵਾਈ ਗਈ "ਰਾਜ ਦੇ ਡਾਟਾ ਲਈ ਸਾਈਬਰ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨਾ ਵਿਸ਼ੇ ਸਬੰਧੀ ਸੂਬਾ ਪੱਧਰੀ ਕੰਸਲਟੇਟਿਵ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਤਕਨਾਲੋਜੀ ਨੂੰ ਦੋਧਾਰੀ ਤਲਵਾਰ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਤਕਨਾਲੌਜੀ ਜਿੱਥੇ ਅਥਾਹ ਲਾਭ ਪ੍ਰਦਾਨ ਕਰਦੀ ਹੈ, ਉੱਥੇ ਇਸ ਨਾਲ ਜੁੜੇ ਗੰਭੀਰ ਖ਼ਤਰਿਆਂ ਦੇ ਮੱਦੇਨਜ਼ਰ ਡਾਟਾ ਦਾ ਸਮਝਦਾਰੀ ਨਾਲ ਪ੍ਰਬੰਧਨ ਕਰਨਾ ਵੀ ਬੇਹੱਦ ਜ਼ਰੂਰੀ ਹੈ।



ਸ੍ਰੀ ਅਮਨ ਅਰੋੜਾ ਨੇ ਕਿਹਾ, ਡਾਟਾ ਹੁਣ ਇੱਕ ਨਵੀਂ ਜਨਤਕ ਸੰਪਤੀ ਹੈ ਅਤੇ ਨਾਗਰਿਕਾਂ ਦੇ ਰਿਕਾਰਡਾਂ ਤੇ ਸਰਕਾਰੀ ਡਾਟਾਬੇਸ ਦੀ ਸੁਰੱਖਿਆ ਡਿਜੀਟਲ ਸ਼ਾਸਨ ਵਿੱਚ ਲੋਕਾਂ ਦਾ ਭਰੋਸਾ ਕਾਇਮ ਰੱਖਣ ਲਈ ਬੁਨਿਆਦੀ ਲੋੜ ਹੈ। ਪੰਜਾਬ ਸਮਾਜਿਕ ਭਲਾਈ ਸਕੀਮਾਂ, ਜ਼ਮੀਨੀ ਰਿਕਾਰਡਾਂ ਅਤੇ ਨਾਗਰਿਕ ਸੇਵਾਵਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਆਪਣਾ ਡਿਜੀਟਲ ਦਾਇਰਾ ਵਧਾ ਰਿਹਾ ਹੈ। ਇਸ ਲਈ ਆਪਣੇ ਡਿਜੀਟਲ ਸਿਸਟਮ ਨੂੰ ਸੁਰੱਖਿਅਤ ਕਰਨਾ ਅਤੇ ਡਿਜੀਟਲ ਪਰਸਨਲ ਡਾਟਾ ਪ੍ਰੋਟੈਕਸ਼ਨ (ਡੀ.ਪੀ.ਡੀ.ਪੀ) ਐਕਟ, 2023 ਜਿਹੇ ਕੌਮੀ ਢਾਂਚਿਆਂ ਦੀ ਪਾਲਣਾ ਯਕੀਨੀ ਬਣਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਜਦੋਂ ਵੀ ਕੋਈ ਆਮ ਨਾਗਰਿਕ ਸਰਕਾਰੀ ਦਫਤਰ ਵਿੱਚ ਜਾਂਦਾ ਹੈ ਜਾਂ ਜਨਤਕ ਸੇਵਾ ਦਾ ਲਾਭ ਲੈਣ ਲਈ ਕੋਈ ਫਾਰਮ ਭਰਦਾ ਹੈ ਤਾਂ ਉਹ ਪੂਰੇ ਭਰੋਸੇ ਨਾਲ ਆਪਣਾ ਨਿੱਜੀ ਡਾਟਾ ਸਾਂਝਾ ਕਰਦਾ ਹੈ ਕਿ ਉਸ ਦਾ ਡਾਟਾ ਸੁਰੱਖਿਅਤ ਰਹੇਗਾ।

ਉਨ੍ਹਾਂ ਕਿਹਾ ਕਿ ਆਮ ਨਾਗਰਿਕ ਦੇ ਇਸ ਭਰੋਸੇ ਨੂੰ ਕਿਸੇ ਵੀ ਕੀਮਤ 'ਤੇ ਟੁੱਟਣ ਨਹੀਂ ਦਿੱਤਾ ਜਾ ਸਕਦਾ। ਉਨ੍ਹਾਂ ਵਿਭਾਗੀ ਅਧਿਕਾਰੀਆਂ ਨੂੰ ਇੱਕਜੁੱਟ ਟੀਮ ਵਜੋਂ ਕੰਮ ਕਰਨ, ਡੂੰਘਾ ਵਿਚਾਰ-ਵਟਾਂਦਰਾ ਕਰਨ ਅਤੇ ਉੱਭਰ ਰਹੇ ਡਿਜੀਟਲ ਖ਼ਤਰਿਆਂ ਨਾਲ ਨਜਿੱਠਣ ਲਈ ਸੂਬੇ ਦੀਆਂ ਪ੍ਰਣਾਲੀਆਂ ਨੂੰ ਨਿਰੰਤਰ ਅਪਗ੍ਰੇਡ ਤੇ ਵਿਕਸਤ ਕਰਨ ਦੇ ਨਿਰਦੇਸ਼ ਦਿੱਤੇ।

ਮੰਤਰੀ ਨੇ ਸਾਈਬਰ ਸੁਰੱਖਿਆ ਪ੍ਰੋਟੋਕੋਲ ਨੂੰ ਮਜ਼ਬੂਤ ਕਰਨ ਲਈ ਲੋੜੀਂਦੇ ਕਿਸੇ ਵੀ ਉਪਾਅ ਲਈ ਰਾਜ ਸਰਕਾਰ ਅਤੇ ਵਿਭਾਗ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਇਹ ਵਰਕਸ਼ਾਪ ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੌਜੀ ਮੰਤਰਾਲੇ ਵੱਲੋਂ ਜਾਰੀ ਸੰਕਲਪਿਤ ਢਾਂਚਿਆਂ ਦੇ ਅਨੁਸਾਰ ਕਰਵਾਈ ਗਈ ਜਿਸ ਦਾ ਉਦੇਸ਼ ਸੂਬਾ ਪੱਧਰ 'ਤੇ ਸਾਈਬਰ ਸੁਰੱਖਿਆ ਦੀ ਤਿਆਰੀ ਦਾ ਮੁਲਾਂਕਣ ਕਰਨਾ, ਅਹਿਮ ਡਾਟਾ ਸੰਪਤੀਆਂ ਦੀ ਪਛਾਣ ਕਰਨਾ ਅਤੇ ਆਗਾਮੀ ਕੌਮੀ ਵਿਭਾਗੀ ਸੰਮੇਲਨ ਲਈ ਸਿਫ਼ਾਰਸ਼ਾਂ ਤਿਆਰ ਕਰਨਾ ਸੀ।

ਇਸ ਤੋਂ ਪਹਿਲਾਂ ਆਪਣੇ ਸਵਾਗਤੀ ਭਾਸ਼ਣ ਦੌਰਾਨ ਡੀ.ਜੀ.ਜੀ.ਆਈ.ਟੀ. ਦੇ ਵਧੀਕ ਮੁੱਖ ਸਕੱਤਰ ਡਾ. ਡੀ.ਕੇ. ਤਿਵਾੜੀ ਨੇ ਪੰਜਾਬ ਦੇ ਡਿਜੀਟਲ ਬੁਨਿਆਦੀ ਢਾਂਚੇ ਵਿੱਚ ਇਸ ਸਮੇਂ ਲਾਗੂ ਸਟੇਟ ਡਾਟਾ ਸੈਂਟਰ ਅਤੇ ਸਟੇਟ ਵਾਈਡ ਏਰੀਆ ਨੈੱਟਵਰਕ ਜਿਹੇ ਤਕਨੀਕੀ ਅਤੇ ਕਾਰਜਕਾਰੀ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਇਕਜੁੱਟ ਸੁਰੱਖਿਆ ਪ੍ਰਣਾਲੀ ਦੀ ਲੋੜ 'ਤੇ ਜ਼ੋਰ ਦਿੰਦਿਆਂ ਸਾਰੇ ਸਰਕਾਰੀ ਵਿਭਾਗਾਂ ਨੂੰ 'ਸਕਿਉਰ-ਬਾਏ-ਡਿਜ਼ਾਈਨ' ਸਿਧਾਂਤ ਅਪਣਾਉਣ, ਨਿਯਮਤ ਤੌਰ 'ਤੇ ਕਮਜ਼ੋਰੀਆਂ ਦਾ ਮੁਲਾਂਕਣ ਕਰਨ ਅਤੇ ਮੁੱਖ ਸੂਚਨਾ ਸੁਰੱਖਿਆ ਅਧਿਕਾਰੀ ਨਿਯੁਕਤ ਕਰਨ ਦੀ ਅਪੀਲ ਕੀਤੀ।

ਵਰਕਸ਼ਾਪ ਦੌਰਾਨ ਨੈਸ਼ਨਲ ਈ-ਗਵਰਨੈਂਸ ਡਿਵੀਜ਼ਨ ਦੇ ਨੁਮਾਇੰਦਿਆਂ ਅਤੇ ਇੰਡੀਅਨ ਕੰਪਿਊਟਰ ਐਮਰਜੈਂਸੀ ਰਿਸਪਾਂਸ ਟੀਮ ਦੇ ਸਾਇੰਟਿਸਟ 'ਡੀ' ਡਾ. ਮਾਰਸ਼ਲ ਆਰ. ਵੱਲੋਂ ਤਕਨੀਕੀ ਪੇਸ਼ਕਾਰੀਆਂ ਅਤੇ ਵਿਸ਼ੇ ਨਾਲ ਸਬੰਧਤ ਸੈਸ਼ਨ ਕਰਵਾਏ ਗਏ।

ਇਸ ਤੋਂ ਇਲਾਵਾ ਏਅਰਟੈਲ ਵੱਲੋਂ ਏ.ਆਈ. ਆਧਾਰਿਤ ਡਾਟਾ ਸੁਰੱਖਿਆ ਅਤੇ ਡਿਜੀਟਲ ਘੇਰੇ ਦੀ ਸੁਰੱਖਿਆ ਬਾਰੇ ਅਤੇ ਵੈਰੋਨਿਸ ਵੱਲੋਂ ਡੀ.ਪੀ.ਡੀ.ਪੀ. ਐਕਟ ਦੇ ਲਾਗੂਕਰਨ ਦੀ ਪਹੁੰਚ ਬਾਰੇ ਉਦਯੋਗਿਕ ਖੇਤਰ ਦੇ ਵਿਚਾਰ ਵੀ ਸਾਂਝੇ ਕੀਤੇ ਗਏ।

ਸਟੇਟ ਈ-ਮਿਸ਼ਨ ਟੀਮ ਦੀ ਅਗਵਾਈ ਹੇਠ ਸਮਾਨਾਂਤਰ ਬ੍ਰੇਕਆਊਟ ਸੈਸ਼ਨਾਂ ਦੌਰਾਨ ਵੱਖ-ਵੱਖ ਰਾਜ ਵਿਭਾਗਾਂ ਦੇ ਨੁਮਾਇੰਦਿਆਂ ਵੱਲੋਂ ਜੋਖਮ-ਅਧਾਰਤ ਸੁਰੱਖਿਆ ਦਾ ਮੁਲਾਂਕਣ, ਸਮਰਪਿਤ ਸਟੇਟ ਸੀਐਸਆਈਆਰਟੀਜ਼ ਦੁਆਰਾ ਮੌਕੇ 'ਤੇ ਪ੍ਰਤੀਕਰਮ, ਲੈਗੇਸੀ ਐਪਲੀਕੇਸ਼ਨ ਆਧੁਨਿਕੀਕਰਨ, ਅਤੇ ਰਾਸ਼ਟਰੀ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਅਤੇ ਡਿਜੀਟਲ ਨਿੱਜੀ ਡਾਟਾ ਸੁਰੱਖਿਆ ਐਕਟ, 2023 ਨਾਲ ਇਕਸਾਰਤਾ ਸਬੰਧੀ ਮੁੱਖ ਰਾਸ਼ਟਰੀ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਵਰਕਸ਼ਾਪ ਦੌਰਾਨ ਸੰਕਲਿਤ ਰਣਨੀਤਕ ਉਪਾਅ ਅਤੇ ਜਾਣਕਾਰੀ ਨੂੰ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੌਜੀ ਵਿਭਾਗ ਦੁਆਰਾ ਇੱਕ ਵਿਆਪਕ ਸਟੇਟ ਰਿਪੋਰਟ ਵਿੱਚ ਤਿਆਰ ਕੀਤਾ ਜਾਵੇਗਾ ਅਤੇ ਨਵੀਂ ਦਿੱਲੀ ਵਿੱਚ ਹੋਣ ਵਾਲੇ ਆਗਾਮੀ ਰਾਸ਼ਟਰੀ ਵਿਭਾਗੀ ਸੰਮੇਲਨ ਵਿੱਚ ਪੰਜਾਬ ਦੀਆਂ ਸਿਫ਼ਾਰਸ਼ਾਂ ਨੂੰ ਦਰਸਾਉਣ ਲਈ ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੌਜੀ ਮੰਤਰਾਲੇ ਨੂੰ ਸੌਂਪਿਆ ਜਾਵੇਗਾ।

ਇਸ ਵਰਕਸ਼ਾਪ ਵਿੱਚ ਡੀ.ਜੀ.ਜੀ.ਆਈ.ਟੀ. ਦੇ ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ, ਵਿਸ਼ੇਸ਼ ਸਕੱਤਰ ਗ੍ਰਹਿ ਸ੍ਰੀ ਪਰਮਿੰਦਰਪਾਲ ਸਿੰਘ, ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਸਕੱਤਰ ਸ੍ਰੀ ਦੀਪਾਂਕਰ ਗਰਗ ਅਤੇ ਸੂਬਾ ਸਰਕਾਰ ਦੇ ਹੋਰ ਸੀਨੀਅਰ ਅਧਿਕਾਰੀ ਵੀ ਸ਼ਾਮਲ ਸਨ।

## ਅਨੁਵਾਦਿਤ ਪੁਸਤਕ 'ਦਿਨ ਦੇ 24 ਘੰਟਿਆਂ ਨੂੰ ਕਿਵੇਂ ਜਿਉਣਾ ਹੈ' ਲੋਕ ਅਰਪਣ



**ਮਾਛੀਵਾੜਾ ਸਾਹਿਬ, 23 ਜੁਲਾਈ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਾਇਬ ਰਸਾਲਦਾਰ ਬਸਤਾ ਸਿੰਘ ਸਰਕਾਰੀ ਹਾਈ ਸਕੂਲ ਉੱਪਲ ਵਿਖੇ ਇੱਕ ਸਮਗਮ ਦੌਰਾਨ ਵਿਸ਼ਵ-ਪ੍ਰਸਿੱਧ ਲੇਖਕ ਅਰਨਲਡ ਬੈਨੇਟ ਦੀ ਪ੍ਰੇਰਨਾਦਾਇਕ ਪੁਸਤਕ ਦਾ ਪੰਜਾਬੀ ਅਨੁਵਾਦ ਦਿਨ ਦੇ 24 ਘੰਟਿਆਂ ਨੂੰ ਕਿਵੇਂ ਜਿਉਣਾ ਹੈ ਦਾ ਲੋਕ ਅਰਪਣ ਕੀਤਾ ਗਿਆ। ਪੁਸਤਕ ਅਨੁਵਾਦਕ ਹੈਡਮਾਸਟਰ ਨਵਦੀਪ ਸ਼ਰਮਾ ਅਤੇ ਇੰਗਲਿਸ਼ ਮਿਸਟ੍ਰੈਸ ਮਿਸ ਪ੍ਰਿਤਪਾਲ ਕੌਰ ਵਲੋਂ ਪੁਸਤਕ ਦੀ ਘੁੰਡ ਚੁਕਾਈ ਦੀ ਰਸਮ ਅਦਾ ਕਰਦਿਆਂ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਸਪੁਰਦ ਕੀਤੀ ਗਈ।ਸਮਾਗਮ ਨੂੰ ਸੰਬੋਧਨ ਕਰਦਿਆਂ ਅਨੁਵਾਦਕ ਕਮ ਹੈਡਮਾਸਟਰ ਨੇ ਕਿਹਾ ਕਿ ਅੱਜ ਦੇ ਰੁਝੇਵੇਂ ਭਰੇ ਜੀਵਨ ਵਿੱਚ ਸਮੇਂ ਦਾ ਸੁਚੱਜਾ ਪ੍ਰਬੰਧਨ ਹਰ ਵਿਅਕਤੀ ਲਈ ਬਹੁਤ ਮਹੱਤਵਪੂਰਨ ਹੈ। ਇਹ ਪੁਸਤਕ ਪਾਠਕਾਂ ਨੂੰ ਸਮੇਂ ਦੀ ਕਦਰ ਕਰਨ, ਸਵੈ-ਅਨੁਸ਼ਾਸਨ ਅਪਣਾਉਣ ਅਤੇ ਜੀਵਨ ਨੂੰ ਹੋਰ ਸਾਰਥਕ ਢੰਗ ਨਾਲ ਜਿਉਣ ਦੀ ਪ੍ਰੇਰਣਾ ਦਿੰਦੀ ਹੈ। ਭਾਵੇਂ ਇਹ ਰਚਨਾ ਇੱਕ ਸਦੀ ਤੋਂ ਵੀ ਪਹਿਲਾਂ ਲਿਖੀ ਗਈ ਸੀ, ਪਰ ਇਸ ਵਿੱਚ ਪ੍ਰਗਟ ਕੀਤੇ ਵਿਚਾਰ ਅੱਜ ਵੀ ਉਤਨੇ ਹੀ ਪ੍ਰਸੰਗਿਕ ਅਤੇ ਪ੍ਰੇਰਨਾਦਾਇਕ ਹਨ।ਚੰਗੀਆਂ ਪੁਸਤਕਾਂ ਮਨੁੱਖ ਦੀ ਸੋਚ ਨੂੰ ਨਵੀਂ ਦਿਸ਼ਾ ਦਿੰਦੀਆਂ ਹਨ। ਜੇਕਰ ਵਿਦਿਆਰਥੀ ਸਮੇਂ ਦੀ ਸਹੀ ਵਰਤੋਂ ਦੀ ਆਦਤ ਛੋਟੀ ਉਮਰ ਤੋਂ ਹੀ ਵਿਕਸਿਤ ਕਰ ਲੈਣ, ਤਾਂ ਉਹ ਜੀਵਨ ਦੇ ਹਰ ਖੇਤਰ ਵਿੱਚ ਸਫ਼ਲਤਾ ਹਾਸਲ ਕਰ ਸਕਦੇ ਹਨ। ਇਸ ਮੌਕੇ ਵਿਦਿਆਰਥੀਆਂ ਨੂੰ ਨਿਯਮਿਤ ਪੜ੍ਹਨ ਦੀ ਆਦਤ ਵਿਕਸਿਤ ਕਰਨ ਅਤੇ ਮਹਾਨ ਲੇਖਕਾਂ ਦੀਆਂ ਰਚਨਾਵਾਂ ਨਾਲ ਜੁੜਨ ਲਈ ਵੀ ਪ੍ਰੇਰਿਤ ਕੀਤਾ ਗਿਆ।ਅਨੁਵਾਦਕਾਂ ਨੇ ਦੱਸਿਆ ਕਿ ਇਸ ਪੁਸਤਕ ਨੂੰ ਸਰਲ ਅਤੇ ਸੁਚੱਜੀ ਪੰਜਾਬੀ ਵਿੱਚ ਪੇਸ਼ ਕਰਨ ਦਾ ਉਦੇਸ਼ ਵਿਸ਼ਵ-ਪ੍ਰਸਿੱਧ ਸਾਹਿਤ ਨੂੰ ਪੰਜਾਬੀ ਪਾਠਕਾਂ ਤੱਕ ਪਹੁੰਚਾਉਣਾ ਹੈ, ਤਾਂ ਜੋ ਹਰ ਵਰਗ ਦਾ ਪਾਠਕ ਇਸ ਦੇ ਵਿਚਾਰਾਂ ਤੋਂ ਲਾਭ ਉਠਾ ਸਕੇ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਇਹ ਪੁਸਤਕ ਵਿਦਿਆਰਥੀਆਂ, ਅਧਿਆਪਕਾਂ, ਨੌਜਵਾਨਾਂ ਅਤੇ ਆਮ ਪਾਠਕਾਂ ਲਈ ਸਮਾਨ ਰੂਪ ਵਿੱਚ ਲਾਭਦਾਇਕ ਸਾਬਤ ਹੋਵੇਗੀ । ਜ਼ਿਕਰਯੋਗ ਹੈ ਕਿ ਸਕੂਲ ਲਾਇਬ੍ਰੇਰੀ ਨੂੰ ਪੁਸਤਕ ਦੀਆਂ ਪੰਜ ਕਾਪੀਆਂ ਭੇਂਟ ਕੀਤੀਆਂ ਗਈਆਂ। ਮੰਚ ਸੰਚਾਲਕ ਸੀਨੀਅਰ ਅਧਿਆਪਕ ਗੁਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਆਪਣੇ ਅਧਿਆਪਕਾਂ ਤੋਂ ਸੇਧ ਲੈ ਕੇ ਸਾਹਿਤਕ ਸਫ਼ਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਹਾਜ਼ਰ ਸਾਰਿਆਂ ਨੇ ਅਨੁਵਾਦਕਾਂ ਨੂੰ ਵਧਾਈ ਦਿੰਦਿਆਂ ਇਸ ਸਾਹਿਤਕ ਯਤਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਗੁਲਜਿੰਦਰ ਕੌਰ, ਪ੍ਰਿਤਪਾਲ ਕੌਰ, ਸਰਬਜੀਤ ਕੌਰ, ਜਸਦੀਪ ਕੌਰ, ਕੁਲਪ੍ਰੀਤ ਸਿੰਘ, ਸਤਨਾਮ ਸਿੰਘ,ਸੁਖਵਿੰਦਰ ਕੌਰ, ਰਾਣੀ ਅਤੇ ਮਨਦੀਪ ਕੌਰ ਹਾਜ਼ਰ ਸਨ।

## ਥਮਸ ਅੱਪ ਨੇ ਥੰਡਰਵ੍ਹੀਲਜ਼ ਦੀ ਵਾਪਸੀ ਨਾਲ ਭਾਰਤ ਦੇ ਬਾਈਕਿੰਗ ਸੱਭਿਆਚਾਰ ਨੂੰ ਤੇਜ਼ ਕੀਤਾ, ਜਿਸ ਵਿੱਚ ਜਸਪ੍ਰੀਤ ਬੁਮਰਾਹ ਸ਼ਾਮਲ

**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਥਮਸ ਅੱਪ, ਕੋਕਾ-ਕੋਲਾ ਇੰਡੀਆ ਦਾ ਪ੍ਰਤੀਕ ਅਰਬ ਡਾਲਰ ਦਾ ਘਰੇਲੂ ਬ੍ਰਾਂਡ, ਆਪਣੇ ਪ੍ਰਮੁੱਖ ਬਾਈਕਿੰਗ ਪਲੇਟਫਾਰਮ, ਥੰਡਰਵ੍ਹੀਲਜ਼ ਦੀ ਵਾਪਸੀ ਨਾਲ ਭਾਰਤ ਦੇ ਬਾਈਕਿੰਗ ਸੱਭਿਆਚਾਰ ਨੂੰ ਮੁੜ ਸੁਰਜੀਤ ਕਰ ਰਿਹਾ ਹੈ। ਕ੍ਰਿਕਟ ਆਈਕਨ ਜਸਪ੍ਰੀਤ ਬੁਮਰਾਹ ਦੀ ਅਗਵਾਈ ਹੇਠ, ਇਹ ਮੁਹਿੰਮ ਭਾਰਤ ਵਿੱਚ ਬਾਈਕਿੰਗ ਸੱਭਿਆਚਾਰ ਨੂੰ ਚੈਂਪੀਅਨ ਬਣਾਉਣ ਲਈ ਇੱਕ ਨਵੀਂ ਵਚਨਬੱਧਤਾ ਨੂੰ ਦਰਸਾਉਂਦੀ ਹੈ, ਜੋ ਕਿ ਸਵਾਰਾਂ ਦੀ ਅਗਲੀ ਪੀੜ੍ਹੀ ਨੂੰ ਖੁੱਲ੍ਹੀ ਸੜਕ ਨੂੰ ਪਰਿਭਾਸ਼ਿਤ ਕਰਨ ਵਾਲੇ ਰੋਮਾਂਚ ਅਤੇ ਆਜ਼ਾਦੀ ਨੂੰ ਅਪਣਾਉਣ ਲਈ ਸੱਦਾ ਦਿੰਦੀ ਹੈ।

ਥੰਡਰਵ੍ਹੀਲਜ਼ ਦੀ ਤੂਫਾਨੀ ਦੁਨੀਆ ਨੂੰ ਜ਼ਿੰਦਾ ਕਰਦੀ ਹੈ , ਹਰ ਚਾਹਵਾਨ ਸਵਾਰ ਨੂੰ ਅਜਿਹੇ ਅਨੁਭਵਾਂ ਦਾ ਪਿੱਛਾ ਕਰਨ ਲਈ ਚੁਣੌਤੀ ਦਿੰਦੀ ਹੈ ਜੋ ਦਲੇਰ, ਰੋਮਾਂਚਕ ਅਤੇ ਬਿਨਾਂ ਕਿਸੇ ਤੂਫਾਨੀ ਦੇ ਹੋਣ । ਇੱਕ ਮੁਹਿੰਮ ਤੋਂ ਵੱਧ, ਥੰਡਰਵ੍ਹੀਲਜ਼ ਬਾਈਕਿੰਗ ਦੀ ਦੁਨੀਆ ਵਿੱਚ ਇੱਕ ਪ੍ਰਵੇਸ਼ ਦੁਆਰ ਹੈ, ਜੋ ਉਤਸ਼ਾਹੀਆਂ, ਸਿਰਜਣਹਾਰਾਂ ਅਤੇ ਚਾਹਵਾਨ ਸਵਾਰਾਂ ਨੂੰ ਡੁੱਬਣ ਵਾਲੇ ਅਨੁਭਵਾਂ, ਭਾਈਚਾਰਕ ਸ਼ਮੂਲੀਅਤ ਅਤੇ ਭਾਰਤ ਦੇ ਵਧ ਰਹੇ ਬਾਈਕਿੰਗ ਸੱਭਿਆਚਾਰ ਦਾ ਜਸ਼ਨ ਮਨਾਉਣ ਵਾਲੇ ਮੌਕਿਆਂ ਰਾਹੀਂ ਇਕੱਠੇ ਕਰਨ ਲਈ ਤਿਆਰ ਕੀਤਾ ਗਿਆ ਹੈ।

ਮੁਹਿੰਮ ਦੇ ਹਿੱਸੇ ਵਜੋਂ, ਵਿਸ਼ੇਸ਼ ਤੌਰ 'ਤੇ ਚਿੰਨ੍ਹਿਤ ਥਮਸ ਅੱਪ ਪੈਕ ਤੂਫਾਨੀ ਬਾਈਕਿੰਗ ਅਨੁਭਵ ਨੂੰ ਅਨਲੌਕ ਕਰਨ ਦਾ ਗੇਟਵੇ ਬਣ ਜਾਂਦੇ ਹਨ। ਖਪਤਕਾਰ ਥੰਡਰਵ੍ਹੀਲਜ਼ ਦੀ ਦੁਨੀਆ ਵਿੱਚ ਦਾਖਲ ਹੋਣ ਲਈ ਪੈਕ ਨੂੰ ਸਕੈਨ ਕਰ ਸਕਦੇ ਹਨ ਅਤੇ ਇੱਕ ਲੱਕੀ ਡਰਾਅ ਰਾਹੀਂ ਵਿਸ਼ੇਸ਼ ਬਾਈਕਿੰਗ ਇਨਾਮ ਜਿੱਤਣ ਦਾ ਮੌਕਾ ਪ੍ਰਾਪਤ ਕਰ ਸਕਦੇ ਹਨ, ਜਿਸ ਵਿੱਚ ਮਸ਼ਹੂਰ ਥੰਡਰਵ੍ਹੀਲਜ਼ ਬਾਈਕ ਵੀ ਸ਼ਾਮਲ ਹੈ, ਜਿਸ ਨਾਲ ਹਰੇਕ ਪੈਕ ਨੂੰ ਬਾਈਕਿੰਗ ਦੀ ਦੁਨੀਆ ਵਿੱਚ ਕਦਮ ਰੱਖਣ ਦਾ ਸੱਦਾ ਮਿਲਦਾ ਹੈ।

ਸੁਮੇਲੀ ਚੈਟਰਜੀ, ਸ਼੍ਰੇਣੀ ਮੁਖੀ - ਸਪਾਰਕਲਿੰਗ ਫਲੇਵਰਸ, ਕੋਕਾ-ਕੋਲਾ ਇੰਡੀਆ ਅਤੇ ਦੱਖਣ-ਪੱਛਮੀ ਏਸ਼ੀਆ , ਨੇ ਕਿਹਾ: ਥਮਸ ਅੱਪ ਵਿਖੇ, ਸਾਡਾ ਸਿਗਨੇਚਰ ਮਜ਼ਬੂਤ ਸਵਾਦ ਅਤੇ ਉੱਚ ਫਿਜ਼ ਇੱਕ ਦਲੇਰ, ਸਾਹਸੀ ਭਾਵਨਾ ਨੂੰ ਦਰਸਾਉਂਦਾ ਹੈ ਜਿਸਨੇ ਪੀੜ੍ਹੀਆਂ ਤੋਂ ਬ੍ਰਾਂਡ ਨੂੰ ਪਰਿਭਾਸ਼ਿਤ ਕੀਤਾ ਹੈ। ਬਾਈਕਿੰਗ ਸਾਡੇ ਲਈ ਇੱਕ ਜਨੂੰਨ ਬਿੰਦੂ ਤੋਂ ਵੱਧ ਹੈ; ਇਹ ਤੂਫਾਨੀ ਭਾਵਨਾ ਦਾ ਇੱਕ ਕੁਦਰਤੀ ਪ੍ਰਗਟਾਵਾ ਹੈ ਜੋ ਅਸੀਂ ਜੋ ਵੀ ਕਰਦੇ ਹਾਂ ਉਸਨੂੰ ਚਲਾਉਂਦਾ ਹੈ। ਆਪਣੇ ਤੀਜੇ ਸਾਲ ਵਿੱਚ, ਥੰਡਰਵ੍ਹੀਲਜ਼ 3.0 ਸਵਾਰੀਆਂ ਨੂੰ ਅਭੁੱਲ ਅਨੁਭਵਾਂ, ਮਜ਼ਬੂਤ ਭਾਈਚਾਰਿਆਂ ਅਤੇ ਸਵਾਰੀ ਦੇ ਰੋਮਾਂਚ ਦੇ ਨੇੜੇ ਲਿਆਉਂਦਾ ਹੈ। ਸਾਨੂੰ ਉਮੀਦ ਹੈ ਕਿ ਇਹ ਨੌਜਵਾਨ ਭਾਰਤੀਆਂ ਦੀ ਇੱਕ ਨਵੀਂ ਪੀੜ੍ਹੀ ਨੂੰ ਸਵਾਰੀ ਦੀ ਖੁਸ਼ੀ ਦੀ ਖੋਜ ਕਰਨ ਅਤੇ ਹਰ ਸਵਾਰੀ ਦੇ ਨਾਲ ਤੂਫਾਨੀ ਭਾਵਨਾ ਨੂੰ ਜੀਣ ਲਈ ਪ੍ਰੇਰਿਤ ਕਰੇਗਾ।

ਫਿਲਮ ਤੋਂ ਇਲਾਵਾ, ਥੰਡਰਵ੍ਹੀਲਜ਼ ਦੇਸ਼ ਭਰ ਦੇ ਬਾਈਕਿੰਗ ਪ੍ਰੇਮੀਆਂ ਨੂੰ ਆਪਣੀਆਂ ਸਵਾਰੀ ਕਹਾਣੀਆਂ, ਸਾਹਸ ਅਤੇ ਜਨੂੰਨ ਸਾਂਝਾ ਕਰਨ ਲਈ ਉਤਸ਼ਾਹਿਤ ਕਰਕੇ ਡਿਜੀਟਲ ਅਤੇ ਸੋਸ਼ਲ ਪਲੇਟਫਾਰਮਾਂ 'ਤੇ ਗੱਲਬਾਤ ਸ਼ੁਰੂ ਕਰੇਗਾ, ਜਿਸ ਨਾਲ ਭਾਰਤ ਦੇ ਬਾਈਕਿੰਗ ਸੱਭਿਆਚਾਰ ਦੇ ਸਭ ਤੋਂ ਵੱਡੇ ਜਸ਼ਨਾਂ ਵਿੱਚੋਂ ਇੱਕ ਦਾ ਨਿਰਮਾਣ ਹੋਵੇਗਾ। ਥੰਡਰਵ੍ਹੀਲਜ਼ ਰਾਹੀਂ, ਥਮਸ ਅੱਪ ਆਪਣੀ ਤੂਫਾਨੀ ਵਿਰਾਸਤ 'ਤੇ ਨਿਰਮਾਣ ਕਰਨਾ ਜਾਰੀ ਰੱਖਦਾ ਹੈ, ਇੱਕ ਸਮੇਂ 'ਤੇ ਇੱਕ ਸਵਾਰੀ, ਬਾਈਕਿੰਗ ਦੀ ਰੋਮਾਂਚਕ ਦੁਨੀਆ ਦਾ ਜਸ਼ਨ ਮਨਾਉਂਦਾ ਹੈ ਅਤੇ ਅਨੁਭਵ ਕਰਦਾ ਹੈ।

## ਭਾਰਤ ਅਮਰੀਕਾ ਕਰ ਮੁਕਤ ਸੰਧੀ ਖਿਲਾਫ ਵੱਡੀ ਲੋਕ ਲਹਿਰ ਉਸਾਰੀ ਜਾਵੇਗੀ : ਰਾਜੇਵਾਲ/ਲੱਖੋਵਾਲ





**ਸਮਰਾਲਾ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਭਾਰਤ ਅਮਰੀਕਾ ਵਪਾਰ ਸਮਝੌਤੇ ਖਿਲਾਫ ਪੰਜਾਬ ਭਰ ਵਿੱਚ ਟੋਲ ਪਲਾਜੇ 12 ਵਜੇ ਤੋ 3 ਵਜੇ ਤੱਕ ਫਰੀ ਕੀਤੇ ਗਏ। ਇਸ ਲੜੀ ਤਹਿਤ ਵੱਖ ਕਿਸਾਨ ਜਥੇਬੰਦੀਆਂ ਜਿਨ੍ਹਾਂ ਵਿੱਚ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ), ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਅਤੇ ਹੋਰ ਕਿਸਾਨ ਜਥੇਬੰਦੀਆਂ ਵੱਲੋਂ ਘੁਲਾਲ ਟੋਲ ਪਲਾਜਾ ਵੀ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆ ਵੱਲੋ ਫਰੀ ਕੀਤਾ ਗਿਆ। ਇਸ ਮੌਕੇ ਪਹੁੰਚੇ ਕਿਸਾਨ ਆਗੂਆਂ ਜਿਨ੍ਹਾਂ ਵਿੱਚ ਪ੍ਰਮੁੱਖ ਤੌਰ ਤੇ ਬਲਬੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ ਵਿਸ਼ੇਸ਼ ਤੌਰ ਤੇ ਪੁੱਜੇ ਜਿਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤੀ ਹਾਕਮਾਂ ਵੱਲੋ ਅਮਰੀਕਾ ਅਤੇ ਹੋਰ ਸਾਮਰਾਜੀ ਮੁਲਕਾਂ ਦੇ ਦਬਾਅ ਅਧੀਨ ਕੀਤਾ ਜਾ ਰਿਹਾ ਸਮਝੌਤਾ ਭਾਰਤ ਦੀ ਖੇਤੀ, ਡੇਅਰੀ, ਪ੍ਰਚੂਨ ਕਾਰੋਬਾਰ, ਵਪਾਰ ਅਤੇ ਛੋਟੇ ਉਦਯੋਗ ਦੇ ਗਲ ਅੰਗੂਠਾ ਦੇਣ ਜਾ ਰਿਹਾ ਹੈ।

ਸਾਮਰਾਜੀ ਮੁਲਕਾਂ ਵੱਲੋ ਵੱਡੀਆ ਸਬਸਿਡੀਆਂ ਦੇ ਸਿਰ ਕੀਤੀ ਜਾ ਰਹੀ ਵੱਡੀ ਖੇਤੀ ਅਤੇ ਡੇਅਰੀ ਹੋਰ ਉਤਪਾਦ ਭਾਰਤ ਵਰਗੀ ਮੰਡੀ ਵਿੱਚ ਆਉਣ ਨਾਲ ਇਥੋਂ ਦਾ ਸਭ ਕੁਝ ਰੁਲ ਜਾਵੇਗਾ। ਦੇਸ਼ ਦੀ ਖੇਤੀ ਰੁਜ਼ਗਾਰ ਅਤੇ ਡੇਅਰੀ ਬਰਬਾਦੀ ਦੀ ਕਗਾਰ ਤੇ ਚਲੀ ਜਾਵੇਗੀ। ਕਿਸਾਨ ਆਗੂਆਂ ਨੇ ਇਸ ਅਣਸਾਵੀਂ ਸੰਧੀ ਖਿਲਾਫ ਵੱਡੀ ਲੋਕ ਲਹਿਰ ਉਸਾਰਨ ਦਾ ਸੱਦਾ ਦਿੰਦਿਆ ਇਸ ਖਿਲਾਫ ਘਰ ਘਰ ਚੁੱਲੇ ਚੁੱਲੇ ਤੱਕ ਪ੍ਰਚਾਰ ਮੁਹਿੰਮ ਲਿਜਾਣ ਦਾ ਸੱਦਾ ਦਿੱਤਾ। ਅੱਜ ਦੇ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਮੇਹਲੋ ਸਰਪ੍ਰਸਤ, ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ, ਮਨਜੀਤ ਸਿੰਘ ਢੀਡਸਾਂ ਜ਼ਿਲ੍ਹਾ ਪ੍ਰਧਾਨ, ਦਲਜੀਤ ਸਿੰਘ ਊਰਨਾ ਬਲਾਕ ਸਮਰਾਲਾ ਸਕੱਤਰ ਬੀਕੇਯੂ (ਲੱਖੋਵਾਲ), ਬੀਕੇਯੂ (ਰਾਜੇਵਾਲ) ਦੇ ਸੁਖਵਿੰਦਰ ਸਿੰਘ ਭੱਟੀਆਂ ਸੂਬਾ ਮੀਤ ਪ੍ਰਧਾਨ, ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਪ੍ਰਗਟ ਸਿੰਘ ਕੋਟ ਪਨੈਚ, ਬੀ. ਕੇ. ਯੂ. (ਉਗਰਾਹਾਂ) ਦੇ ਬਲਵੰਤ ਸਿੰਘ ਘੁਡਾਣੀ, ਸਾਧੂ ਸਿੰਘ ਪੰਜੇਟਾ, ਕੁਲਦੀਪ ਸਿੰਘ ਗਰੇਵਾਲ, ਬੀ. ਕੇ. ਯੂ. (ਕਾਦੀਆਂ) ਦੇ ਹਰਦੀਪ ਸਿੰਘ ਗਿਆਸਪੁਰਾ ਜ਼ਿਲ੍ਹਾ ਪ੍ਰਧਾਨ, ਮਨਪ੍ਰੀਤ ਸਿੰਘ ਘੁਲਾਲ ਜ਼ਿਲ੍ਹਾ ਸਕੱਤਰ, ਜਮਹੂਰੀ ਕਿਸਾਨ ਸਭਾ ਦੇ ਲਛਮਣ ਸਿੰਘ ਕੂੰਮ ਕਲਾਂ, ਸੁਖਮਿੰਦਰ ਸਿੰਘ ਰਤਨਗੜ੍ਹ, ਕੁੱਲ ਹਿੰਦ ਕਿਸਾਨ ਸਭਾ ਦੇ ਜਸਵੀਰ ਸਿੰਘ ਝੱਜ, ਜੰਗ ਸਿੰਘ ਸਿਰਥਲਾ, ਆਤਮਾ ਸਿੰਘ, ਆਦਿ ਨੇ ਵੀ ਸੰਬੋਧਨ ਕੀਤਾ ਅਤੇ ਅਗਲੇ ਲੰਮੇ ਅਤੇ ਜਾਨਹੂਲਵੇ ਸ਼ੰਘਰਸਾਂ ਲਈ ਤਿਆਰ ਰਹਿਣ ਲਈ ਪ੍ਰੇਰਿਤ ਕੀਤਾ। ਉਪਰੋਕਤ ਆਗੂਆਂ ਤੋਂ ਇਲਾਵਾ ਵੱਖ ਵੱਖ ਯੂਨੀਅਨਾਂ ਦੇ ਵਰਕਰ, ਕਿਸਾਨ ਅਤੇ ਮਜ਼ਦੂਰ ਹਾਜਰ ਸਨ।

## ਡਾ. ਭੀਮ ਰਾਓ ਅੰਬੇਦਕਰ ਮਿਸ਼ਨ ਵੈਲਫੇਅਰ ਸੁਸਾਇਟੀ ਸਮਰਾਲਾ 9 ਅਗਸਤ ਨੂੰ ਆਪਣੀ ਤੀਸਰੀ ਵਰ੍ਹੇਗੰਢ ਮਨਾਏਗੀ



**ਲੁਧਿਆਣਾ, 23 ਜੁਲਾਈ**
**-ਜਗਮੇਲ ਸਿੰਘ ਢਿਲੋਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਾ. ਭੀਮ ਰਾਓ ਅੰਬੇਦਕਰ ਮਿਸ਼ਨ ਵੈਲਫੇਅਰ ਸੁਸਾਇਟੀ ਸਮਰਾਲਾ ਦੀ ਇੱਕ ਅਹਿਮ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰਧਾਨ ਧਰਮਜੀਤ ਸਿੰਘ ਅਤੇ ਰਘਵੀਰ ਸਿੰਘ ਰਿਟਾ: ਐਸ. ਡੀ. ਓ. ਵਾਈਸ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਸੁਸਾਇਟੀ ਦੁਆਰਾ ਪਿਛਲੇ ਸਾਲ ਦੌਰਾਨ ਸਮਾਜ ਭਲਾਈ ਅਤੇ ਧਾਰਮਿਕ ਕੰਮਾਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਵਾਈਸ ਪ੍ਰਧਾਨ ਰਘਵੀਰ ਸਿੰਘ ਸੰਬੋਧਨ ਕਰਦੇ ਹੋਏ ਦੱਸਿਆ ਕਿ ਇਹ ਸੁਸਾਇਟੀ ਸਮਰਾਲਾ ਇਲਾਕੇ ਵਿੱਚ ਸਮਾਜ ਭਲਾਈ ਦੇ ਕੰਮਾਂ ਵਿੱਚ ਪੂਰਨ ਯੋਗਦਾਨ ਪਾ ਰਹੀ ਹੈ। ਇਸ ਤੋਂ ਇਲਾਵਾ ਗਰੀਬ ਬੱਚਿਆਂ ਦੀ ਪੜ੍ਹਾਈ ਦੇ ਖਰਚੇ ਅਤੇ ਜੋ ਲੋੜਵੰਦ ਬੱਚੇ ਆਈ. ਏ. ਐਸ. ਜਾਂ ਪੀ. ਸੀ. ਐਸ. ਦੇ ਇਮਤਿਹਾਨ ਦੇਣਾ ਚਾਹੁੰਦੇ ਹਨ, ਉਨ੍ਹਾਂ ਦੀਆਂ ਮੁਫਤ ਗਾਈਡੈਂਸ ਅਤੇ ਕਿਤਾਬਾਂ ਦਾ ਖਰਚਾ ਚੁੱਕ ਰਹੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸੁਸਾਇਟੀ ਨੂੰ ਹੋਂਦ ਵਿੱਚ ਆਇਆਂ ਨੂੰ ਤਿੰਨ ਸਾਲ ਹੋਣ ਵਾਲੇ ਹਨ, ਜਿਸਦੀ ਤੀਸਰੀ ਵਰ੍ਹੇਗੰਢ ਮੌਕੇ ਪ੍ਰਮਾਤਮਾ ਦਾ ਸ਼ੁਕਰਾਨਾ ਕਰਨ ਲਈ 9 ਅਗਸਤ ਦਿਨ ਐਤਵਾਰ ਨੂੰ ਸਵੇਰੇ 10 ਵਜੇ ਪਿੰਡ ਸ਼ਾਮਗੜ੍ਹ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ ਜਾਣਗੇ, ਇਸ ਉਪਰੰਤ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਜਾਵੇਗਾ ਅਤੇ ਢਾਡੀ ਜਥਿਆਂ ਵੱਲੋਂ ਵੀਰ ਰਸੀ ਵਾਰਾਂ ਗਾਈਆਂ ਜਾਣਗੀਆਂ। ਇਸ ਤੋਂ ਇਲਾਵਾ ਬੱਚਿਆਂ ਦੇ ਬੋਧਿਕ ਵਿਕਾਸ ਲਈ ਮੁਕਾਬਲੇ ਵੀ ਕਰਵਾਏ ਜਾਣਗੇ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਧਰਮਜੀਤ ਸਿੰਘ ਨੇ ਸੁਸਾਇਟੀ ਦੁਆਰਾ ਪਿਛਲੇ ਤਿੰਨ ਸਾਲਾਂ ਦੌਰਾਨ ਕੀਤੇ ਕਾਰਜਾਂ ਉੱਤੇ ਰੌਸ਼ਨੀ ਪਾਈ ਅਤੇ ਭਵਿੱਖ ਵਿੱਚ ਸਮਾਜ ਭਲਾਈ ਦੇ ਕੰਮ ਕਰਨ ਪ੍ਰਤੀ ਵਚਨਬੱਧਤਾ ਪ੍ਰਗਟਾਈ ਅਤੇ ਸਮਰਾਲਾ ਇਲਾਕੇ ਦੇ ਸਮੂਹ ਵਸਨੀਕਾਂ ਨੂੰ 9 ਅਗਸਤ ਨੂੰ ਕਰਵਾਏ ਜਾ ਰਹੇ ਸ਼ੁਕਰਾਨਾ ਸਮਾਗਮ ਵਿੱਚ ਪੁੱਜਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਕਰਮ ਚੰਦ ਮੈਨੇਜਰ, ਸਤਵਿੰਦਰ ਸਿੰਘ ਕੈਸ਼ੀਅਰ, ਸਵਿੰਦਰ ਸਿੰਘ ਉਪਲ ਪ੍ਰੈਸ ਸਕੱਤਰ, ਕੇਵਲ ਸਿੰਘ ਸਲਾਹਕਾਰ, ਸਿਕੰਦਰ ਸਿੰਘ ਸਲਾਹਕਾਰ, ਹਰਬੰਸ ਸਿੰਘ ਲਾਲੀ, ਸੁਰਿੰਦਰਪਾਲ ਸਿੰਘ, ਜਗਮੋਹਨ ਸਿੰਘ ਲੱਧੜ, ਸਿੰਗਾਰਾ ਸਿੰਘ, ਪ੍ਰੋਫੈਸਰ ਅਮਨਦੀਪ ਸਿੰਘ, ਬੰਤਾ ਸਿੰਘ ਮੈਨੇਜਰ ਆਦਿ ਹਾਜ਼ਰ ਸਨ।

## ਹੁਣ ਤੱਕ ਤਰਨ ਤਾਰਨ ਜ਼ਿਲ੍ਹੇ ਦੇ 60 ਪਿੰਡਾਂ 'ਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਬਾਰੇ ਦਸਤਾਵੇਜ਼ੀ ਫ਼ਿਲਮ

**ਤਰਨਤਾਰਨ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਲੋਕਾਂ ਨੂੰ ਗੁਰੂ ਜੀ ਦੇ ਜੀਵਨ, ਵਿਚਾਰਾਂ ਤੇ ਸਿੱਖਿਆਵਾਂ ਤੋਂ ਜਾਣੂ ਕਰਵਾਉਣ ਲਈ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਹੁਣ ਤੱਕ ਜ਼ਿਲ੍ਹੇ ਦੇ 60 ਪਿੰਡਾਂ ਵਿੱਚ ਦਿਖਾਈ ਜਾ ਚੁੱਕੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ ਗਈਆਂ ਵੈਨਾਂ ਰਾਹੀਂ ਐਲ.ਈ.ਡੀ ਸਕਰੀਨ 'ਤੇ ਦਿਖਾਈ ਜਾ ਰਹੀ ਕਰੀਬ 30 ਮਿੰਟ ਦੀ ਇਸ ਦਸਤਾਵੇਜ਼ੀ ਫ਼ਿਲਮ ਵਿੱਚ ਰਵਿਦਾਸ ਮਹਾਰਾਜ ਜੀ ਦੇ ਜੀਵਨ ਦੇ ਮਹੱਤਵਪੂਰਨ ਪੱਖਾਂ ਬਾਰੇ ਦੱਸਿਆ।

## ਆਰਮੀ ਕਾਲਜ ਆਫ਼ ਨਰਸਿੰਗ, ਜਲੰਧਰ ਛਾਉਣੀ ਵਿਖੇ ਨਵੇਂ ਗਰਲਜ਼ ਹੋਸਟਲ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ



**ਜਲੰਧਰ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੈਫਟੀਨੈਂਟ ਜਨਰਲ ਅਮਿਤ ਕਬਥਿਆਲ, ਵਾਈਐਸਐਮ, ਐਸਐਮ**, ਜੀਓਸੀ 11 ਕੋਰ (ਪੈਟਰਨ, ਏਸੀਐਨ), ਨੇ ਅੱਜ ਜਲੰਧਰ ਛਾਉਣੀ ਵਿੱਚ ਆਰਮੀ ਕਾਲਜ ਆਫ਼ ਨਰਸਿੰਗ (ਏਸੀਐਨ) ਲਈ ਇੱਕ ਹੋਰ ਕੁੜੀਆਂ ਦੇ ਹੋਸਟਲ ਦੇ ਨਿਰਮਾਣ ਦਾ ਨੀਂਹ ਪੱਥਰ ਰੱਖਿਆ।

ਸਾਲਾਂ ਤੋਂ, ਆਰਮੀ ਕਾਲਜ ਆਫ਼ ਨਰਸਿੰਗ ਨੇ ਨਰਸਿੰਗ ਸਿੱਖਿਆ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਸੰਸਥਾ ਵਜੋਂ ਆਪਣੀ ਵੱਖਰੀ ਪਛਾਣ ਬਣਾਈ ਹੈ। ਅਕਾਦਮਿਕ , ਅਨੁਸ਼ਾਸਨ ਅਤੇ ਪੇਸ਼ੇਵਰ ਕਦਰਾਂ-ਕੀਮਤਾਂ ਪ੍ਰਤੀ ਆਪਣੀ ਵਚਨਬੱਧਤਾ ਦੁਆਰਾ, ਸੰਸਥਾ ਸਮਰਪਿਤ ਨਰਸਿੰਗ ਪੇਸ਼ੇਵਰ ਪੈਦਾ ਕਰ ਰਹੀ ਹੈ ਜੋ ਹਥਿਆਰਬੰਦ ਸੈਨਾਵਾਂ ਅਤੇ ਦੇਸ਼ ਦੀ ਸੇਵਾ ਵਿਲੱਖਣਤਾ ਨਾਲ ਕਰਦੇ ਹਨ।

ਕਾਲਜ ਦੇ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਸੰਬੋਧਨ ਕਰਦੇ ਹੋਏ, ਲੈਫਟੀਨੈਂਟ ਜਨਰਲ ਅਮਿਤ ਕਬਥਿਆਲ, ਵਾਈਐਸਐਮ, ਐਸਐਮ, ਜੀਓਸੀ 11 ਕੋਰ, ਨੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਨਵੀਂ ਸਹੂਲਤ ਆਰਮੀ ਕਾਲਜ ਆਫ਼ ਨਰਸਿੰਗ ਦੇ ਨਿਰੰਤਰ ਵਿਕਾਸ ਅਤੇ ਸਫਲਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗੀ।



# ਹਰਿਆਣਾ ਖ਼ਬਰਨਾਮਾ



## ਪਾਣੀਪਤ ਦੇ ਦਿਵਿਆਂਗ ਬੱਚੇ ਨੂੰ ਮਿਲਣਗੇ ਅਤਿ-ਆਧੁਨਿਕ ਬਾਇਓਨਿਕ ਬਨਾਵਟੀ ਅੰਗ

**ਚੰਡੀਗੜ੍ਹ, 23 ਜੁਲਾਈ**
**-ਮਨੋਜ ਵਰਮਾ-**

ਹਰਿਆਣਾ ਸਰਕਾਰ ਨੇ ਪਾਣੀਪਤ ਦੇ ਇੱਕ ਦਿਵਿਆਂਗ ਬੱਚੇ ਲਈ ਲਗਭਗ 35 ਲੱਖ ਰੁਪਏ ਦੀ ਲਾਗਤ ਨਾਲ ਅਤਿ-ਆਧੁਨਿਕ ਬਾਇਓਨਿਕ ਬਨਾਵਟੀ ਅੰਗ ਮੁਹੱਈਆ ਕਰਵਾਉਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਹ ਬੱਚਾ ਕਰੰਟ ਲੱਗਣ ਦੇ ਹਾਦਸੇ ਵਿੱਚ ਆਪਣੇ ਦੋਵੇਂ ਹੱਥ ਅਤੇ ਇੱਕ ਪੈਰ ਗੁਆ ਚੁੱਕਾ ਸੀ। ਆਧੁਨਿਕ ਤਕਨੀਕ ਨਾਲ ਲੈਸ ਇਹ ਨਕਲੀ ਅੰਗ ਉਸਨੂੰ ਫਿਰ ਤੋਂ ਆਤਮਨਿਰਭਰ ਜੀਵਨ ਜਿਉਣ, ਰੋਜ਼ਾਨਾ ਦੇ ਕੰਮਾਂ ਨੂੰ ਸੁਖਾਲੇ ਢੰਗ ਨਾਲ ਕਰਨ ਅਤੇ ਸਨਮਾਨਪੂਰਵਕ ਅੱਗੇ ਵਧਣ ਵਿੱਚ ਮਹੱਤਵਪੂਰਨ ਸਹਾਰਾ ਪ੍ਰਦਾਨ ਕਰਨਗੇ।

ਇਹ ਫ਼ੈਸਲਾ ਹਰਿਆਣਾ ਮੈਡੀਕਲ ਸਰਵਿਸਿਜ਼ ਕਾਰਪੋਰੇਸ਼ਨ ਲਿਮਟਿਡ ਦੇ ਬੋਰਡ ਆਫ਼ ਡਾਇਰੈਕਟਰਜ਼ ਦੀ 40ਵੀਂ ਮੀਟਿੰਗ ਵਿੱਚ ਲਿਆ ਗਿਆ, ਜਿਸਦੀ ਅਗਵਾਈ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਕੀਤੀ। ਮੀਟਿੰਗ ਵਿੱਚ ਰਾਜ ਦੇ ਸਰਕਾਰੀ ਸਿਹਤ ਸੰਸਥਾਨਾਂ ਵਿੱਚ ਆਧੁਨਿਕ ਮੈਡੀਕਲ ਸੁਵਿਧਾਵਾਂ ਦੇ ਵਿਸਥਾਰ ਅਤੇ ਸਿਹਤ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਨਾਲ ਜੁੜੇ ਕਈ ਮਹੱਤਵਪੂਰਨ ਪ੍ਰਸਤਾਵਾਂ ਨੂੰ ਵੀ ਮਨਜ਼ੂਰੀ ਦਿੱਤੀ ਗਈ। ਮੀਟਿੰਗ ਵਿੱਚ ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਡੈਂਟਲ ਸਾਇੰਸਜ਼ ਰੋਹਤਕ ਸਥਿਤ ਸੈਂਟਰ ਆਫ਼ ਐਕਸੀਲੈਂਸ ਲਈ ਲਗਭਗ 82 ਲੱਖ ਰੁਪਏ ਦੀ ਲਾਗਤ ਨਾਲ 3-ਡੀ ਕੋਨ ਬੀਮ ਕੰਪਿਊਟੇਡ ਟੋਮੋਗ੍ਰਾਫੀ ਐਕਸ-ਰੇ ਮਸ਼ੀਨ ਖਰੀਦਣ ਦੀ ਮਨਜ਼ੂਰੀ ਪ੍ਰਦਾਨ ਕੀਤੀ ਗਈ।

ਇਹ ਅਤਿ-ਆਧੁਨਿਕ ਮਸ਼ੀਨ ਦੰਦਾਂ, ਜਬੜਿਆਂ ਅਤੇ ਮੂੰਹ ਨਾਲ ਸੰਬੰਧਿਤ ਗੁੰਝਲਦਾਰ ਬਿਮਾਰੀਆਂ ਦੀ ਬਹੁਤ ਸਹੀ ਜਾਂਚ ਵਿੱਚ ਸਹਾਈ ਹੋਵੇਗੀ, ਜਿਸ ਨਾਲ ਮਰੀਜ਼ਾਂ ਨੂੰ ਬਿਹਤਰ ਇਲਾਜ ਯੋਜਨਾ ਅਤੇ ਗੁਣਵੱਤਾਪੂਰਨ ਮੈਡੀਕਲ ਸੇਵਾਵਾਂ ਮਿਲ ਸਕਣਗੀਆਂ।

ਇਸ ਤੋਂ ਇਲਾਵਾ, ਰਾਜ ਦੇ ਵੱਖ-ਵੱਖ ਸਰਕਾਰੀ ਸਿਹਤ ਸੰਸਥਾਨਾਂ ਲਈ ਲਗਭਗ 20 ਲੱਖ ਰੁਪਏ ਦੀ ਲਾਗਤ ਨਾਲ 30 ਮਾਈਕ੍ਰੋ-ਸੈਂਟ੍ਰਿਫਿਊਜ ਮਸ਼ੀਨਾਂ ਖਰੀਦਣ ਦਾ ਫ਼ੈਸਲਾ ਲਿਆ ਗਿਆ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਖ਼ੂਨ ਅਤੇ ਹੋਰ ਜੈਵਿਕ ਨਮੂਨਿਆਂ ਦੀ ਜਾਂਚ ਪਹਿਲਾਂ ਨਾਲੋਂ ਤੇਜ਼ ਅਤੇ ਸਹੀ ਹੋਵੇਗੀ, ਜਿਸ ਨਾਲ ਬਿਮਾਰੀਆਂ ਦਾ ਸਮੇਂ ਸਿਰ ਪਤਾ ਲਗਾਉਣ ਅਤੇ ਤੁਰੰਤ ਇਲਾਜ ਯਕੀਨੀ ਬਣਾਇਆ ਜਾ ਸਕੇਗਾ।

ਮਾਨਸੂਨ ਦੌਰਾਨ ਡੇਂਗੂ ਦੀ ਰੋਕਥਾਮ ਅਤੇ ਸਮਾਂ ਰਹਿੰਦਿਆਂ ਪਛਾਣ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕਮੇਟੀ ਨੇ ਪੂਰੇ ਰਾਜ ਵਿੱਚ ਵਰਤੋਂ ਲਈ ਲਗਭਗ 47 ਲੱਖ ਰੁਪਏ ਦੀ ਲਾਗਤ ਨਾਲ 2,500 ਡੇਂਗੂ ਐੱਨ.ਐੱਸ.-1 ਡਾਇਗਨੋਸਟਿਕ ਕਿੱਟਾਂ ਖਰੀਦਣ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਇਨ੍ਹਾਂ ਕਿੱਟਾਂ ਦੇ ਮਾਧਿਅਮ ਨਾਲ ਡੇਂਗੂ ਦੀ ਲਾਗ ਦੀ ਸ਼ੁਰੂਆਤੀ ਅਵਸਥਾ ਵਿੱਚ ਹੀ ਪਛਾਣ ਸੰਭਵ ਹੋਵੇਗੀ, ਜਿਸ ਨਾਲ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਮੁਹੱਈਆ ਕਰਵਾਉਣ ਦੇ ਨਾਲ-ਨਾਲ ਬਿਮਾਰੀ ਦੀ ਪ੍ਰਭਾਵਸ਼ਾਲੀ ਨਿਗਰਾਨੀ ਅਤੇ ਕੰਟਰੋਲ ਵਿੱਚ ਵੀ ਸਹਾਇਤਾ ਮਿਲੇਗੀ।

ਮੀਟਿੰਗ ਦੌਰਾਨ ਸਿਹਤ ਸੇਵਾਵਾਂ ਨੂੰ ਹੋਰ ਆਧੁਨਿਕ, ਪ੍ਰਭਾਵੀ ਅਤੇ ਜਨ-ਕੇਂਦਰਿਤ ਬਣਾਉਣ ਨਾਲ ਸੰਬੰਧਿਤ ਵੱਖ-ਵੱਖ ਹੋਰ ਪ੍ਰਸਤਾਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਪ੍ਰਵਾਨਗੀ ਪ੍ਰਦਾਨ ਕੀਤੀ ਗਈ। ਇਨ੍ਹਾਂ ਫ਼ੈਸਲਿਆਂ ਨਾਲ ਹਰਿਆਣਾ ਵਿੱਚ ਮਿਆਰੀ, ਸੁਲਭ ਅਤੇ ਤਕਨੀਕ-ਸੰਚਾਲਿਤ ਸਿਹਤ ਸੇਵਾਵਾਂ ਨੂੰ ਹੋਰ ਵੱਡੀ ਮਜ਼ਬੂਤੀ ਮਿਲਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ।

## ਮੁੱਖ ਮੰਤਰੀ ਨੇ ਪੱਤਰਕਾਰਾਂ ਨੂੰ ਲੋਕਤੰਤਰ ਦੀ ਸਜਗ ਚੇਤਨਾ ਦੱਸਿਆ, ਕਿਹਾ- ਸੱਚ ਅਤੇ ਜ਼ਿੰਮੇਵਾਰੀ ਹੀ ਪੱਤਰਕਾਰੀ ਦੀ ਅਸਲ ਤਾਕਤ

**ਚੰਡੀਗੜ੍ਹ, 23 ਜੁਲਾਈ**
**-ਸੰਜੀਵ ਸਿੰਗਲਾ-**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੱਤਰਕਾਰ ਸਿਰਫ਼ ਖ਼ਬਰਾਂ ਨਹੀਂ ਲਿਖਦੇ, ਸਗੋਂ ਵਰਤਮਾਨ ਨੂੰ ਸ਼ਬਦ ਦਿੰਦੇ ਹਨ ਅਤੇ ਭਵਿੱਖ ਦੇ ਇਤਿਹਾਸ ਨੂੰ ਆਕਾਰ ਦਿੰਦੇ ਹਨ। ਖ਼ਬਰ ਦਾ ਹਰ ਸ਼ਬਦ ਸਮੇਂ ਦਾ ਦਸਤਾਵੇਜ਼ ਹੁੰਦਾ ਹੈ ਅਤੇ ਹਰ ਤਸਵੀਰ ਸਮਾਜ ਦੀ ਚੇਤਨਾ ਦਾ ਸ਼ੀਸ਼ਾ ਬਣ ਜਾਂਦੀ ਹੈ। ਉਨ੍ਹਾਂ ਨੇ ਕਿਹਾ ਕਿ ਪੱਤਰਕਾਰੀ ਸਿਰਫ਼ ਕਲਮ ਜਾਂ ਸਿਆਹੀ ਨਾਲ ਨਹੀਂ ਚੱਲਦੀ, ਸਗੋਂ ਸਮਾਜ ਦੇ ਵਿਸ਼ਵਾਸ, ਜਨਮਤ ਅਤੇ ਲੋਕਤੰਤਰ ਪ੍ਰਤੀ ਜ਼ਿੰਮੇਵਾਰੀ ਨਾਲ ਸੰਚਾਲਿਤ ਹੁੰਦੀ ਹੈ।

ਮੁੱਖ ਮੰਤਰੀ ਬੁੱਧਵਾਰ ਨੂੰ ਸੰਤ ਕਬੀਰ ਕੁਟੀਰ 'ਤੇ ਸੀਨੀਅਰ ਜਰਨਲਿਸਟਸ ਫੋਰਮ ਚੰਡੀਗੜ੍ਹ ਨਾਲ ਜੁੜੇ ਸੀਨੀਅਰ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਪ੍ਰੋਗਰਾਮ ਵਿੱਚ ਮੌਜੂਦ ਸੀਨੀਅਰ ਪੱਤਰਕਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੋਕਤੰਤਰ ਤਦ ਹੀ ਮਜ਼ਬੂਤ ਹੁੰਦਾ ਹੈ, ਜਦੋਂ ਸਮਾਜ ਵਿੱਚ ਸੰਵਾਦ ਨਿਰੰਤਰ, ਸਾਰਥਕ ਅਤੇ ਜਿਉਂਦਾ-ਜਾਗਦਾ ਬਣਿਆ ਰਹੇ। ਇਸ ਵਿੱਚ ਪੱਤਰਕਾਰਾਂ ਦੀ ਭੂਮਿਕਾ ਸਭ ਤੋਂ ਮਹੱਤਵਪੂਰਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਪੱਤਰਕਾਰੀ ਦੀਆਂ ਜੜ੍ਹਾਂ ਸਾਡੀ ਸਨਾਤਨ ਪਰੰਪਰਾ ਵਿੱਚ ਹਨ। ਮਹਾਂਰਿਸ਼ੀ ਨਾਰਦ ਨੂੰ ਦੁਨੀਆ ਦਾ ਪਹਿਲਾ ਸੰਦੇਸ਼ਵਾਹਕ ਦੱਸਦਿਆਂ ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਸਿਰਫ਼ ਸੂਚਨਾ ਦੇਣਾ ਨਹੀਂ, ਸਗੋਂ ਸੱਚ, ਸੰਤੁਲਨ ਅਤੇ ਸਮਾਜ ਭਲਾਈ ਦਾ ਸੰਦੇਸ਼ ਪਹੁੰਚਾਉਣਾ ਸੀ। ਆਜ਼ਾਦੀ ਅੰਦੋਲਨ ਵਿੱਚ ਵੀ ਲੋਕਮਾਨਯ ਬਾਲ ਗੰਗਾਧਰ ਤਿਲਕ, ਮਹਾਤਮਾ ਗਾਂਧੀ ਅਤੇ ਸ਼ਹੀਦ ਭਗਤ ਸਿੰਘ ਵਰਗੇ ਮਹਾਨ ਨੇਤਾਵਾਂ ਨੇ ਆਪਣੀ ਲੇਖਣੀ ਰਾਹੀਂ ਰਾਸ਼ਟਰ ਚੇਤਨਾ ਨੂੰ ਜਾਗਰੂਕ ਕੀਤਾ।

ਉਨ੍ਹਾਂ ਨੇ ਕਿਹਾ ਕਿ ਅੱਜ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਸੋਸ਼ਲ ਮੀਡੀਆ ਦੇ ਦੌਰ ਵਿੱਚ ਸੂਚਨਾ ਕੁਝ ਹੀ ਪਲਾਂ ਵਿੱਚ ਪੂਰੀ ਦੁਨੀਆ ਤੱਕ ਪਹੁੰਚ ਜਾਂਦੀ ਹੈ। ਅਜਿਹੇ ਸਮੇਂ ਵਿੱਚ ਸਭ ਤੋਂ ਵੱਡਾ ਸਵਾਲ ਇਹ ਨਹੀਂ ਹੈ ਕਿ ਸੂਚਨਾ ਕਿੰਨੀ ਤੇਜ਼ੀ ਨਾਲ ਫੈਲੀ, ਸਗੋਂ ਇਹ ਹੈ ਕਿ ਉਹ ਕਿੰਨੀ ਸੱਚੀ ਅਤੇ ਪ੍ਰਮਾਣਿਕ ਹੈ। ਤਜਰਬੇਕਾਰ ਅਤੇ ਜ਼ਿੰਮੇਵਾਰ ਪੱਤਰਕਾਰ ਹੀ ਸਮਾਜ ਨੂੰ ਸਹੀ ਦਿਸ਼ਾ ਦੇ ਸਕਦੇ ਹਨ।



ਮੁੱਖ ਮੰਤਰੀ ਨੇ ਕਿਹਾ ਕਿ ਆਲੋਚਨਾ ਲੋਕਤੰਤਰ ਦੀ ਤਾਕਤ ਹੈ, ਪਰ ਉਹ ਤੱਥਾਂ 'ਤੇ ਆਧਾਰਿਤ ਹੋਣੀ ਚਾਹੀਦੀ ਹੈ। ਸਮਾਜ ਨੂੰ ਸਿਰਫ਼ ਬ੍ਰੇਕਿੰਗ ਨਿਊਜ਼ ਨਹੀਂ, ਸਗੋਂ ਸਕਾਰਾਤਮਕ ਸੋਚ, ਹੱਲ ਅਤੇ ਪ੍ਰੇਰਣਾਦਾਇਕ ਉਦਾਹਰਣਾਂ ਦੀ ਵੀ ਲੋੜ ਹੈ। ਪੱਤਰਕਾਰੀ ਜਦੋਂ ਸੱਚ, ਸੰਵੇਦਨਸ਼ੀਲਤਾ ਅਤੇ ਉਤਰਦਾਇਤ੍ਵ ਨਾਲ ਅੱਗੇ ਵਧਦੀ ਹੈ, ਤਦ ਉਹ ਰਾਸ਼ਟਰ ਨਿਰਮਾਣ ਦਾ ਸ਼ਕਤੀਸ਼ਾਲੀ ਮਾਧਿਅਮ ਬਣ ਜਾਂਦੀ ਹੈ।

ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਪਾਰਦਰਸ਼ਤਾ, ਜਵਾਬਦੇਹੀ ਅਤੇ ਸੰਵਾਦ ਲਈ ਵਚਨਬੱਧ ਹੈ। ਇਸੇ ਭਾਵਨਾ ਨਾਲ ਸਰਕਾਰ ਪੱਤਰਕਾਰਾਂ ਦੇ ਸਨਮਾਨ, ਸੁਰੱਖਿਆ ਅਤੇ ਭਲਾਈ ਲਈ ਵੀ ਨਿਰੰਤਰ ਕਾਰਜ ਕਰ ਰਹੀ ਹੈ। ਸੀਨੀਅਰ ਪੱਤਰਕਾਰਾਂ ਨੂੰ ਸਨਮਾਨ ਪੈਨਸ਼ਨ ਦਿੱਤੀ ਜਾ ਰਹੀ ਹੈ। ਪੱਤਰਕਾਰਾਂ ਲਈ ਸਮੂਹ ਬੀਮਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਦਾ ਪੂਰਾ ਪ੍ਰੀਮੀਅਮ ਰਾਜ ਸਰਕਾਰ ਚੁੱਕ ਰਹੀ ਹੈ। ਇਸ ਤੋਂ ਇਲਾਵਾ ਪੱਤਰਕਾਰ ਭਲਾਈ ਕੋਸ਼ ਰਾਹੀਂ ਗੰਭੀਰ ਬਿਮਾਰੀ, ਹਾਦਸੇ ਜਾਂ ਮੌਤ ਦੀ ਸਥਿਤੀ ਵਿੱਚ ਆਰਥਿਕ ਸਹਾਇਤਾ ਉਪਲਬਧ ਕਰਵਾਈ ਜਾਂਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ ਅਤੇ ਹਰਿਆਣਾ ਵੀ ਵਿਕਾਸ ਦੇ ਨਵੇਂ ਆਯਾਮ ਸਥਾਪਿਤ ਕਰ ਰਿਹਾ ਹੈ। ਉਨ੍ਹਾਂ ਆਯੁਸ਼ਮਾਨ ਭਾਰਤ ਅਤੇ ਚਿਰਾਯੂ ਹਰਿਆਣਾ ਵਰਗੀਆਂ ਸਿਹਤ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਨਾਲ ਲੱਖਾਂ ਪਰਿਵਾਰਾਂ ਨੂੰ ਮੁਫ਼ਤ ਇਲਾਜ ਦਾ ਲਾਭ ਮਿਲਿਆ ਹੈ।

ਸਿੱਖਿਆ ਖੇਤਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਿਸ਼ਨ ਬੁਨਿਆਦ ਅਤੇ ਸੁਪਰ-100 ਵਰਗੀਆਂ ਯੋਜਨਾਵਾਂ ਨੇ ਗ਼ਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਨਵੀਂ ਉਡਾਣ ਦਿੱਤੀ ਹੈ। ਹਾਲ ਹੀ ਵਿੱਚ ਸੁਪਰ-100 ਦੇ ਕਈ ਵਿਦਿਆਰਥੀਆਂ ਨੇ ਆਈ.ਆਈ.ਟੀ., ਐੱਨ.ਆਈ.ਟੀ. ਅਤੇ ਨੀਟ ਵਰਗੀਆਂ ਪ੍ਰਤਿਸ਼ਠਿਤ ਪ੍ਰੀਖਿਆਵਾਂ ਵਿੱਚ ਸਫ਼ਲਤਾ ਹਾਸਲ ਕਰਕੇ ਪ੍ਰਦੇਸ਼ ਦਾ ਨਾਂ ਰੌਸ਼ਨ ਕੀਤਾ ਹੈ।

ਸਿਹਤ ਸੇਵਾਵਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਲ 2014 ਤੋਂ ਪਹਿਲਾਂ ਹਰਿਆਣਾ ਵਿੱਚ ਬਹੁਤ ਘੱਟ ਮੈਡੀਕਲ ਕਾਲਜ ਸਨ, ਜਦੋਂ ਕਿ ਅੱਜ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਮੈਡੀਕਲ ਕਾਲਜ ਸਥਾਪਿਤ ਹੋ ਚੁੱਕੇ ਹਨ ਅਤੇ ਬਾਕੀ ਜ਼ਿਲ੍ਹਿਆਂ ਵਿੱਚ ਵੀ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ।

ਜ਼ਿਲ੍ਹਾ ਹਸਪਤਾਲਾਂ ਵਿੱਚ ਵੀ ਨਿੱਜੀ ਹਸਪਤਾਲਾਂ ਵਰਗੀਆਂ ਸਹੂਲਤਾਂ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵਿਕਾਸ ਕਾਰਜਾਂ ਦੇ ਨਾਲ-ਨਾਲ ਸਮਾਜ ਵਿੱਚ ਵਿਸ਼ਵਾਸ ਅਤੇ ਸਕਾਰਾਤਮਕ ਮਾਹੌਲ ਬਣਾਉਣ ਲਈ ਵੀ ਵਚਨਬੱਧ ਹੈ। ਉਨ੍ਹਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਪੱਤਰਕਾਰ ਆਪਣੀ ਨਿਰਪੱਖ, ਜ਼ਿੰਮੇਵਾਰ ਅਤੇ ਰਚਨਾਤਮਕ ਭੂਮਿਕਾ ਨਿਭਾਉਂਦੇ ਹੋਏ ਲੋਕਤੰਤਰ ਨੂੰ ਹੋਰ ਵੱਧ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਦਿੰਦੇ ਰਹਿਣਗੇ।

ਇਸ ਮੌਕੇ ਸੂਚਨਾ ਜਨਸੰਪਰਕ ਅਤੇ ਭਾਸ਼ਾ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਕੇ ਮਕਰੰਦ ਪਾਂਡੁਰੰਗ, ਸੀਨੀਅਰ ਜਰਨਲਿਸਟਸ ਫੋਰਮ ਚੰਡੀਗੜ੍ਹ ਦੇ ਚੇਅਰਮੈਨ ਸ੍ਰੀ ਏ.ਆਰ. ਪਰਾਸ਼ਰ, ਪ੍ਰਧਾਨ ਜਗਤਾਰ ਸਿੰਘ ਸੰਧੂ, ਜਨਰਲ ਸਕੱਤਰ ਕੇਵਲ ਭਾਰਤੀ, ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਬੀ.ਬੀ. ਭਾਰਤੀ, ਮੀਡੀਆ ਸਕੱਤਰ ਸ੍ਰੀ ਪ੍ਰਵੀਨ ਆਤਰੇਅ ਸਮੇਤ ਕਈ ਸੀਨੀਅਰ ਪੱਤਰਕਾਰ ਮੌਜੂਦ ਸਨ।

## ਹਰਿਆਣਾ ਵਿੱਚ ਕੰਟਰੈਕਚੁਅਲ ਮੁਲਾਜ਼ਮਾਂ ਲਈ ਸੇਵਾ ਸੁਰੱਖਿਆ ਦਾ ਦਾਇਰਾ ਵਧਿਆ

### ਚਾਰ ਵਾਧੂ ਸ਼੍ਰੇਣੀਆਂ ਲਈ ਰਜਿਸਟ੍ਰੇਸ਼ਨ ਫਿਰ ਤੋਂ ਸ਼ੁਰੂ

**ਚੰਡੀਗੜ੍ਹ, 23 ਜੁਲਾਈ**
**-ਮਨੋਜ ਵਰਮਾ-**

ਹਰਿਆਣਾ ਸਰਕਾਰ ਨੇ ਹਰਿਆਣਾ ਕੰਟਰੈਕਚੁਅਲ ਮੁਲਾਜ਼ਮ (ਸੇਵਾ ਸੁਰੱਖਿਆ) ਐਕਟ, 2024 ਦੇ ਦਾਇਰੇ ਦਾ ਵਿਸਤਾਰ ਕਰਦਿਆਂ ਚਾਰ ਵਾਧੂ ਸ਼੍ਰੇਣੀਆਂ ਦੇ ਇਕਰਾਰਨਾਮਾ ਮੁਲਾਜ਼ਮਾਂ ਲਈ ਆਨਲਾਈਨ ਰਜਿਸਟ੍ਰੇਸ਼ਨ ਪੋਰਟਲ ਮੁੜ ਖੋਲ੍ਹ ਦਿੱਤਾ ਹੈ, ਤਾਂ ਜੋ ਉਨ੍ਹਾਂ ਨੂੰ ਵੀ ਰਾਜ ਦੀ ਸੇਵਾ ਸੁਰੱਖਿਆ ਵਿਵਸਥਾ ਦਾ ਲਾਭ ਮਿਲ ਸਕੇ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਪੱਤਰ ਅਨੁਸਾਰ, ਨਵੀਆਂ ਨੋਟੀਫਾਈਡ ਸ਼੍ਰੇਣੀਆਂ ਦੇ ਯੋਗ ਮੁਲਾਜ਼ਮ www.secure employees. csharyana.gov.in ਪੋਰਟਲ 'ਤੇ 31 ਜੁਲਾਈ ਤੱਕ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਇਸ ਤੋਂ ਬਾਅਦ ਤੈਅ ਸਮਾਂ-ਸੀਮਾ ਦੇ ਅੰਦਰ ਉਨ੍ਹਾਂ ਦੇ ਸਰਵਿਸ ਰਿਕਾਰਡ ਦੀ ਪੜਤਾਲ ਕੀਤੀ ਜਾਵੇਗੀ, ਜਿਸ ਦੇ ਉਪਰੰਤ ਹਰਿਆਣਾ ਕੰਟਰੈਕਚੁਅਲ ਮੁਲਾਜ਼ਮ (ਸੇਵਾ ਸੁਰੱਖਿਆ) ਐਕਟ, 2024 ਅਤੇ ਹਰਿਆਣਾ ਕੰਟਰੈਕਚੁਅਲ ਮੁਲਾਜ਼ਮ (ਸੇਵਾ ਸੁਰੱਖਿਆ) ਨਿਯਮ, 2025 ਦੇ ਉਪਬੰਧਾਂ ਤਹਿਤ ਉਨ੍ਹਾਂ ਦੇ ਨਾਵਾਂ 'ਤੇ ਵਿਚਾਰ ਕੀਤਾ ਜਾਵੇਗਾ।

ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਸ਼ਾਮਲ ਕੀਤੀਆਂ ਗਈਆਂ ਨਵੀਆਂ ਸ਼੍ਰੇਣੀਆਂ ਵਿੱਚ ਸਕੂਲ ਸਿੱਖਿਆ ਵਿਭਾਗ ਦੇ ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਅਤੇ ਕੰਪਿਊਟਰ ਲੈਬ ਅਟੈਂਡੈਂਟ, ਸੂਚਨਾ ਤਕਨਾਲੋਜੀ ਅਤੇ ਵਿਗਿਆਨ ਵਿਭਾਗ (ਹਰਟਰੌਨ ਨੂੰ ਛੱਡ ਕੇ) ਰਾਹੀਂ ਕੰਮ ਕਰ ਰਹੇ ਕੰਟਰੈਕਚੁਅਲ ਮੁਲਾਜ਼ਮ ਅਤੇ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ (ਐਚ.ਐਸ.ਐਸ.ਸੀ.) ਵਿੱਚ ਕੰਮ ਕਰ ਰਹੇ ਕੰਟਰੈਕਚੁਅਲ ਮੁਲਾਜ਼ਮ ਸ਼ਾਮਲ ਹਨ।

ਇਹ ਸ਼੍ਰੇਣੀਆਂ ਪਹਿਲਾਂ ਚਲਾਏ ਗਏ ਰਜਿਸਟ੍ਰੇਸ਼ਨ ਮੁਹਿੰਮ ਵਿੱਚ ਸ਼ਾਮਲ ਨਹੀਂ ਸਨ। ਅਰਜ਼ੀਆਂ ਦੇ ਸਮਾਂਬੱਧ ਨਿਪਟਾਰੇ ਲਈ ਸਰਕਾਰ ਨੇ ਤਿੰਨ-ਪੱਧਰੀ ਪੜਤਾਲ ਪ੍ਰਕਿਰਿਆ ਤੈਅ ਕੀਤੀ ਹੈ। ਇਸ ਅਨੁਸਾਰ, ਆਨਲਾਈਨ ਰਜਿਸਟ੍ਰੇਸ਼ਨ 31 ਜੁਲਾਈ ਤੱਕ ਕੀਤੀ ਜਾ ਸਕੇਗੀ। ਇਸ ਤੋਂ ਬਾਅਦ ਸੰਬੰਧਿਤ ਡਰਾਇੰਗ ਐਂਡ ਡਿਸਬਰਸਿੰਗ ਆਫ਼ੀਸਰ (ਡੀ.ਡੀ.ਓ.) ਨੂੰ 7 ਅਗਸਤ ਤੱਕ ਸਰਵਿਸ ਰਿਕਾਰਡ ਦੀ ਪੜਤਾਲ ਪੂਰੀ ਕਰਨੀ ਹੋਵੇਗੀ। ਆਖਰੀ ਜਾਂਚ ਅਤੇ ਪ੍ਰਵਾਨਗੀ ਸੰਬੰਧਿਤ ਵਿਭਾਗ ਮੁਖੀ ਵੱਲੋਂ 15 ਅਗਸਤ ਤੱਕ ਕੀਤੀ ਜਾਵੇਗੀ।

ਇਸ ਸੰਬੰਧ ਵਿੱਚ ਸਕੂਲ ਸਿੱਖਿਆ ਮਹਾਨਿ????, ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਦੇ ਚੇਅਰਮੈਨ ਅਤੇ ਸਾਰੇ ਡ ?ਪਟੀ ਕਮਿਸ਼ਨਰਾਂ ਨੂੰ ਪੱਤਰ ਭੇਜਿਆ ਗਿਆ ਹੈ। ਨਾਲ ਹੀ, ਉਨ੍ਹਾਂ ਨੂੰ ਇਹ ਵੀ ਹਿਦਾਇਤਾਂ ਦਿੱਤੀਆਂ ਗਈਆਂ ਹਨ ਕਿ ਤੈਅ ਸਮਾਂ-ਸੀਮਾ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ, ਤਾਂ ਜੋ ਕੋਈ ਵੀ ਯੋਗ ਮੁਲਾਜ਼ਮ ਕੇਵਲ ਪ੍ਰਕਿਰਿਆਗਤ ਦੇਰੀ ਕਾਰਨ ਐਕਟ ਦੇ ਲਾਭ ਤੋਂ ਵਾਂਝਾ ਨਾ ਰਹਿ ਜਾਵੇ।

ਪੜਤਾਲ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਲਈ ਮਨੁੱਖੀ ਸਾਧਨ ਵਿਭਾਗ ਨੇ ਖਜ਼ਾਨਾ ਅਤੇ ਲੇਖਾ ਵਿਭਾਗ ਦੇ ਡਾਇਰੈਕਟਰ ਅਤੇ ਹਰਿਆਣਾ ਕੌਸ਼ਲ ਰੋਜ਼ਗਾਰ ਨਿਗਮ (ਐਚ.ਕੇ.ਆਰ.ਐਨ.) ਦੇ ਪ੍ਰਬੰਧ ਨਿਰਦੇਸ਼ਕ ਨੂੰ ਵੀ ਹਿਦਾਇਤਾਂ ਦਿੱਤੀਆਂ ਹਨ ਕਿ ਹਾਲ ਹੀ ਵਿੱਚ ਸ਼ਾਮਲ ਸ਼੍ਰੇਣੀਆਂ ਦੇ ਮੁਲਾਜ਼ਮਾਂ ਦਾ ਸਰਵਿਸ ਰਿਕਾਰਡ ਅਤੇ ਹੋਰ ਜ਼ਰੂਰੀ ਵੇਰਵੇ ਛੇਤੀ ਤੋਂ ਛੇਤੀ ਮਨੁੱਖੀ ਸਾਧਨ ਵਿਭਾਗ ਅਤੇ ਹਰਿਆਣਾ ਨੌਲੇਜ ਕਾਰਪੋਰੇਸ਼ਨ ਲਿਮਟਿਡ (ਐਚ.ਕੇ.ਸੀ.ਐਲ.) ਨੂੰ ਉਪਲਬਧ ਕਰਵਾਏ ਜਾਣ।

## ਹਰਿਆਣਾ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਨੇ ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਕੀਤੀ ਸ਼ਿਸ਼ਟਾਚਾਰ ਮੁਲਾਕਾਤ

**ਚੰਡੀਗੜ੍ਹ, 23 ਜੁਲਾਈ**
**-ਸੰਜੀਵ ਸਿੰਗਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ੍ਰੀ ਨਿਤਿਨ ਗਡਕਰੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਅਤੇ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਸੜਕੀ ਢਾਂਚੇ ਦੇ ਸੰਬੰਧ ਵਿੱਚ ਉਨ੍ਹਾਂ ਦਾ ਮਾਰਗਦਰਸ਼ਨ ਪ੍ਰਾਪਤ ਕੀਤਾ। ਇਸ ਦੌਰਾਨ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਹਰਿਆਣਾ ਵਿੱਚ ਸਿੱਖਿਆ ਦੇ ਬੁਨਿਆਦੀ ਢਾਂਚੇ ਅਤੇ ਰਾਜਮਾਰਗਾਂ ਦੀ ਕਨੈਕਟੀਵਿਟੀ ਨੂੰ ਹੋਰ ਬਿਹਤਰ ਬਣਾਉਣ ਦੇ ਸੰਬੰਧ ਵਿੱਚ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਸ੍ਰੀ ਨਿਤਿਨ ਗਡਕਰੀ ਦੀ ਦੂਰਦਰਸ਼ੀ ਅਗਵਾਈ ਹੇਠ ਦੇਸ਼ ਭਰ ਵਿੱਚ ਸੜਕਾਂ ਅਤੇ ਇਨਫਰਾਸਟਰਕਚਰ ਦਾ ਬੇਮਿਸਾਲ ਵਿਕਾਸ ਹੋਇਆ ਹੈ। ਹਰਿਆਣਾ ਵਿੱਚ ਵੀ ਰਾਸ਼ਟਰੀ ਰਾਜਮਾਰਗਾਂ ਅਤੇ ਐਕਸਪ੍ਰੈਸਵੇ ਦੇ ਵਿਸਤਾਰ ਜਾਲ ਨਾਲ ਵਿਦਿਆਰਥੀਆਂ, ਅਧਿਆਪਕਾਂ ਅਤੇ ਆਮ ਲੋਕਾਂ ਦੀ ਆਵਾਜਾਈ ਬੇਹੱਦ ਸੁਖਾਲੀ ਅਤੇ ਸੁਰੱਖਿਅਤ ਹੋਈ ਹੈ।

ਸ੍ਰੀ ਢਾਂਡਾ ਨੇ ਕੇਂਦਰੀ ਮੰਤਰੀ ਨੂੰ ਜਾਣੂ ਕਰਵਾਇਆ ਕਿ ਸੂਬੇ ਦੇ ਦੁਰਾਡੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਥਿਤ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਤੱਕ ਵਿਦਿਆਰਥੀਆਂ ਦੀ ਨਿਰਵਿਘਨ ਅਤੇ ਸੁਰੱਖਿਅਤ ਪਹੁੰਚ ਲਈ ਬਿਹਤਰ ਸੜਕੀ ਨੈਟਵਰਕ ਬਹੁਤ ਜ਼ਰੂਰੀ ਹੈ। ਮੀਟਿੰਗ ਦੌਰਾਨ ਵਿਦਿਅਕ ਸੰਸਥਾਵਾਂ ਨੇੜੇ ਆਵਾਜਾਈ ਸੁਰੱਖਿਆ ਪ੍ਰਬੰਧਾਂ ਅਤੇ ਸੰਪਰਕ ਮਾਰਗਾਂ ਨੂੰ ਮਜ਼ਬੂਤ ਕਰਨ 'ਤੇ ਹਾਂਪੱਖੀ ਵਿਚਾਰ-ਵਟਾਂਦਰਾ ਹੋਇਆ। ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਸ੍ਰੀ ਨਿਤਿਨ ਗਡਕਰੀ ਦਾ ਤਜਰਬਾ ਅਤੇ ਦੂਰਗਾਮੀ ਨਜ਼ਰੀਆ ਸਾਡੇ ਸਾਰਿਆਂ ਲਈ ਪ੍ਰੇਰਣਾਦਾਇਕ ਹੈ। ਅੱਜ ਦੀ ਇਸ ਸ਼ਿਸ਼ਟਾਚਾਰ ਮੁਲਾਕਾਤ ਵਿੱਚ ਹਰਿਆਣਾ ਦੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਬੁਨਿਆਦੀ ਢਾਂਚੇ ਦੇ ਵਿਸਤਾਰ 'ਤੇ ਬਹੁਤ ਸਾਰਥਕ ਚਰਚਾ ਹੋਈ ਹੈ।

ਕੇਂਦਰੀ ਮੰਤਰੀ ਸ੍ਰੀ ਨਿਤਿਨ ਗਡਕਰੀ ਨੇ ਹਰਿਆਣਾ ਵਿੱਚ ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਗੰਨੌਰ ਇੰਡੀਆ ਇੰਟਰਨੈਸ਼ਨਲ ਹਾਰਟੀਕਲਚਰ ਮਾਰਕੀਟ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਕੀਤਾ ਜਾਵੇ ਪੂਰਾ : ਖੇਤੀਬਾੜੀ ਮੰਤਰੀ

**ਚੰਡੀਗੜ੍ਹ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਇੰਡੀਆ ਇੰਟਰਨੈਸ਼ਨਲ ਹਾਰਟੀਕਲਚਰ ਮਾਰਕੀਟ (ਆਈ.ਆਈ.ਐਚ.ਐਮ.) ਗੰਨੌਰ ਪ੍ਰੋਜੈਕਟ ਰਾਜ ਵਿੱਚ ਬਾਗਬਾਨੀ ਖੇਤਰ ਨੂੰ ਨਵੀਂ ਦਿਸ਼ਾ ਦੇਣ ਵਾਲੀ ਇੱਕ ਅਭਿਲਾਸ਼ੀ ਪਹਿਲ ਹੈ, ਇਸ ਨਾਲ ਕਿਸਾਨਾਂ ਨੂੰ ਬਿਹਤਰ ਬਾਜ਼ਾਰ, ਆਧੁਨਿਕ ਸਹੂਲਤਾਂ ਅਤੇ ਗਲੋਬਲ ਪੱਧਰ 'ਤੇ ਆਪਣੇ ਉਤਪਾਦ ਵੇਚਣ ਦਾ ਮੌਕਾ ਮਿਲੇਗਾ।



ਸ੍ਰੀ ਰਾਣਾ ਅੱਜ ਚੰਡੀਗੜ੍ਹ ਵਿੱਚ ਹਰਿਆਣਾ ਨੈਸ਼ਨਲ ਬਾਗਬਾਨੀ ਮਾਰਕੀਟਿੰਗ ਕਾਰਪੋਰੇਸ਼ਨ ਲਿਮਟਿਡ, ਗੰਨੌਰ ਦੀ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਇਸ ਮੀਟਿੰਗ ਵਿੱਚ ਇੰਡੀਆ ਇੰਟਰਨੈਸ਼ਨਲ ਹਾਰਟੀਕਲਚਰ ਮਾਰਕੀਟ ਨਾਲ ਸਬੰਧਤ ਮੁੱਖ ਤੌਰ 'ਤੇ 6 ਪ੍ਰਮੁੱਖ ਏਜੰਡਿਆਂ 'ਤੇ ਡੂੰਘੀ ਵਿਚਾਰ-ਚਰਚਾ ਕੀਤੀ ਗਈ।

ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਪੂਰੇ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਪੂਰਾ ਕਰ ਲਿਆ ਜਾਵੇ। ਉਨ੍ਹਾਂ ਕਿਹਾ ਕਿ ਗੰਨੌਰ ਮੰਡੀ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਅਤੇ ਵਪਾਰੀਆਂ ਦੀ ਪਹਿਲੀ ਪਸੰਦ ਬਣੇਗੀ। ਇਸ ਨੂੰ ਕਿਸਾਨਾਂ ਅਤੇ ਵਪਾਰੀਆਂ ਲਈ ਇੱਕ ਅੱਤਆਧੁਨਿਕ ਅਤੇ ਵਿਸ਼ਵ ਪੱਧਰੀ ਬਾਜ਼ਾਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਸ ਅਭਿਲਾਸ਼ੀ ਪ੍ਰੋਜੈਕਟ ਦਾ ਮੁੱਖ ਉਦੇਸ਼ ਹਰਿਆਣਾ ਅਤੇ ਆਸ-ਪਾਸ ਦੇ ਰਾਜਾਂ ਦੇ ਕਿਸਾਨਾਂ ਨੂੰ ਉਨ੍ਹਾਂ ਦੀ ਫਲ, ਸਬਜ਼ੀ ਅਤੇ ਬਾਗਬਾਨੀ ਉਪਜ ਦਾ ਉਚਿਤ ਮੁੱਲ ਦਿਵਾਉਣਾ ਅਤੇ ਵਿਚੋਲਿਆਂ 'ਤੇ ਨਿਰਭਰਤਾ ਨੂੰ ਖਤਮ ਕਰਨਾ ਹੈ।

ਸ੍ਰੀ ਰਾਣਾ ਨੇ ਕਿਹਾ ਕਿ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਨਾਲ ਲੈਸ ਹੋਣ ਕਾਰਨ ਇੱਥੇ ਨਾ ਸਿਰਫ਼ ਆਧੁਨਿਕ ਕੋਲਡ ਸਟੋਰੇਜ, ਪ੍ਰੋਸੈਸਿੰਗ ਅਤੇ ਪੈਕਿੰਗ ਦਾ ਪ੍ਰਬੰਧ ਹੋਵੇਗਾ, ਸਗੋਂ ਇਲੈਕਟ੍ਰਾਨਿਕ ਟਰੇਡਿੰਗ ਅਤੇ ਸੁਲਭ ਲੌਜਿਸਟਿਕਸ ਜ਼ਰੀਏ ਦੇਸ਼-ਵਿਦੇਸ਼ ਦੇ ਵੱਡੇ ਵਪਾਰੀ ਸਿੱਧੇ ਕਿਸਾਨਾਂ ਨਾਲ ਜੁੜ ਸਕਣਗੇ। ਉਨ੍ਹਾਂ ਕਿਹਾ ਕਿ 67 ਫੀਸਦੀ ਨਿਰਮਾਣ ਕਾਰਜ ਪੂਰਾ ਹੋਣ ਅਤੇ ਇਸੇ ਮਹੀਨੇ ਬਿਜ਼ਨਸ ਪਲਾਨ ਅਲਾਟ ਹੋਣ ਦੇ ਨਾਲ ਹੀ ਇਹ ਮਾਰਕੀਟ ਜਲਦੀ ਹੀ ਇੱਕ ਗਲੋਬਲ ਟਰੇਡ ਹੱਬ ਵਜੋਂ ਉੱਭਰੇਗੀ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ ਅਤੇ ਵਪਾਰ ਨੂੰ ਇੱਕ ਨਵਾਂ ਆਯਾਮ ਮਿਲੇਗਾ।

ਖੇਤੀਬਾੜੀ ਮੰਤਰੀ ਨੇ ਬਾਕੀ ਬਚੇ ਕਾਰਜਾਂ ਨੂੰ ਵੀ ਜਲਦੀ ਤੋਂ ਜਲਦੀ ਪੂਰਾ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ, ਮੀਟਿੰਗ ਵਿੱਚ ਸ਼ੈਡ ਨੰਬਰ 14 ਅਤੇ ਫਾਲਸ ਸੀਲਿੰਗ ਨਾਲ ਜੁੜੇ ਮਹੱਤਵਪੂਰਨ ਏਜੰਡਿਆਂ ਨੂੰ ਵੀ ਪ੍ਰਵਾਨਗੀ ਪ੍ਰਦਾਨ ਕਰ ਦਿੱਤੀ ਗਈ।

ਖੇਤੀਬਾੜੀ ਮੰਤਰੀ ਨੂੰ ਜਾਣਕਾਰੀ ਦਿੱਤੀ ਗਈ ਕਿ ਪ੍ਰੋਜੈਕਟ ਨੂੰ ਸੁਚਾਰੂ ਅਤੇ ਵਪਾਰਕ ਤੌਰ 'ਤੇ ਸਫ਼ਲ ਬਣਾਉਣ ਲਈ ਬਿਜ਼ਨਸ ਪਲਾਨ ਤਿਆਰ ਕਰਨ ਲਈ ਟੈਂਡਰ ਮੰਗੇ ਜਾ ਚੁੱਕੇ ਹਨ, ਜਿਸ ਨੂੰ ਇਸੇ ਮਹੀਨੇ ਦੇ ਅੰਦਰ ਅਲਾਟ ਕਰ ਦਿੱਤਾ ਜਾਵੇਗਾ। ਇਸ ਮੀਟਿੰਗ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ, ਖੇਤੀਬਾੜੀ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਰਾਜਨਾਰਾਣ ਕੌਸ਼ਿਕ, ਨਿਗਮ ਦੇ ਪ੍ਰਬੰਧ ਨਿਰਦੇਸ਼ਕ ਸ੍ਰੀ ਅਨੀਸ਼ ਯਾਦਵ, ਮੁੱਖ ਪ੍ਰਸ਼ਾਸਕ ਸ੍ਰੀ ਧਰਮਿੰਦਰ ਸਿੰਘ, ਵਿੱਤ ਵਿਭਾਗ ਦੇ ਸਪੈਸ਼ਲ ਸਕੱਤਰ ਸ੍ਰੀ ਮਨੋਜ ਕੁਮਾਰ ਅਤੇ ਚੀਫ਼ ਇੰਜੀਨੀਅਰ ਸ੍ਰੀ ਮੋਹਿੰਦਰ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

## ਵਿੱਦਿਆ ਸੁਧਾਰਾਂ ਦੀ ਮੰਗ ਕਰਦੇ ਨੌਜਵਾਨਾਂ ਉੱਤੇ ਵਹਿਸ਼ੀ ਲਾਠੀਚਾਰਜ ਭਾਰਤੀ ਲੋਕਤੰਤਰ ਦਾ ਨਿਘਾਰ: ਕੇਂਦਰੀ ਸ੍ਰੀ ਗੁਰੂ ਸਿੰਘ ਸਭਾ

**ਨਵੀਂ ਦਿੱਲੀ, 23 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**

ਵਿੱਦਿਆ ਸੁਧਾਰਾਂ ਤੇ ਨੀਟ ਪਰੀਖਿਆ ਦੀ ਹੇਰਾ-ਫੇਰੀ ਵਿਰੁੱਧ ਦਿੱਲੀ ਦੀ ਪਾਰਲੀਮੈਂਟ ਸਟਰੀਟ ਉੱਤੇ ਰੋਸ ਮਾਰਚ ਕਰਦੇ ਨੌਜਵਾਨਾਂ ਲੜਕੇ-ਲੜਕੀਆਂ ਉੱਤੇ ਵਹਿਸ਼ੀ ਲਾਠੀਚਾਰਜ ਕਰਨਾ ਭਾਰਤੀ ਲੋਕਤੰਤਰ ਦੇ ਵੱਡੇ ਨਿਘਾਰ ਦਾ ਸੰਕੇਤ ਹੈ। ਇਸ ਤੋਂ ਉੱਪਰ ਹਾਕਮ ਪਾਰਟੀ ਭਾਜਪਾ ਦੇ ਪ੍ਰਧਾਨ ਮੰਤਰੀ ਵੱਲੋਂ ਇਸ ਦੁਖਾਂਤਕ ਵਰਤਾਰੇ ਬਾਰੇ ਚੁੱਪ ਰਹਿਣਾ ਵੀ ਤਾਨਾਸ਼ਾਹੀ ਦਾ ਪ੍ਰਗਟਾਵਾ ਹੈ।

ਤਕਰੀਬਨ 200 ਲੜਕੇ ਲੜਕੀਆਂ ਪੁਲਿਸ ਲਾਠੀਚਾਰਜ ਵਿੱਚ ਜ਼ਖ਼ਮੀ ਹੋਏ ਹਨ ਅਤੇ ਸਥਾਨਕ ਹਸਪਤਾਲਾਂ ਵਿੱਚ ਜੇਰੇ ਇਲਾਜ ਹਨ। ਸ੍ਰੀ ਗੁਰੂ ਸਿੰਘ ਸਭਾ ਨਾਲ ਜੁੜੇ ਚਿੰਤਕਾਂ ਨੇ ਕਿਹਾ ਕਿ ਪਾਰਲੀਮੈਂਟ ਦੇ ਸੈਸ਼ਨ ਸਮੇਂ ਪੁਲਿਸ ਵੱਲੋਂ ਮੁਜ਼ਾਹਰਾਕਾਰੀਆਂ ਨੂੰ ਖਿੰਡਾਉਣ ਲਈ ਲਾਠੀਚਾਰਜ ਕਰਨਾ ਅਤੇ ਉਨ੍ਹਾਂ ਦੇ ਮਾਰਚ ਨੂੰ ਸੰਸਦ ਵੱਲ ਜਾਣ ਤੋਂ ਰੋਕਣਾ ਆਮ ਲੋਕਾਂ ਦੇ ਲੋਕਤੰਤਰੀ ਅਧਿਕਾਰਾਂ ਦਾ ਉਲੰਘਣ ਹੈ। ਭਾਜਪਾ ਸਰਕਾਰ ਵੱਲੋਂ ਪਾਰਲੀਮੈਂਟ ਵਿੱਚ ਲਾਠੀਚਾਰਜ ਉੱਤੇ ਬਹਿਸ ਰੋਕਣਾ ਅਤੇ ਕਾਂਗਰਸ ਸਮੇਤ ਵਿਰੋਧੀ ਪਾਰਟੀਆਂ ਵੱਲੋਂ ਪ੍ਰਧਾਨ ਮੰਤਰੀ ਤੋਂ ਮਾਫ਼ੀ ਮੰਗਾਉਣ ਦੀ ਮੰਗ ਦੀ ਖਿੱਲੀ ਉਡਾਉਣ ਦੀ ਅਸੀਂ ਭਰਪੂਰ ਨਿਖੇਧੀ ਕਰਦੇ ਹਾਂ। ਦਿੱਲੀ ਦੇ ਗੁਰਦੁਆਰਿਆਂ ਵੱਲੋਂ ਜ਼ਖ਼ਮੀ ਨੌਜਵਾਨਾਂ ਨੂੰ ਸਾਂਭਣਾ, ਵਿੱਤੀ ਮਦਦ ਕਰਨੀ ਅਤੇ ਪੁਲਿਸ ਦੇ ਲਾਠੀਚਾਰਜ ਤੋਂ ਡਰੇ ਵਿਅਕਤੀਆਂ ਨੂੰ ਗੁਰੂ ਘਰਾਂ ਵਿੱਚ ਸਹਾਰਾ ਦੇਣਾ ਸਿੱਖੀ ਅਨੁਸਾਰ ਬਹੁਤ ਹੀ ਸ਼ਲਾਘਾਯੋਗ ਕਦਮ ਹੈ।

## ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ

**ਸਨੌਰ, 23 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਜਿਸ ਦੇ ਵਿੱਚ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਸਨੌਰ ਪ੍ਰਧਾਨ ਨੰਦ ਲਾਲ ਦੀ ਅਗਵਾਈ ਵਿੱਚ ਪਟਿਆਲਾ ਰੋਡ ਸਨੌਰ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਅਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਪ੍ਰਧਾਨ ਨੰਦ ਲਾਲ ਟਾਂਕ ਨੇ ਬਰਨਾਲੇ ਵਿੱਚ ਹੋਏ ਸਫਾਈ ਸੇਵਕਾਂ ਦੇ ਉੱਤੇ ਲਾਠੀ ਚਾਰਜ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕਰਦੇ ਹੋਏ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਡੀਐਸਪੀ ਸਤਬੀਰ ਸਿੰਘ ਬੈਂਸ ਨੂੰ ਸਸਪੈਂਡ ਕੀਤਾ ਜਾਵੇ ਅਤੇ ਨਾਲ ਹੀ ਜਿਹੜੇ ਪੁਲਿਸ ਕਰਮਚਾਰੀ ਨੇ ਨਾਲ ਲਾਠੀ ਚਾਰਜ ਕੀਤੀ ਆ ਉਹਨਾਂ ਨੂੰ ਵੀ ਸਸਪੈਂਡ ਕੀਤਾ ਜਾਵੇ। ਜੇਕਰ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਹੀਂ ਦਿੰਦੀ ਤਾਂ ਇਸ ਦਾ ਨਤੀਜਾ ਸਰਕਾਰ ਨੂੰ ਭੁਗਤਣਾ ਪਵੇਗਾ ਅਤੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

ਇਸ ਮੌਕੇ ਤੇ ਮੀਤ ਪ੍ਰਧਾਨ ਵਰਨ ਕੁਮਾਰ ਕੈਸ਼ੀਅਰ ਦੀਪਕ ਕੁਮਾਰ ਸੈਕਟਰੀ ਰੋਕੀ ਅਟਵਾਲ ਵੀਰਪਾਲ ਪੰਜੋਲਾ ਸੁੰਦਰ ਸੋਨੀ ਵਿੱਕੀ ਵਿਸ਼ਾਲ ਕੁਮਾਰ ਨਰਿੰਦਰ ਸਿੰਘ ਹਸਨਪੁਰ ਜਗਜੀਤ ਸਿੰਘ ਰਾਏਪੁਰ ਗੁਰਜੀਤ ਸਿੰਘ ਸੰਕਰ ਪੁਰ ਅਮੀਰ ਚੰਦ ਕਾਠਗੜ੍ਹ ਗੋਲਡੀ ਮਸਿੰਘਣ ਗੁਰਪ੍ਰੀਤ ਸਿੰਘ ਨੈਨ ਕਲਾਂ ਸਵਰਨ ਸਿੰਘ ਬੋਸਰ ਕਲਾਂ ਸ਼ਮਸ਼ਾਦ ਖਾਨ ਚੋਰਾ ਅਤੇ ਸਾਰੇ ਹੀ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਦੇ ਮੈਂਬਰ ਹਾਜ਼ਰ ਸਨ।





